**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖ਼ਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ▪ ਅੰਕ 120 ▪ 29 ਜੁਲਾਈ 2026 ▪ ਬੁੱਧਵਾਰ ▪ ਸਫ਼ੇ 6 ▪ ਮੁੱਲ 2 ਰੁਪਏ ▪ ਸ੍ਰੀ ਮੁਕਤਸਰ ਸਾਹਿਬ

**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖ਼ਬਾਰ ਨੂੰ ਵੱਖ ਵੱਖ ਜ਼ਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ। ਮੋ. 78890-72071

## ਕੋਟਭਾਈ ਦੇ ਇਤਿਹਾਸਕ ਗੁਰਦੁਆਰਾ ਸਾਹਿਬ 'ਚ ਗੁਟਕਾ ਸਾਹਿਬ ਦੀ ਬੇਅਦਬੀ, ਨਾਬਾਲਗ ਖਿਲਾਫ ਮਾਮਲਾ ਦਰਜ





**ਗਿੱਦੜਬਾਹਾ, 28 ਜੁਲਾਈ (ਕੁਲਭੂਸ਼ਨ ਗਰਗ)** ਹਲਕਾ ਗਿੱਦੜਬਾਹਾ ਦੇ ਪਿੰਡ ਕੋਟਭਾਈ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਵਿਖੇ ਇੱਕ ਨਾਬਾਲਿਗ ਵੱਲੋਂ ਗੁਰਦੁਆਰਾ ਸਾਹਿਬ ਵਿੱਚੋਂ ਗੁਟਕਾ ਸਾਹਿਬ ਚੋਰੀ ਕਰਕੇ ਉਸ ਦੀ ਬੇਅਦਬੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਦੂਜੇ ਪਾਸੇ ਥਾਣਾ ਕੋਟਭਾਈ ਪੁਲਿਸ ਨੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਤਰਸੇਮ ਸਿੰਘ ਵਾਸੀ ਪਿੰਡ ਕੋਟਭਾਈ ਦੇ ਬਿਆਨਾ ਤੇ ਇਕ ਨਾਬਾਲਿਗ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨ ਵਿਚ ਤਰਸੇਮ ਸਿੰਘ ਨੇ ਦੱਸਿਆ ਕਿ ਉਹ ਬੀਤੇ 30 ਸਾਲਾਂ ਤੋਂ ਉਕਤ ਗੁਰਦੁਆਰਾ ਸਾਹਿਬ ਵਿਖੇ ਬਤੌਰ ਹੈੱਡ ਗ੍ਰੰਥੀ ਵਜੋਂ ਸੇਵਾ ਨਿਭਾ ਰਿਹਾ ਹੈ। ਬੀਤੀ 27 ਜੁਲਾਈ ਨੂੰ ਉਹ ਨਿਤਨੇਮ ਕਰਕੇ ਨਿਤਨੇਮ ਸਾਹਿਬ ਦਾ ਗੁਟਕਾ ਸਾਹਿਬ ਨੂੰ ਰੁਮਾਲਾ ਸਾਹਿਬ ਵਿਚ ਸੰਤੋਖ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੀੜ੍ਹਾ ਸਾਹਿਬ ਦੇ ਪਾਸ ਰੱਖ ਦਿੱਤਾ। ਉਹ ਸਮੇਤ ਚਰਨਜੀਤ ਸਿੰਘ ਨਾਲ ਹਰ ਰੋਜ ਦੀ ਤਰ੍ਹਾਂ ਸ੍ਰੀ ਰਹਿਰਾਸ ਸਾਹਿਬ ਦਾ ਪਾਠ ਕਰਨ ਲਈ ਸ੍ਰੀ ਦਰਬਾਰ ਸਾਹਿਬ ਵਿਚ ਚਲਾ ਗਿਆ ਜਦੋਂ ਉਸਨੇ ਨਿਤਨੇਮ ਸਾਹਿਬ ਦਾ ਗੁਟਕਾ ਸਾਹਿਬ ਦੇਖਿਆ ਤਾਂ ਗੁਟਕਾ ਸਾਹਿਬ ਪੀੜ੍ਹਾ ਸਾਹਿਬ ਦੇ ਪਾਸ ਨਹੀਂ ਸੀ, ਜਿਸ ਬਾਰੇ ਉਸਨੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਆਏ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਧਾਨ ਬੇਅੰਤ ਸਿੰਘ ਨੂੰ ਦੱਸਿਆ ਜਿਸ ਤੇ ਗੁਰਦੁਆਰਾ ਸਾਹਿਬ ਵਿਚ ਲੱਗੇ ਸੀਸੀਟੀਵੀ ਕੈਮਰੇ ਚੈਕ ਕੀਤੇ ਗਏ ਤਾਂ ਪਤਾ ਲੱਗਾ ਕਿ 27 ਜੁਲਾਈ ਦੀ ਸ਼ਾਮ ਨੂੰ ਕੋਈ ਨਾਮਾਲੂਮ ਨੌਜਵਾਨ ਗੁਰਦੁਆਰਾ ਸਾਹਿਬ ਦੇ ਦਰਬਾਰ ਸਾਹਿਬ ਅੰਦਰ ਆਇਆ ਅਤੇ ਉਸਨੇ ਪਹਿਲਾਂ ਗੋਲਕ ਦੇ ਉਪਰ ਪਏ ਪੈਸੇ ਚੁੱਕ ਲਏ ਅਤੇ ਬਾਅਦ ਵਿਚ ਪੀੜ੍ਹਾ ਸਾਹਿਬ ਦੇ ਨਾਲ ਪਏ ਨਿਤਨੇਮ ਸਾਹਿਬ ਦਾ ਗੁਟਕਾ ਸਾਹਿਬ ਨੂੰ ਰੁਮਾਲ ਵਿਚੋਂ ਬਾਹਰ ਕੱਢ ਕੇ ਆਪਣੀ ਜੇਬ ਵਿਚ ਪਾ ਕੇ ਆਪਣੇ ਨਾਲ ਲੈ ਗਿਆ। ਜਦੋਂ ਉਹ ਉਕਤ ਨੌਜਵਾਨ ਦੀ ਪਹਿਚਾਣ ਕਰਕੇ ਉਸਦੇ ਘਰ ਪੁੱਜੇ ਤਾਂ ਉਕਤ ਨੌਜਵਾਨ ਨੇ ਗੁਟਕਾ ਸਾਹਿਬ ਨੂੰ ਆਪਣੇ ਘਰ ਦੇ ਬਾਹਰਲੇ ਪਾਸੇ ਆਪਣੀ ਕੰਧ ਪਾਸ ਮਿੱਟੀ ਵਿਚ ਨੱਪਿਆ ਹੋਇਆ ਉਕਤ ਗੁਟਕਾ ਸਾਹਿਬ ਗੁਰਦੁਆਰਾ ਸਾਹਿਬ ਦੀ ਕਮੇਟੀ ਮੈਂਬਰਾਂ ਦੇ ਹਵਾਲੇ ਕਰ ਦਿੱਤਾ। ਇਸ ਤੋਂ ਇਲਾਵਾ ਉਕਤ ਨੌਜਵਾਨ ਨੇ ਉਕਤ ਚੋਰੀ ਕੀਤੇ ਗੁਟਕਾ ਸਾਹਿਬ ਦੀ ਜਿਲਦ ਪਾੜ ਕੇ ਰੂੜੀ ਉਪਰ ਸੁੱਟ ਕੇ ਅਤੇ ਸ੍ਰੀ ਗੁਟਕਾ ਸਾਹਿਬ ਨੂੰ ਮਿੱਟੀ ਵਿਚ ਨੱਕ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਦੀ ਬੇਅਦਬੀ ਕਰਕੇ ਸਿੱਖ ਧਰਮ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਸ਼ੱਕ ਜਾਹਿਰ ਕੀਤਾ ਕਿ ਉਕਤ ਕੰਮ ਵਿਚ ਨੌਜਵਾਨ ਦੇ ਪਰਿਵਾਰ ਦਾ ਕੋਈ ਮੈਂਬਰ ਜਾਂ ਕੋਈ ਹੋਰ ਵਿਅਕਤੀ ਵੀ ਸ਼ਾਮਿਲ ਹੋ ਸਕਦਾ ਹੈ। ਉਕਤ ਪੂਰੇ ਮਾਮਲੇ ਜਾਣਕਾਰੀ ਦਿੰਦੇ ਹੋਏ ਡੀਐਸਪੀ ਜਤਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਹੈਡ ਗ੍ਰੰਥੀ ਤਰਸੇਮ ਸਿੰਘ ਦੇ ਬਿਆਨਾਂ ਤੇ ਨਾਬਾਲਿਗ ਦੇ ਖਿਲਾਫ ਵੱਖ ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਉਧਰ ਦੂਜੇ ਪਾਸੇ ਗ੍ਰਾਮ ਪੰਚਾਇਤ ਪਿੰਡ ਕੋਟਭਾਈ ਨੇ ਉਕਤ ਬੇਅਦਬੀ ਕਰਨ ਦੇ ਮਾਮਲੇ ਵਿਚ ਕਥਿਤ ਦੋਸ਼ੀ ਦੇ ਪਰਿਵਾਰ ਨੂੰ ਪਿੰਡ ਵਿਚੋਂ ਪੱਕੇ ਤੌਰ ਤੇ ਉਠਾਉਣ ਦਾ ਮਤਾ ਪਾਸ ਕੀਤਾ ਹੈ।

## ਮਲੋਟ ਵਿੱਚ ਸਫਾਈ ਸੇਵਕਾਂ ਨੇ ਮਾਨ ਸਰਕਾਰ ਦੀ ਅਰਥੀ ਫੂਕੀ, 21ਵੇਂ ਦਿਨ ਵੀ ਹੜਤਾਲ ਜਾਰੀ; 30 ਜੁਲਾਈ ਨੂੰ ਪੰਜਾਬ ਬੰਦ ਦਾ ਐਲਾਨ



**ਮਲੋਟ, 28 ਜੁਲਾਈ (ਹਰਦੀਪ ਸਿੰਘ ਖਾਲਸਾ):** ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਫਾਈ ਸੇਵਕ ਯੂਨੀਅਨ ਵੱਲੋਂ ਚਲਾਈ ਜਾ ਰਹੀ ਹੜਤਾਲ ਮੰਗਲਵਾਰ ਨੂੰ 21ਵੇਂ ਦਿਨ ਵੀ ਜਾਰੀ ਰਹੀ। ਇਸ ਦੌਰਾਨ ਯੂਨੀਅਨ ਆਗੂਆਂ ਅਤੇ ਸਫਾਈ ਸੇਵਕਾਂ ਨੇ ਸ਼ਹਿਰ ਦੇ ਬਾਜ਼ਾਰਾਂ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਰੋਸ ਮਾਰਚ ਕੱਢਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਰਥੀ ਚੁੱਕ ਕੇ ਪ੍ਰਦਰਸ਼ਨ ਕੀਤਾ। ਬਾਅਦ ਵਿੱਚ ਤਹਿਸੀਲ ਚੌਂਕ ਵਿੱਚ ਭਗਵੰਤ ਮਾਨ ਦੀ ਅਰਥੀ ਸਾੜ ਕੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਇਸ ਰੋਸ ਪ੍ਰਦਰਸ਼ਨ ਨੂੰ ਪੰਜਾਬ ਕਾਂਗਰਸ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ, ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਲੱਖਜੀਤ ਸਿੰਘ ਲੱਖਾ ਸ਼ੇਖੂ ਅਤੇ ਹੋਰ ਕਾਂਗਰਸੀ ਆਗੂਆਂ ਨੇ ਵੀ ਆਪਣਾ ਸਮਰਥਨ ਦਿੱਤਾ। ਉਨ੍ਹਾਂ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਜਾਇਜ਼ ਦੱਸਦਿਆਂ ਸਰਕਾਰ ਨੂੰ ਜਲਦ ਹੱਲ ਕੱਢਣ ਦੀ ਅਪੀਲ ਕੀਤੀ।

ਯੂਨੀਅਨ ਆਗੂਆਂ ਨੇ ਕਿਹਾ ਕਿ ਉਨ੍ਹਾਂ ਦਾ ਧਰਨਾ ਅਤੇ ਹੜਤਾਲ ਲਗਾਤਾਰ 21ਵੇਂ ਦਿਨ ਵਿੱਚ ਦਾਖ਼ਲ ਹੋ ਚੁੱਕੀ ਹੈ, ਪਰ ਸਰਕਾਰ ਵੱਲੋਂ ਅਜੇ ਤੱਕ ਨਾ ਤਾਂ ਉਨ੍ਹਾਂ ਦੀ ਕੋਈ ਸੁਣਵਾਈ ਕੀਤੀ ਗਈ ਹੈ ਅਤੇ ਨਾ ਹੀ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਮੰਨਿਆ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਬਰਨਾਲਾ ਵਿਖੇ ਸਫਾਈ ਸੇਵਕਾਂ ਉੱਪਰ ਹੋਏ ਲਾਠੀਚਾਰਜ ਦੇ ਮਾਮਲੇ ਵਿੱਚ ਸਬੰਧਤ ਡੀਐਸਪੀ ਨੂੰ ਸਿਰਫ਼ ਮੁਅੱਤਲ ਕਰਨਾ ਕਾਫ਼ੀ ਨਹੀਂ, ਸਗੋਂ ਉਸ ਨੂੰ ਨੌਕਰੀ ਤੋਂ ਬਰਖ਼ਾਸਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਇਨਸਾਫ਼ ਮਿਲਣ ਅਤੇ ਹੱਕੀ ਮੰਗਾਂ ਲਾਗੂ ਹੋਣ ਤੱਕ ਸੰਘਰਸ਼ ਜਾਰੀ ਰਹੇਗਾ।

ਯੂਨੀਅਨ ਆਗੂਆਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਜਥੇਬੰਦੀ ਵੱਲੋਂ ਸਰਕਾਰ ਨਾਲ ਕਿਸੇ ਵੀ ਤਰ੍ਹਾਂ ਦੀ ਸਹਿਮਤੀ ਨਹੀਂ ਬਣੀ। ਉਨ੍ਹਾਂ ਕਿਹਾ ਕਿ ਕੁਝ ਆਗੂਆਂ ਵੱਲੋਂ ਕੀਤੇ ਜਾ ਰਹੇ ਸਮਝੌਤੇ ਜਾਂ ਸਹਿਮਤੀ ਦੇ ਦਾਅਵਿਆਂ ਨਾਲ ਉਨ੍ਹਾਂ ਦੀ ਜਥੇਬੰਦੀ ਦਾ ਕੋਈ ਲੈਣਾ-ਦੇਣਾ ਨਹੀਂ ਹੈ। ਉਹ ਸਿਰਫ਼ ਆਪਣੀ ਯੂਨੀਅਨ ਦੇ ਸੂਬਾ ਪ੍ਰਧਾਨ ਅਤੇ ਜਥੇਬੰਦੀ ਦੇ ਫ਼ੈਸਲਿਆਂ ਅਨੁਸਾਰ ਹੀ ਅੱਗੇ ਵਧਣਗੇ।

ਆਗੂਆਂ ਨੇ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਮੰਨ ਕੇ ਲਾਗੂ ਨਹੀਂ ਕਰਦੀ, ਉਦੋਂ ਤੱਕ ਧਰਨਾ ਅਤੇ ਹੜਤਾਲ ਨਿਰੰਤਰ ਜਾਰੀ ਰਹੇਗੀ। ਇਸ ਮੌਕੇ ਉਨ੍ਹਾਂ ਨੇ 30 ਜੁਲਾਈ ਨੂੰ ਮਲੋਟ ਸ਼ਹਿਰ ਸਮੇਤ ਸਮੁੱਚੇ ਪੰਜਾਬ ਬੰਦ ਦਾ ਐਲਾਨ ਕਰਦਿਆਂ ਸਮੂਹ ਲੋਕਾਂ, ਸਮਾਜਿਕ ਸੰਸਥਾਵਾਂ ਅਤੇ ਮੁਲਾਜ਼ਮ ਜਥੇਬੰਦੀਆਂ ਨੂੰ ਸੰਘਰਸ਼ ਵਿੱਚ ਸਾਥ ਦੇਣ ਦੀ ਅਪੀਲ ਕੀਤੀ।

## 'ਫਾਰਮੇਸੀ ਅਫਸਰ ਪੇਪਰ ਲੀਕ ਮਾਮਲਾ', ਕਾਂਗਰਸ ਵੱਲੋਂ ਬਾਬਾ ਫਰੀਦ ਯੂਨੀਵਰਸਿਟੀ ਮੂਹਰੇ ਰੋਸ ਧਰਨਾ ਅੱਜ

**ਫਰੀਦਕੋਟ, 28 ਜੁਲਾਈ (ਟਿੰਕੂ ਕੁਮਾਰ)** ਫਰੀਦਕੋਟ ਵਿੱਚ 9 ਦਿਨ ਪਹਿਲਾਂ ਹੋਏ ਫਾਰਮੇਸੀ ਅਫਸਰ ਦੇ ਪੇਪਰ ਲੀਕ ਦਾ ਮਾਮਲਾ ਕਾਫੀ ਗੰਭੀਰ ਹੁੰਦਾ ਜਾ ਰਿਹਾ ਹੈ। ਜਿਸ ਨੂੰ ਲੈ ਕੇ 29 ਜੁਲਾਈ ਦਿਨ ਬੁੱਧਵਾਰ ਨੂੰ ਸਥਾਨਕ ਬਾਬਾ ਫਰੀਦ ਯੂਨੀਵਰਸਿਟੀ ਅੱਗੇ ਕਾਂਗਰਸ ਪਾਰਟੀ ਵੱਲੋਂ ਇੱਕ ਵੱਡਾ ਧਰਨਾ ਦਿੱਤਾ ਜਾ ਰਿਹਾ ਹੈ। ਇਸ ਧਰਨੇ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਸੀਨੀਅਰ ਕਾਂਗਰਸੀ ਨੇਤਾ ਸੁਖਜਿੰਦਰ ਸਿੰਘ ਰੰਧਾਵਾ ਸਮੇਤ ਕਈ ਹੋਰ ਵੱਡੇ ਆਗੂ ਪਹੁੰਚ ਰਹੇ ਹਨ। ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਕਿੱਕੀ ਢਿੱਲੋਂ ਨੇ ਕਿਹਾ ਕਿ ਭਾਵੇਂ ਸਰਕਾਰ, ਪੁਲਿਸ ਅਤੇ ਯੂਨੀਵਰਸਿਟੀ ਇਸ ਪੇਪਰ ਦੇ ਲੀਕ ਹੋਣ ਤੋਂ ਇਨਕਾਰ ਕਰ ਰਹੀ ਹੈ ਪਰ ਕਾਂਗਰਸ ਪਾਰਟੀ ਸਰਕਾਰ ਦੇ ਨਾਸੀਂ ਧੂੰਆਂ ਲਿਆ ਦੇਵੇਗੀ। ਕਾਂਗਰਸੀ ਆਗੂਆਂ ਨੇ ਮੰਗ ਕੀਤੀ ਹੈ ਕਿ ਲੀਕ ਹੋਏ ਫਾਰਮੇਸੀ ਅਫਸਰ ਦੇ ਪੇਪਰ ਨੂੰ ਤੁਰਤ ਰੱਦ ਕਰਕੇ ਦੁਬਾਰਾ ਲਿਆ ਜਾਵੇ ਅਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੋਵਾਂ ਦਾ ਅਸਤੀਫਾ ਲਿਆ ਜਾਵੇ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਸਰਕਾਰ ਦੀ ਹਿੱਕ ਤੋੜਨ ਲਈ 29 ਜੁਲਾਈ ਦਾ ਇਹ ਧਰਨਾ ਸਿਰਫ ਇੱਕ ਸ਼ੁਰੂਆਤ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

## ਸਰਕਾਰੀ ਪੱਖ ਵਿੱਚ ਖੜਨ ਵਾਲੇ ਵਕੀਲਾਂ ਦੇ ਲਾਇਸੈਂਸ ਮੁਅੱਤਲ ਕਰਨ ਦਾ ਮਤਾ ਪਾਸ

### ਬਾਰ ਦੇ 120 ਮੈਂਬਰਾਂ ਨੇ ਭੁੱਖ ਹੜਤਾਲ ਰੱਖ ਕੇ ਦਰਜ ਕਰਵਾਇਆ ਰੋਸ



**ਫਰੀਦਕੋਟ, 28 ਜੁਲਾਈ (ਟਿੰਕੂ ਕੁਮਾਰ)** ਲੀਗਲ ਏਡ ਡਿਫੈਂਸ ਕੌਂਸਲ ਸਕੀਮ ਦੇ ਮੈਂਬਰ ਬਣਨ ਵਾਲੇ ਕਰੀਬ 200 ਵਕੀਲਾਂ ਦੇ ਪੰਜਾਬ ਤੇ ਹਰਿਆਣਾ ਬਾਰ ਕੌਂਸਲ ਨੇ ਲਾਇਸੈਂਸ ਮੁਅੱਤਲ ਕਰਨ ਦਾ ਮਤਾ ਪਾਸ ਕਰ ਦਿੱਤਾ ਹੈ। ਜਿਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਗੁਰਜੁਗਪਾਲ ਸਿੰਘ ਬਰਾੜ, ਵਿਪਨ ਤਾਇਲ, ਸਿਮਰ ਵਿਜੇ ਸਿੰਘ, ਸਰਨਾਮ ਸਿੰਘ ਸੰਧੂ, ਨਵਜੋਤ ਸਿੰਘ ਵਹੈਣੀਵਾਲ ਅਤੇ ਅਵੀਨਾਸ਼ ਕੌਰ ਨੇ ਦੱਸਿਆ ਕਿ ਪਿਛਲੇ ਇੱਕ ਮਹੀਨੇ ਤੋਂ ਪੰਜਾਬ ਭਰ ਦੀਆਂ ਜ਼ਿਲ੍ਹਾ ਬਾਰ ਐਸੋਸੀਏਸ਼ਨਾਂ ਕੇਂਦਰ ਸਰਕਾਰ ਵੱਲੋਂ ਕਾਨੂੰਨਾਂ ਵਿੱਚ ਸੋਧ ਕਰਕੇ ਲਿਆਂਦੀ ਗਈ ਲੀਗਲ ਏਡ ਡਿਫੈਂਸ ਕੌਂਸਲ ਸਕੀਮ ਨੂੰ ਰੱਦ ਕਰਵਾਉਣ ਲਈ ਹੜਤਾਲ 'ਤੇ ਹਨ। ਉਹਨਾਂ ਦੱਸਿਆ ਕਿ ਜਿਲਾ ਬਾਰ ਐਸੋਸੀਏਸ਼ਨ ਫਰੀਦਕੋਟ ਨੇ ਅੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਕਾਰਜਕਾਰੀ ਚੀਫ ਜਸਟਿਸ ਖਿਲਾਫ ਨਾਅਰੇਬਾਜ਼ੀ ਕੀਤੀ ਅਤੇ ਸੈਸ਼ਨ ਜੱਜ ਫਰੀਦਕੋਟ ਨੂੰ ਲਿਖਤੀ ਮੰਗ ਪੱਤਰ ਦੇ ਕੇ ਅਪੀਲ ਕੀਤੀ ਕਿ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਕਾਰਜਕਾਰੀ ਮੁੱਖ ਜੱਜ ਵੱਲੋਂ ਵਕੀਲਾਂ ਖਿਲਾਫ ਕੀਤੀ ਗਈ ਇਤਰਾਜਯੋਗ ਟਿੱਪਣੀ ਤੁਰੰਤ ਵਾਪਸ ਲਈ ਜਾਵੇ ਨਹੀਂ ਤਾਂ ਜਿਲੇ ਭਰ ਦੀਆਂ ਬਾਰ ਐਸੋਸੀਏਸ਼ਨ ਹਾਈਕੋਰਟ ਅੱਗੇ ਅਣਮਿੱਥੇ ਸਮੇਂ ਲਈ ਧਰਨੇ 'ਤੇ ਬੈਠ ਜਾਣਗੀਆਂ। ਪੰਜਾਬ ਦੇ ਵਕੀਲਾਂ ਦੀ ਹੜਤਾਲ ਦਾ ਸਮਰਥਨ ਕਰਦਿਆਂ ਅੱਜ ਪੰਜਾਬ ਤੇ ਹਰਿਆਣਾ ਹਾਈਕੋਰਟ ਬਾਰ ਕੌਂਸਲ ਨੇ 30 ਜੁਲਾਈ ਤੱਕ ਹਾਈਕੋਰਟ ਵਿੱਚ ਵੀ ਹੜਤਾਲ ਕਰਨ ਦਾ ਐਲਾਨ ਕਰ ਦਿੱਤਾ ਹੈ। ਇਸੇ ਦਰਮਿਆਨ ਸਪੀਕਰ ਕੁਲਤਾਰ ਸਿੰਘ ਸੰਧਵਾਂ, ਐਮ.ਪੀ. ਭਾਈ ਸਰਬਜੀਤ ਸਿੰਘ ਖਾਲਸਾ ਨੇ ਭਾਰਤ ਸਰਕਾਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਕਿ ਐਲ.ਏ.ਡੀ.ਸੀ. ਸਕੀਮ ਨੂੰ ਵਾਪਸ ਲਿਆ ਜਾਵੇ, ਕਿਉਂਕਿ ਇਹ ਲੋਕ ਵਿਰੋਧੀ ਹੈ ਅਤੇ ਇਸ ਨਾਲ ਅਦਾਲਤ ਵਿੱਚ ਇਨਸਾਫ ਪ੍ਰਕਿਰਿਆ ਬੁਰੀ ਤਰਾਂ ਪ੍ਰਭਾਵਿਤ ਹੋਵੇਗੀ। ਫਰੀਦਕੋਟ ਬਾਰ ਐਸੋਸੀਏਸ਼ਨ ਦੇ ਅੱਜ 120 ਮੈਂਬਰਾਂ ਨੇ ਭੁੱਖ ਹੜਤਾਲ ਰੱਖ ਕੇ ਐਲ.ਏ.ਡੀ.ਸੀ ਸਕੀਮ ਦਾ ਵਿਰੋਧ ਦਰਜ ਕਰਵਾਇਆ।

## ਫਰੀਦਕੋਟ ਪੁਲਿਸ ਨੇ ਤੜਕਸਾਰ ਜਿਲ੍ਹੇ ਅੰਦਰ ਵੱਡੇ ਪੱਧਰ 'ਤੇ ਚਲਾਇਆ 'ਸਰਚ ਆਪ੍ਰੇਸ਼ਨ'

### ਵੱਖ-ਵੱਖ ਟੀਮਾਂ ਵੱਲੋ ਨਸ਼ਾ ਤਸਕਰਾਂ ਦੇ ਸ਼ੱਕੀ ਟਿਕਾਣਿਆ ਦੀ ਸਰਚ

**ਕੋਟਕਪੂਰਾ, 28 ਜੁਲਾਈ (ਟਿੰਕੂ ਕੁਮਾਰ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦੇ ਨਾਮ ਪਰ ਇੱਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਤਹਿਤ ਪੂਰੇ ਪੰਜਾਬ ਭਰ ਵਿਚ ਨਸ਼ਾ ਤਸਕਰਾਂ ਅਤੇ ਨਸ਼ਾ ਵਿਕਣ ਵਾਲੇ ਸਥਾਨਾਂ ਦੀ ਸ਼ਨਾਖਤ ਕੀਤੀ ਜਾ ਰਹੀ ਹੈ। ਇਸੇ ਤਹਿਤ ਗੁਰਬੰਸ ਸਿੰਘ ਬੈਂਸ, ਐਸ.ਐਸ.ਪੀ ਫਰੀਦਕੋਟ ਜੀ ਦੀ ਅਗਵਾਈ ਵਿੱਚ ਫਰੀਦਕੋਟ ਪੁਲਿਸ ਵੱਲੋਂ ਮੰਗਲਵਾਰ ਦੀ ਸੁਭਾ 06 ਵਜੇ ਤੋ ਸ਼ਹਿਰ ਅੰਦਰ ਵੱਡੇ ਪੱਧਰ ਤੇ 'ਕਾਰਡਨ ਐਂਡ ਸਰਚ ਓਪਰੇਸ਼ਨ' (ਕਾਸੋ) ਚਲਾਇਆ ਗਿਆ। ਇਹ ਸਰਚ ਆਪਰੇਸ਼ਨ ਤਰਲੋਚਨ ਸਿੰਘ ਡੀ.ਐਸ.ਪੀ (ਸਬ-ਡਵੀਜਨ) ਫਰੀਦਕੋਟ ਅਤੇ ਸੰਜੀਵ ਕੁਮਾਰ ਡੀ.ਐਸ.ਪੀ (ਸਬ-ਡਵੀਜਨ) ਕੋਟਕਪੂਰਾ ਅਤੇ ਇਕਬਾਲ ਸਿੰਘ ਡੀ.ਐਸ.ਪੀ (ਸਬ-ਡਵੀਜਨ) ਜੈਤੋ ਦੀ ਨਿਗਰਾਨੀ ਹੇਠ ਚਲਾਇਆ ਗਿਆ। ਜਿਸ ਦੌਰਾਨ ਮੁੱਖ ਅਫਸਰ ਥਾਣਾ ਦੀ ਅਗਵਾਈ ਹੇਠ ਪੁਲਿਸ ਕਰਮਚਾਰੀਆਂ ਦੀਆਂ ਵਿਸ਼ੇਸ਼ ਟੀਮਾਂ ਗਠਿਤ ਕਰਕੇ ਵੱਖ-ਵੱਖ ਨਸ਼ਾ ਤਸਕਰਾਂ ਦੇ ਸ਼ੱਕੀ ਟਿਕਾਣਿਆਂ 'ਤੇ ਚੈਕਿੰਗ ਕੀਤੀ ਗਈ। ਇਸ ਦੌਰਾਨ ਜਿਨਾਂ ਵਿਅਕਤੀਆਂ ਤੇ ਪਹਿਲਾਂ ਐਨ.ਡੀ.ਪੀ.ਐਸ. ਤਹਿਤ ਮੁਕੱਦਮੇ ਦਰਜ ਹਨ ਅਤੇ ਜਿੰਨਾਂ ਦੇ ਕ੍ਰਿਮੀਨਲ ਰਿਕਾਰਡ ਹਨ, ਉਹਨਾਂ ਉੱਪਰ ਪੁਲਿਸ ਪਾਰਟੀਆਂ ਵੱਲੋਂ ਰੇਡ ਕਰਕੇ ਸਰਚ ਕੀਤਾ ਗਿਆ ਹੈ।



ਇਸ ਦੌਰਾਨ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ ਅਤੇ ਵਹੀਕਲਾ ਦੀ ਸ਼ੱਕ ਦੇ ਅਧਾਰ ਦੇ ਜਾਂਚ ਕੀਤੀ ਗਈ। ਇਸ ਸਰਚ ਆਪਰੇਸ਼ਨ ਦੌਰਾਨ ਏਰੀਏ ਨੂੰ ਸੀਲ ਕਰ ਬਾਹਰ ਅਤੇ ਅੰਦਰ ਆਉਣ ਵਾਲੇ ਰਸਤਿਆ ਨੂੰ ਸੀਲ ਕੀਤਾ ਗਿਆ ਅਤੇ ਸ਼ੱਕੀ ਵਿਅਕਤੀਆਂ ਨੂੰ ਪਾਇਸ ਐਪ ਰਾਹੀਂ ਚੈੱਕ ਕੀਤਾ ਗਿਆ। ਗੁਰਬੰਸ ਸਿੰਘ ਬੈਂਸ, ਐਸ.ਐਸ.ਪੀ ਫਰੀਦਕੋਟ ਵੱਲੋਂ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਿ ਮਾਨਯੋਗ ਡੀ.ਜੀ.ਪੀ ਪੰਜਾਬ ਗੌਰਵ ਯਾਦਵ ਜੀ ਦੀਆਂ ਹਦਾਇਤਾ ਅਨੁਸਾਰ ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨ ਲਈ ਲਗਾਤਾਰ ਸਖਤ ਕਾਰਵਾਈ ਕੀਤੀ ਜਾ ਰਹੀ ਹੈ, ਇਸ ਦੇ ਨਾਲ ਹੀ ਨਸ਼ਾ ਪੀੜਿਤਾ ਨੂੰ ਨਸਾ ਛੱਡਣ ਲਈ ਪ੍ਰੇਰਿਤ ਕਰਕੇ ਨਸ਼ਾ ਛੁਡਾਊ ਕੇਦਰਾ ਵਿੱਚ ਵੀ ਭਰਤੀ ਕਰਵਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪੁਲਿਸ ਅਧਿਕਾਰੀਆਂ ਨੂੰ ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਸਾਰੇ ਕੇਸਾਂ ਦੀ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਜਾਂਚ ਕਰਨ ਅਤੇ ਜੋ ਵੀ ਨਸ਼ਾ ਤਸਕਰੀ ਵਿੱਚ ਸ਼ਾਮਿਲ ਹੋਣ, ਉਨ੍ਹਾਂ ਵਿਰੁੱਧ ਸਖਤ ਕਾਰਵਾਈ ਕਰਨ ਦੀਆ ਹਦਾਇਤਾ ਦਿੱਤੀਆ ਗਈਆ ਹਨ। ਇਸ ਦੇ ਨਾਲ ਹੀ ਉਹਨਾ ਦੱਸਿਆ ਕਿ ਇਸ ਆਪਰੇਸ਼ਨ ਦੀ ਸੁਪਰਵੀਜਨ ਡੀ.ਐਸ.ਪੀ. ਰੈਂਕ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ, ਇਸ ਦੌਰਾਨ ਪੁਲਿਸ ਟੀਮਾਂ, ਜਿਨ੍ਹਾਂ ਵਿੱਚ 110 ਦੇ ਕਰੀਬ ਪੁਲਿਸ ਕਰਮਚਾਰੀ ਸ਼ਾਮਲ ਸਨ, ਜਿਹਨਾ ਨੇ ਡਰੱਗ ਹੋਟਸਪਾਟ ਵਾਲੇ ਇਲਾਕਿਆਂ ਦੀ ਘੇਰਾਬੰਦੀ ਕਰਕੇ ਛਾਪੇਮਾਰੀ ਕੀਤੀ ਗਈ। ਐਸ.ਐਸ.ਪੀ. ਫਰੀਦਕੋਟ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਫਰੀਦਕੋਟ ਪੁਲਿਸ ਵੱਲੋ ਨਸ਼ੇ ਵਿਰੁੱਧ ਕੀਤੀ ਜਾ ਰਹੀ ਕਠੋਰ ਮਿਹਨਤ ਦੇ ਨਤੀਜੇ ਵਜੋ, ਪਿਛਲੇ ਮਹੀਨੇ ਜੂਨ-2026 ਦੌਰਾਨ 117 ਮੁਕੱਦਮੇ ਦਰਜ ਕਰਕੇ 152 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਦੌਰਾਨ 677 ਗ੍ਰਾਮ ਹੈਰੋਇਨ, 2.5 ਕਿਲੋ ਭੁੱਕੀ ਚੂਰਾ ਪੋਸਤ ਅਤੇ 4244 ਨਸ਼ੀਲੀਆਂ ਗੋਲੀਆ/ਕੈਪਸੂਲ ਬਰਾਮਦ ਕੀਤੀ ਗਈ ਹੈ। ਇਸਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਨਸ਼ਿਆ ਦੀ ਸਪਲਾਈ ਚੇਨ ਨੂੰ ਤੋੜਨ ਅਤੇ ਨਸ਼ਾ ਤਸਕਰੀ ਕਰਨ ਵਾਲਿਆ ਦੀ ਸੂਚਨਾ ਦੇਣ ਲਈ ਸ਼ੁਰੂ ਕੀਤੀ ਗਈ ਸੇਫ ਪੰਜਾਬ ਹੈਲਪਲਾਈਨ ਪਰ ਫਰੀਦਕੋਟ ਜਿਲ੍ਹੇ ਅੰਦਰ ਪਬਲਿਕ ਵੱਲੋਂ ਆਪਣਾ ਸਹਿਯੋਗ ਦਿੰਦੇ ਹੋਏ ਕੁੱਲ 171 ਦਰਖਾਸਤਾ ਮੌਸੂਲ ਹੋਈਆਂ ਹਨ, ਜਿੰਨ੍ਹਾਂ ਨੂੰ 100 ਪ੍ਰਤੀਸ਼ਤ ਵੈਰੀਫਾਈ ਕਰਨ ਉਪਰੰਤ 50 ਮੁਕੱਦਮੇ ਦਰਜ ਰਜਿਸਟਰ ਕਰਕੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਰਚ ਆਪਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਅਤੇ ਵਿਅਕਤੀਆਂ ਨੂੰ ਰਾਊਂਡਅੱਪ ਵੀ ਕੀਤਾ ਗਿਆ। ਇਸ ਤੋ ਇਲਾਵਾ ਪੁਲਿਸ ਟੀਮਾਂ ਵੱਲੋਂ ਸ਼ੱਕੀ ਵਹੀਕਲਾ ਦੀ ਚੈਕਿੰਗ ਵੀ ਕੀਤੀ ਗਈ।

## ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਤੋਂ ਅਰਦਾਸ ਉਪਰੰਤ ਮੀਰੀ-ਪੀਰੀ ਖਾਲਸਾ ਮਾਰਚ ਅਗਲੇ ਪੜਾਅ ਲਈ ਰਵਾਨਾ

*** ਮੀਰੀ-ਪੀਰੀ ਦਾ ਸਿਧਾਂਤ ਸਿੱਖ ਕੌਮ ਦੀ ਪਛਾਣ ਅਤੇ ਗੁਰੂ ਸਾਹਿਬਾਨ ਦੀ ਅਨਮੋਲ ਦੇਣ: ਧਾਮੀ * ਧਰਮਕੋਟ ਵਿਖੇ ਮੀਰੀ ਪੀਰੀ ਖਾਲਸਾ ਚੇਤਨਾ ਮਾਰਚ ਦਾ ਸ਼ਹਿਰ ਨਿਵਾਸੀ ਸੰਗਤਾਂ ਵੱਲੋਂ ਭਰਵਾਂ ਸਵਾਗਤ**









**ਧਰਮਕੋਟ, 28 ਜੁਲਾਈ (ਸਤਨਾਮ ਸਿੰਘ ਘਾਰੂ/ਰਾਜੂ ਆਹੂਜਾ)** ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਵਿਖੇ ਰਾਤ ਦਾ ਵਿਸ਼ਰਾਮ ਕਰਨ ਉਪਰੰਤ ਮੀਰੀ-ਪੀਰੀ ਖਾਲਸਾ ਮਾਰਚ ਅੱਜ ਸਵੇਰੇ ਅਰਦਾਸ ਉਪਰੰਤ ਆਪਣੇ ਅਗਲੇ ਪੜਾਅ ਲਈ ਰਵਾਨਾ ਹੋ ਗਿਆ। ਇਸ ਮੌਕੇ ਧਾਰਮਿਕ ਮਾਹੌਲ ਵਿੱਚ ਜੈਕਾਰਿਆਂ ਦੀ ਗੂੰਜ ਦਰਮਿਆਨ ਸੰਗਤਾਂ ਨੇ ਮਾਰਚ ਨੂੰ ਵਿਦਾ ਕੀਤਾ। ਸਵੇਰ ਤੋਂ ਹੀ ਵੱਡੀ ਗਿਣਤੀ ਵਿੱਚ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਇਕੱਤਰ ਹੋ ਗਈਆਂ ਅਤੇ ਪੰਥਕ ਜੋਸ਼ ਨਾਲ ਮਾਰਚ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਰਜਿੰਦਰ ਸਿੰਘ ਮੱਖਣ ਬਰਾੜ, ਸ਼੍ਰੋਮਣੀ ਕਮੇਟੀ ਮੈਂਬਰ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ (ਗਰੇਵਾਲ) ਦੇ ਆਗੂ ਗੁਰਚਰਨ ਸਿੰਘ ਗਰੇਵਾਲ, ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਮੰਗਾ ਸਿੰਘ ਜੀ, ਗੁਰਮੀਤ ਸਿੰਘ ਬੂਹ ਮੈਂਬਰ ਸ਼੍ਰੋਮਣੀ ਕਮੇਟੀ ਸਮੇਤ ਵੱਡੀ ਗਿਣਤੀ ਵਿੱਚ ਸੰਤ-ਮਹਾਂਪੁਰਖ, ਪੰਥਕ ਆਗੂ ਅਤੇ ਸੰਗਤਾਂ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੀਰੀ-ਪੀਰੀ ਦਾ ਸਿਧਾਂਤ ਸਿੱਖ ਕੌਮ ਦੀ ਪਛਾਣ ਅਤੇ ਗੁਰੂ ਸਾਹਿਬਾਨ ਦੀ ਅਨਮੋਲ ਦੇਣ ਹੈ। ਉਨ੍ਹਾਂ ਕਿਹਾ ਕਿ ਇਹ ਖਾਲਸਾ ਮਾਰਚ ਸਿਰਫ਼ ਇੱਕ ਯਾਤਰਾ ਨਹੀਂ, ਸਗੋਂ ਸਿੱਖ ਕੌਮ ਨੂੰ ਆਪਣੇ ਇਤਿਹਾਸ, ਵਿਰਸੇ ਅਤੇ ਗੁਰਮਤਿ ਨਾਲ ਜੋੜਨ ਦਾ ਇੱਕ ਮਹਾਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਅਜਿਹੇ ਪੰਥਕ ਉਪਰਾਲੇ ਇਸ ਦਿਸ਼ਾ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

ਧਾਮੀ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਹਰ ਸਿੱਖ ਨੂੰ ਗੁਰਬਾਣੀ, ਗੁਰੂ ਘਰ ਅਤੇ ਸਿੱਖੀ ਸਰੂਪ ਨਾਲ ਦ੍ਰਿੜਤਾ ਨਾਲ ਜੁੜਨਾ ਚਾਹੀਦਾ ਹੈ ਅਤੇ ਪੰਥ ਦੀ ਚੜ੍ਹਦੀ ਕਲਾ, ਏਕਤਾ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ ਦੀ ਰੱਖਿਆ ਲਈ ਹਮੇਸ਼ਾ ਤਤਪਰ ਰਹਿਣਾ ਚਾਹੀਦਾ ਹੈ। ਉਨ੍ਹਾਂ ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਮੰਗਾ ਸਿੰਘ ਜੀ ਅਤੇ ਸਮੂਹ ਸੰਗਤ ਵੱਲੋਂ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਵੀ ਭਰਪੂਰ ਸ਼ਲਾਘਾ ਕੀਤੀ।

ਗੁਰਦੁਆਰਾ ਸ੍ਰੀ ਹਜ਼ੂਰ ਸਾਹਿਬ, ਢੋਲੇਵਾਲ ਰੋਡ ਤੋਂ ਅਗਲੇ ਪੜਾਅ ਲਈ ਰਵਾਨਾ ਹੋਏ ਮੀਰੀ ਪੀਰੀ ਖਾਲਸਾ ਚੇਤਨਾ ਮਾਰਚ ਦਾ ਧਰਮਕੋਟ ਪਹੁੰਚਣ 'ਤੇ ਸ਼ਹਿਰ ਦੀਆਂ ਸਮੂਹ ਸੰਗਤਾਂ ਵੱਲੋਂ ਨਿੱਘਾ ਅਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਥਾਵਾਂ 'ਤੇ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਚੱਲ ਰਹੇ ਚੇਤਨਾ ਮਾਰਚ ਦਾ ਸਤਿਕਾਰ ਕੀਤਾ ਅਤੇ ਪੰਜ ਪਿਆਰਿਆਂ ਸਮੇਤ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਨੂੰ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨ ਦਿੱਤਾ। ਚੇਤਨਾ ਮਾਰਚ ਦੇ ਧਰਮਕੋਟ ਵਿਖੇ ਪਹੁੰਚਣ 'ਤੇ ਸਿੱਖ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸ਼ਹਿਰ ਦੇ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸੇਵਾ ਭਾਵਨਾ ਵਾਲੀਆਂ ਸੰਸਥਾਵਾਂ ਵੱਲੋਂ ਮਾਰਚ ਵਿੱਚ ਸ਼ਾਮਲ ਸੰਗਤਾਂ ਲਈ ਠੰਢੇ-ਮਿੱਠੇ ਜਲ, ਚਾਹ, ਪ੍ਰਸ਼ਾਦ ਅਤੇ ਗੁਰੂ ਕੇ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਸੰਗਤਾਂ ਨੇ ਸੇਵਾ ਭਾਵਨਾ ਨਾਲ ਲੰਗਰ ਛਕਾ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਸਿੱਧੂ ਵੱਲੋਂ ਵੀ ਆਪਣੇ ਸਾਥੀਆਂ ਸਮੇਤ ਮੀਰੀ ਪੀਰੀ ਖਾਲਸਾ ਚੇਤਨਾ ਮਾਰਚ ਦਾ ਭਰਵਾਂ ਸਵਾਗਤ ਕੀਤਾ ਗਿਆ। ਉਨ੍ਹਾਂ ਪੰਜ ਪਿਆਰਿਆਂ ਦਾ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਜੀ ਦਾ ਵੀ ਸਤਿਕਾਰ ਕੀਤਾ।

ਇਸ ਮੌਕੇ ਗੁਰਮੇਲ ਸਿੰਘ ਸਿੱਧੂ ਨੇ ਕਿਹਾ ਕਿ ਮੀਰੀ ਪੀਰੀ ਖਾਲਸਾ ਚੇਤਨਾ ਮਾਰਚ ਸਿੱਖ ਕੌਮ ਨੂੰ ਆਪਣੇ ਸ਼ਾਨਾਮੱਤੇ ਇਤਿਹਾਸ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਖਾਲਸਾਈ ਪਰੰਪਰਾਵਾਂ ਨਾਲ ਜੋੜਨ ਦਾ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਵਿੱਚ ਏਕਤਾ, ਭਾਈਚਾਰੇ ਅਤੇ ਗੁਰਮਤਿ ਜੀਵਨ ਜਾਚ ਦਾ ਸੰਦੇਸ਼ ਦਿੰਦੇ ਹਨ ਅਤੇ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਹਨ।

ਚੇਤਨਾ ਮਾਰਚ ਦੌਰਾਨ ਸੰਗਤਾਂ ਵੱਲੋਂ ਸਤਿਨਾਮ-ਵਾਹਿਗੁਰੂ ਦੇ ਜਾਪ ਅਤੇ ਗੁਰਬਾਣੀ ਦੇ ਕੀਰਤਨ ਨਾਲ ਪੂਰਾ ਮਾਹੌਲ ਗੁਰਮਈ ਰੰਗ ਵਿੱਚ ਰੰਗਿਆ ਰਿਹਾ। ਸ਼ਹਿਰ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਚੇਤਨਾ ਮਾਰਚ ਦੇ ਦਰਸ਼ਨ ਕੀਤੇ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਧਰਮਕੋਟ ਵਿਖੇ ਮਿਲੇ ਭਰਵੇਂ ਸਤਿਕਾਰ ਅਤੇ ਸੰਗਤਾਂ ਦੇ ਪਿਆਰ ਲਈ ਮਾਰਚ ਦੇ ਪ੍ਰਬੰਧਕਾਂ ਨੇ ਸਮੂਹ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ।

# ਪਾਥਫਾਂਈਡਰ ਗਲੋਬਲ ਸਕੂਲ ਵਿਖੇ ਜੋਨ ਮੰਡੀ ਫੂਲ ਦੀਆਂ ਜੋਨਲ ਖੇਡਾਂ ਦਾ ਸ਼ਾਨਦਾਰ ਆਗਾਜ਼



**ਰਾਮਪੁਰਾ ਫੂਲ, 28 ਜੁਲਾਈ (ਮਨਪ੍ਰੀਤ ਮਿੰਟੂ)** ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ), ਬਠਿੰਡਾ ਮਮਤਾ ਖੁਰਾਨਾ ਸੇਠੀ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਪਾਥਫਾਂਈਡਰ ਗਲੋਬਲ ਸਕੂਲ, ਰਾਮਪੁਰਾ ਫੂਲ ਵਿਖੇ ਜੋਨ ਮੰਡੀ ਫੂਲ ਦੀਆਂ ਜੋਨਲ ਖੇਡਾਂ 2026-27 ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ। ਇਸ ਸਮਾਗਮ ਦਾ ਉਦਘਾਟਨ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਚਮਕੌਰ ਸਿੰਘ ਅਤੇ ਜ਼ਿਲ੍ਹਾ ਖੇਡ ਕੋ-ਆਰਡੀਨੇਟਰ ਜਸਵੀਰ ਸਿੰਘ ਗਿੱਲ ਬਠਿੰਡਾ ਵੱਲੋਂ ਕੀਤਾ ਗਿਆ। ਉਦਘਾਟਨੀ ਸਮਾਗਮ ਦੌਰਾਨ ਰੰਗ-ਬਰੰਗੇ ਗੁਬਾਰੇ ਅਸਮਾਨ ਵਿੱਚ ਛੱਡ ਕੇ ਜੋਨਲ ਖੇਡਾਂ ਦੀ ਰਸਮੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਪੂਰਾ ਮਾਹੌਲ ਖੁਸ਼ੀ, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਸਰਾਬੋਰ ਹੋ ਗਿਆ।ਇਸ ਮੌਕੇ ਜੋਨਲ ਪ੍ਰਧਾਨ ਦੀਪਕ ਕੁਮਾਰ ਅਤੇ ਜੋਨਲ ਸਕੱਤਰ ਸ. ਅਮਰਦੀਪ ਸਿੰਘ ਨੇ ਸਮੂਹ ਮਹਿਮਾਨਾਂ, ਅਧਿਆਪਕਾਂ ਅਤੇ ਖਿਡਾਰੀਆਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਜੋਨਲ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਸਿਹਤਮੰਦ ਮੁਕਾਬਲੇ ਅਤੇ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਦਾ ਮਹੱਤਵਪੂਰਨ ਸਾਧਨ ਹਨ। ਉਨ੍ਹਾਂ ਸਾਰੇ ਭਾਗ ਲੈਣ ਵਾਲੇ ਸਕੂਲਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਨਿਰਪੱਖ ਅਤੇ ਸਫ਼ਲ ਮੁਕਾਬਲਿਆਂ ਦੀ ਕਾਮਨਾ ਕੀਤੀ। ਮੁੱਖ ਮਹਿਮਾਨ ਚਮਕੌਰ ਸਿੰਘ ਅਤੇ ਜ਼ਿਲ੍ਹਾ ਖੇਡ ਕੋ-ਆਰਡੀਨੇਟਰ ਜਸਵੀਰ ਸਿੰਘ ਗਿੱਲ ਬਠਿੰਡਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਅਹਿਮ ਅੰਗ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ, ਅਨੁਸ਼ਾਸਨ ਬਣਾਈ ਰੱਖਣ ਅਤੇ ਜਿੱਤ-ਹਾਰ ਤੋਂ ਉੱਪਰ ਉੱਠ ਕੇ ਖੇਡ ਭਾਵਨਾ ਨਾਲ ਖੇਡਣ ਦਾ ਸੰਦੇਸ਼ ਦਿੱਤਾ। ਸਕੂਲ ਦੇ ਚੇਅਰਮੈਨ ਸੁਨੀਲ ਬਾਂਸਲ,ਮੈਨੇਜਿੰਗ ਡਾਇਰੈਕਟਰ ਸੁਮਿਤ ਬਾਸ਼ਲ ਅਤੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਇਸੂ ਰਾਣੀ ਨੇ ਮੁੱਖ ਮਹਿਮਾਨਾਂ, ਜੋਨਲ ਪ੍ਰਧਾਨ, ਜੋਨਲ ਸਕੱਤਰ, ਜੋਨਲ ਟੂਰਨਾਮੈਂਟ ਕਮੇਟੀ, ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਮੁਖੀਆਂ, ਅਧਿਆਪਕਾਂ, ਕੋਚਾਂ ਅਤੇ ਖਿਡਾਰੀਆਂ ਦਾ ਤਹਿ ਦਿਲੋਂ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪਾਥਫਾਂਈਡਰ ਗਲੋਬਲ ਸਕੂਲ ਲਈ ਇਹ ਮਾਣ ਦੀ ਗੱਲ ਹੈ ਕਿ ਇਸ ਸਾਲ ਜੋਨਲ ਖੇਡਾਂ ਦੀ ਮੇਜ਼ਬਾਨੀ ਦਾ ਮੌਕਾ ਮਿਲਿਆ ਹੈ ਅਤੇ ਸਕੂਲ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਸਮਾਗਮ ਵਿੱਚ ਜੋਨਲ ਟੂਰਨਾਮੈਂਟ ਕਮੇਟੀ ਦੇ ਮੈਂਬਰ, ਜੋਨ ਮੰਡੀ ਫੂਲ ਦੇ ਸਰੀਰਕ ਸਿੱਖਿਆ ਅਧਿਆਪਕ ਸਿਮਰਜੀਤ ਸਿੰਘ, ਸਿੰਗਾਰਾ ਸਿੰਘ, ਮਨਪ੍ਰੀਤ ਸਿੰਘ, ਗੁਰਪਿੰਦਰ ਸਿੰਘ, ਪ੍ਰਸ਼ਾਤ ਸਿੰਘ, ਹਰਮਨਪ੍ਰੀਤ ਸਿੰਘ, ਗਗਨਦੀਪ ਸਿੰਘ, ਕੁਲਵਿੰਦਰ ਸਿੰਘ, ਅਜੈ ਸਿੰਘ, ਗੁਰਜੰਟ ਸਿੰਘ, ਟੇਕ ਸਿੰਘ, ਸੁਖਪ੍ਰੀਤ ਸਿੰਘ, ਨਿਰਮਲ ਸਿੰਘ, ਪ੍ਰਿਤਪਾਲ ਸਿੰਘ, ਮੈਡਮ ਨੀਤੀ, ਬਲਜਿੰਦਰ ਕੌਰ, ਲਖਵੀਰ ਕੌਰ, ਵੀਰਪਾਲ ਕੌਰ, ਜਸਪ੍ਰੀਤ ਕੌਰ ਹਰਮਨਪ੍ਰੀਤ ਕੌਰ ਅਤੇ ਮੈਡਮ ਜੋਤੀ ਹਾਜ਼ਰ ਸਨ।

# ਅਕਾਲੀ-ਭਾਜਪਾ ਦਾ ਵਜੂਦ ਖਤਮ, ਆਪ ਤੋਂ ਲੋਕਾਂ ਦਾ ਮੋਹ ਭੰਗ- ਕੁਲਵੰਤ ਰਾਏ ਸਿੰਗਲਾ

## ਕਾਂਗਰਸ ਨੇ ਨਵੇਂ ਬਲਾਕ ਪ੍ਰਧਾਨਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਮਾਨਸਾ, 28 ਜੁਲਾਈ (ਸੰਦੀਪ ਤਾਇਲ/ ਗੋਪਾਲ ਅਕਲੀਆ)** ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਕਾਂਗਰਸ ਪਾਰਟੀ ਨੇ ਆਪਣੇ ਸੰਗਠਨ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ ਦੀ ਮੁਹਿੰਮ ਤੇਜ਼ ਕਰ ਦਿੱਤੀ ਹੈ। ਇਸੇ ਕੜੀ ਤਹਿਤ ਕਾਂਗਰਸ ਹਾਈਕਮਾਨ ਵੱਲੋਂ ਨਿਯੁਕਤ ਕੀਤੇ ਗਏ ਨਵੇਂ ਬਲਾਕ ਪ੍ਰਧਾਨਾਂ ਨੂੰ ਅੱਜ ਜ਼ਿਲ੍ਹਾ ਕਾਂਗਰਸ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਦੀ ਅਗਵਾਈ ਹੇਠ ਆਯੋਜਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਨਿਯੁਕਤੀ ਪੱਤਰ ਸੌਂਪੇ ਗਏ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਨਵਨਿਯੁਕਤ ਅਹੁਦੇਦਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਵਧਾਈ ਦਿੱਤੀ। ਸਮਾਗਮ ਦੌਰਾਨ ਸੁਖਦਰਸ਼ਨ ਸਿੰਘ ਖਾਰਾ ਨੂੰ ਬਲਾਕ ਕਾਂਗਰਸ ਪ੍ਰਧਾਨ ਮਾਨਸਾ ਦਿਹਾਤੀ, ਚੰਦਰ ਸ਼ੇਖਰ ਨੰਦੀ ਨੂੰ ਬਲਾਕ ਕਾਂਗਰਸ ਪ੍ਰਧਾਨ ਮਾਨਸਾ ਸ਼ਹਿਰੀ ਅਤੇ ਕੁਲਦੀਪ ਸਿੰਘ ਅਲੀਸ਼ੇਰ ਨੂੰ ਬਲਾਕ ਕਾਂਗਰਸ ਪ੍ਰਧਾਨ ਭੀਖੀ ਦੇ ਨਿਯੁਕਤੀ ਪੱਤਰ ਭੇਟ ਕੀਤੇ ਗਏ। ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਤਿੰਨਾਂ ਆਗੂਆਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਨਾਲ-ਨਾਲ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਲੋਕ ਹਿੱਤਾਂ ਦੀ ਰਾਜਨੀਤੀ ਕੀਤੀ ਹੈ ਅਤੇ ਹੁਣ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਨੇ ਪੂਰੀ ਤਾਕਤ ਨਾਲ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਬੂਥ ਪੱਧਰ ਤੱਕ ਮਜ਼ਬੂਤ ਸੰਗਠਨ ਹੀ ਚੋਣ ਜਿੱਤ ਦਾ ਸਭ ਤੋਂ ਵੱਡਾ ਆਧਾਰ ਹੁੰਦਾ ਹੈ ਅਤੇ ਇਸੇ ਮਕਸਦ ਨਾਲ ਨਵੇਂ ਬਲਾਕ ਪ੍ਰਧਾਨਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ। ਸਿੰਗਲਾ ਨੇ ਆਪਣੇ ਸੰਬੋਧਨ ਦੌਰਾਨ ਸੂਬੇ ਦੀ ਸਿਆਸਤ ਨੂੰ ਲੈ ਕੇ ਵਿਰੋਧੀ ਪਾਰਟੀਆਂ ’ਤੇ ਵੀ ਤਿੱਖੇ ਹਮਲੇ ਕੀਤੇ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦਾ ਸਿਆਸੀ ਆਧਾਰ ਲਗਭਗ ਖਤਮ ਹੋ ਚੁੱਕਾ ਹੈ, ਜਦਕਿ ਆਮ ਆਦਮੀ ਪਾਰਟੀ ਤੋਂ ਵੀ ਲੋਕਾਂ ਦਾ ਭਰੋਸਾ ਉੱਠ ਗਿਆ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਦੀਆਂ ਉਮੀਦਾਂ ’ਤੇ ਖਰੀ ਨਹੀਂ ਉਤਰੀ, ਜਿਸ ਕਾਰਨ ਹਰ ਵਰਗ ਵਿੱਚ ਨਿਰਾਸ਼ਾ ਦਾ ਮਾਹੌਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ ਦਾ ਮਨ ਬਣਾ ਚੁੱਕੇ ਹਨ ਅਤੇ ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੇ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਲੋਕ ਇਸ ਵਾਰ ਕਾਂਗਰਸ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਸੂਬੇ ਦੀ ਸੱਤਾ ਸੌਂਪਣਗੇ, ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਅਤੇ ਤਰੱਕੀ ਦੀ ਰਾਹ ’ਤੇ ਲਿਆਂਦਾ ਜਾ ਸਕੇ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲਾ ਕਾਂਗਰਸ ਕਮੇਟੀ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਗੁਰਪ੍ਰੀਤ ਵਿੱਕੀ ਨੇ ਕਿਹਾ ਕਿ ਕਾਂਗਰਸ ਪਾਰਟੀ ਵਰਕਰਾਂ ਦੇ ਸਨਮਾਨ ਅਤੇ ਸੰਗਠਨ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕਰ ਰਹੀ ਹੈ। ਨਵੇਂ ਬਲਾਕ ਪ੍ਰਧਾਨ ਆਪਣੀ-ਆਪਣੀ ਇਕਾਈ ਵਿੱਚ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ, ਨਵੇਂ ਵਰਕਰਾਂ ਨੂੰ ਜੋੜਨ ਅਤੇ ਲੋਕਾਂ ਦੇ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਲਈ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਚਮਕੌਰ ਸਿੰਘ ਮੂਸਾ, ਅਰਸ਼ਦੀਪ ਸਿੰਘ ਗਾਗੋਵਾਲ, ਸੁਰੇਸ਼ ਨੰਦਗੜੀਆ, ਐਡਵੋਕੇਟ ਬਲਕਰਨ ਸਿੰਘ ਬੱਲੀ, ਮਨਦੀਪ ਸਿੰਘ ਗੋਰਾ, ਸਿਮਰਨਜੀਤ ਮਾਨਸ਼ਾਹੀਆ, ਅੰਮ੍ਰਿਤਪਾਲ ਸਿੰਘ ਕੂਕਾ, ਸਾਬਕਾ ਅਯੂਸੀ ਸ਼ਰਮਾ, ਧੰਨਜੀਤ ਭੀਖੀ, ਗੁਰਸ਼ਰਨ ਮਾਖਾ, ਡਾਕਟਰ ਜਸਵੀਰ ਸਿੰਘ ਖੀਵਾ, ਮਨਜੀਤ ਕੌਰ, ਬਲਵਿੰਦਰ ਨਾਰੰਗ, ਹਰਵਿੰਦਰ ਭਾਰਦਵਾਜ, ਮਨਜੀਤ ਰਾਣਾ, ਬੂਟਾ ਕੱਲੋ, ਬੱਗੜ ਸਮਾਉਂ, ਪਰੀਤ ਮੌਜੋ, ਜਗਤਾਰ ਸਿੰਘ ਮੱਤੀ, ਰਾਕੇਸ਼ ਮਾਨਸਾ, ਵਿਜੇ ਨੰਦਗੜੀਆ, ਕਸ਼ਮੀਰ ਸਿੰਘ, ਰੂਬੀ ਦਲੇਲ ਸਿੰਘ ਵਾਲਾ ਕਰਨੈਲ ਸਿੰਘ ਅਤਲਾ, ਗੁਰਜੰਟ ਕੋਟੜਾ, ਅਮਨ ਸਿੰਗਲਾ, ਗੁਰਮੇਲ ਸਿੰਘ ਖੋਖਰ, ਹਰਬੰਸ ਸਿੰਘ ਗਾਗੋਵਾਲ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।

# ਸ੍ਰੀ ਚਮਕੌਰ ਸਾਹਿਬ ਹਲਕੇ ’ਚ ਨਹਿਰੀ ਸਿੰਚਾਈ ਨੂੰ ਮਿਲੀ ਨਵੀਂ ਰ.ਫਤਾਰ: ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ 26.12 ਕਰੋੜ ਰੁਪਏ ਦੇ ਜਲ ਸਰੋਤ ਪ੍ਰੋਜੈਕਟ ਲੋਕ ਅਰਪਿਤ





**ਸ੍ਰੀ ਚਮਕੌਰ ਸਾਹਿਬ, 28 ਜੁਲਾਈ (ਅਮਰਜੀਤ ਸਿੰਘ ਕਲਸੀ)** ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ, ਭੂਮੀ ਅਤੇ ਜਲ ਸੰਭਾਲ ਅਤੇ ਜਲ ਸਰੋਤ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਪਿੰਡ ਰੁੜਕੀ ਹੀਰਾਂ ਵਿਖੇ ਪੰਜਾਬ ਸਰਕਾਰ ਵੱਲੋਂ ਨਹਿਰੀ ਸਿੰਚਾਈ ਨੂੰ ਮਜ਼ਬੂਤ ਕਰਨ ਲਈ ਕਰਵਾਏ ਗਏ ਅਹਿਮ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਵੱਧ ਤੋਂ ਵੱਧ ਨਹਿਰੀ ਪਾਣੀ ਮੁਹੱਈਆ ਕਰਵਾ ਕੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਲਈ ਇਤਿਹਾਸਕ ਕਦਮ ਚੁੱਕ ਰਹੀ ਹੈ। ਇਸ ਮੌਕੇ ਬਰਿੰਦਰ ਗੋਇਲ ਨੇ ਦੱਸਿਆ ਕਿ ਚਮਕੌਰ ਸਾਹਿਬ ਹਲਕੇ ਵਿੱਚ ਸਮਰਾਲਾ ਮੇਜਰ ਨੂੰ ਪੱਕਾ ਕਰਨ, ਅਮਰਾਲਾ ਮਾਈਨਰ ਦੀ ਮੁੜ ਬਹਾਲੀ ਅਤੇ ਅੰਡਰਗਰਾਊਂਡ ਪਾਈਪ ਲਾਈਨਾਂ ਵਿਛਾਉਣ ਵਰਗੇ ਪ੍ਰੋਜੈਕਟਾਂ ’ਤੇ ਕੁੱਲ 26.12 ਕਰੋੜ ਰੁਪਏ ਦੀ ਲਾਗਤ ਆਈ ਹੈ। ਇਨ੍ਹਾਂ ਪ੍ਰੋਜੈਕਟਾਂ ਨਾਲ ਹਜ਼ਾਰਾਂ ਏਕੜ ਰਕਬੇ ਨੂੰ ਪਹਿਲੀ ਵਾਰ ਜਾਂ ਵਧੇਰੇ ਪੱਧਰ ’ਤੇ ਨਹਿਰੀ ਪਾਣੀ ਦੀ ਸਹੂਲਤ ਪ੍ਰਾਪਤ ਹੋਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਸਮਰਾਲਾ ਮੇਜਰ ਨੂੰ 7.21 ਕਿਲੋਮੀਟਰ ਲੰਬਾਈ ਤੱਕ ਪੱਕਾ ਕਰਨ ਲਈ 11.74 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਪ੍ਰੋਜੈਕਟ ਨਾਲ 13 ਪਿੰਡਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 2516 ਏਕੜ ਤੋਂ ਵੱਧ ਕੇ 3333 ਏਕੜ ਹੋ ਗਿਆ ਹੈ, ਜਿਸ ਨਾਲ 817 ਏਕੜ ਵਾਧੂ ਜ਼ਮੀਨ ਨੂੰ ਨਹਿਰੀ ਪਾਣੀ ਮਿਲੇਗਾ।

ਉਨ੍ਹਾਂ ਦੱਸਿਆ ਕਿ ਅਮਰਾਲਾ ਮਾਈਨਰ ਨੂੰ 3.35 ਕਿਲੋਮੀਟਰ ਲੰਬਾਈ ਤੱਕ ਪੱਕਾ ਕਰਨ ਲਈ 2.01 ਕਰੋੜ ਰੁਪਏ ਦੀ ਲਾਗਤ ਨਾਲ ਕੰਮ ਮੁਕੰਮਲ ਕੀਤਾ ਗਿਆ ਹੈ। ਇਸ ਨਾਲ 4 ਪਿੰਡਾਂ ਨੂੰ ਲਾਭ ਹੋਵੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 1519 ਏਕੜ ਤੋਂ ਵੱਧ ਕੇ 2223 ਏਕੜ ਹੋ ਗਿਆ ਹੈ, ਜਿਸ ਨਾਲ 704 ਏਕੜ ਵਾਧੂ ਜ਼ਮੀਨ ਨਹਿਰੀ ਸਿੰਚਾਈ ਦੇ ਘੇਰੇ ਵਿੱਚ ਆਈ ਹੈ।

ਇਸ ਤੋਂ ਇਲਾਵਾ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਸੁਚੱਜੇ ਢੰਗ ਨਾਲ ਪਹੁੰਚਾਉਣ ਲਈ 10.76 ਕਿਲੋਮੀਟਰ ਲੰਬੀਆਂ ਦੋ ਅੰਡਰਗਰਾਊਂਡ ਪਾਈਪ ਲਾਈਨਾਂ ਵਿਛਾਈਆਂ ਗਈਆਂ ਹਨ, ਜਿਨ੍ਹਾਂ ’ਤੇ 8.95 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਨਾਲ 9 ਪਿੰਡਾਂ ਨੂੰ ਲਾਭ ਮਿਲੇਗਾ ਅਤੇ ਨਹਿਰੀ ਸਿੰਚਾਈ ਹੇਠ ਰਕਬਾ 1698 ਏਕੜ ਤੋਂ ਵੱਧ ਕੇ 2295 ਏਕੜ ਹੋ ਗਿਆ ਹੈ, ਜਿਸ ਨਾਲ 597 ਏਕੜ ਵਾਧੂ ਰਕਬੇ ਨੂੰ ਨਹਿਰੀ ਪਾਣੀ ਮਿਲਣਾ ਯਕੀਨੀ ਬਣਿਆ ਹੈ। ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਇਸ ਤੋਂ ਇਲਾਵਾ ਪੰਜਾਬ ਸਰਕਾਰ ਵੱਲੋਂ 3.42 ਕਰੋੜ ਰੁਪਏ ਦੀ ਲਾਗਤ ਨਾਲ ਸਰਹਿੰਦ ਨਹਿਰ ਦੇ ਨਾਲ ਲੱਗਦੇ ਪਿੰਡ ਝੱਲੀਆਂ, ਖੇੜੀ ਸਲਾਬਤਪੁਰ, ਧੌਲਰਾਂ ਅਤੇ ਭੋਜੇਮਾਜਰਾ ਵਿਖੇ ਲਿਫ਼ਟ ਸਿੰਚਾਈ ਸਕੀਮਾਂ ਸਥਾਪਤ ਕੀਤੀਆਂ ਗਈਆਂ ਹਨ, ਜਿਨ੍ਹਾਂ ਨਾਲ 965 ਏਕੜ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਚਮਕੌਰ ਸਾਹਿਬ ਹਲਕੇ ਵਿੱਚ ਕੁੱਲ 40 ਆਰਜ਼ੀ ਮੋਘੇ ਬਣਾਏ ਗਏ ਹਨ, ਜਿਨ੍ਹਾਂ ਰਾਹੀਂ 17 ਪਿੰਡਾਂ ਦੇ ਕਿਸਾਨਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਇਨ੍ਹਾਂ ਵਿੱਚ ਪਥਰੇੜੀ ਜੱਟਾਂ, ਬਾਲਸੰਢਾ, ਸਿੰਬਲ ਝੱਲੀਆਂ, ਅਮਰਾਲੀ, ਰਾਮਗੜ੍ਹ, ਓਇੰਦ, ਲੁਠੇੜੀ, ਰੁੜਕੀ, ਬੱਲਾਂ, ਚੂਹੜਮਾਜਰਾ, ਬਰਸਾਲਪੁਰ, ਕੋਟਲੀ, ਮਾਜਰੀ, ਸੈਦਪੁਰ, ਚੱਕਲਾਂ, ਕਾਲੇਮਾਜਰਾ ਸਮੇਤ ਹੋਰ ਪਿੰਡ ਸ਼ਾਮਲ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਾਲ 2022 ਵਿੱਚ ਇਨ੍ਹਾਂ ਪਿੰਡਾਂ ਵਿੱਚ ਕੇਵਲ 3217 ਏਕੜ ਰਕਬਾ ਨਹਿਰੀ ਪਾਣੀ ਹੇਠ ਸੀ, ਜਦਕਿ ਹੁਣ ਨਹਿਰਾਂ ਦੀ ਮੁੜ ਬਹਾਲੀ, ਆਰਜ਼ੀ ਮੋਘਿਆਂ ਅਤੇ ਅੰਡਰਗਰਾਊਂਡ ਪਾਈਪ ਲਾਈਨਾਂ ਦੇ ਨਿਰਮਾਣ ਤੋਂ ਬਾਅਦ ਇਹ ਰਕਬਾ 4518 ਏਕੜ ਤੱਕ ਪਹੁੰਚ ਗਿਆ ਹੈ। ਇਸ ਤਰ੍ਹਾਂ 1301 ਏਕੜ ਵਾਧੂ ਜ਼ਮੀਨ ਨਹਿਰੀ ਸਿੰਚਾਈ ਦੇ ਘੇਰੇ ਵਿੱਚ ਆ ਗਈ ਹੈ।

ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਸ੍ਰੀ ਚਮਕੌਰ ਸਾਹਿਬ ਹਲਕੇ ਵਿੱਚ ਕਰੀਬ 44 ਕਰੋੜ ਰੁਪਏ ਦੀ ਲਾਗਤ ਨਾਲ ਲਿਫ਼ਟ ਸਿੰਚਾਈ ਪ੍ਰੋਜੈਕਟ ਮੁਕੰਮਲ ਕਰਕੇ 21 ਪਿੰਡਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਗਿਆ ਸੀ। ਹੁਣ ਨਵੇਂ ਪ੍ਰੋਜੈਕਟਾਂ ਨਾਲ ਹਲਕੇ ਦੇ ਵੱਡੇ ਹਿੱਸੇ ਵਿੱਚ ਖੇਤੀ ਲਈ ਨਹਿਰੀ ਪਾਣੀ ਦੀ ਉਪਲਬਧਤਾ ਹੋਰ ਮਜ਼ਬੂਤ ਹੋਈ ਹੈ।

ਬਰਿੰਦਰ ਗੋਇਲ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਸਹੂਲਤ ਦੇਣਾ, ਟਿਊਬਵੈੱਲਾਂ ’ਤੇ ਨਿਰਭਰਤਾ ਘਟਾਉਣਾ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਕਰਨਾ ਹੈ। ਉਨ੍ਹਾਂ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਨਹਿਰੀ ਢਾਂਚੇ ਦੀ ਸੰਭਾਲ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ, ਪਰ ਮੌਜੂਦਾ ਸਰਕਾਰ ਨੇ ਜਲ ਸਰੋਤਾਂ ਦੀ ਮੁੜ ਬਹਾਲੀ ਨੂੰ ਤਰਜੀਹ ਦਿੰਦਿਆਂ ਰਿਕਾਰਡ ਪੱਧਰ ’ਤੇ ਨਹਿਰਾਂ ਦੀ ਸਫ਼ਾਈ, ਮੁਰੰਮਤ, ਪੱਕੀਕਰਨ, ਨਵੇਂ ਮੋਘਿਆਂ ਅਤੇ ਪਾਈਪ ਲਾਈਨਾਂ ਦੇ ਨਿਰਮਾਣ ਦੇ ਕੰਮ ਕਰਵਾਏ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਦੇ ਹਿੱਸੇ ਦਾ ਪਾਣੀ ਪੰਜਾਬ ਦੇ ਖੇਤਾਂ ਤੱਕ ਪਹੁੰਚਾਉਣਾ ਸਰਕਾਰ ਦੀ ਵਚਨਬੱਧਤਾ ਹੈ। ਨਹਿਰੀ ਨੈੱਟਵਰਕ ਨੂੰ ਮਜ਼ਬੂਤ ਕਰਕੇ ਨਾ ਸਿਰਫ਼ ਕਿਸਾਨਾਂ ਦੀ ਸਿੰਚਾਈ ਲਾਗਤ ਘਟੇਗੀ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ ਹੇਠਲੇ ਪਾਣੀ ਦੀ ਸੰਭਾਲ ਵੀ ਯਕੀਨੀ ਬਣੇਗੀ।

ਇਸ ਮੌਕੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਜਲ ਸਰੋਤ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਚਮਕੌਰ ਸਾਹਿਬ ਹਲਕੇ ਵਿੱਚ ਨਹਿਰੀ ਸਿੰਚਾਈ ਨੂੰ ਮਜ਼ਬੂਤ ਕਰਨ ਲਈ ਕਰਵਾਏ ਗਏ ਇਹ ਵਿਕਾਸ ਕਾਰਜ ਕਿਸਾਨਾਂ ਲਈ ਵਰਦਾਨ ਸਾਬਤ ਹੋਣਗੇ। ਉਨ੍ਹਾਂ ਕਿਹਾ ਕਿ ਹਲਕੇ ਦੇ ਕਿਸਾਨਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਨਹਿਰੀ ਪਾਣੀ ਦੀ ਮੰਗ ਨੂੰ ਪੰਜਾਬ ਸਰਕਾਰ ਨੇ ਪਹਿਲ ਦੇ ਆਧਾਰ ’ਤੇ ਪੂਰਾ ਕੀਤਾ ਹੈ।

ਡਾ. ਚਰਨਜੀਤ ਸਿੰਘ ਨੇ ਕਿਹਾ ਕਿ ਨਹਿਰਾਂ ਦੇ ਪੱਕੀਕਰਨ, ਅੰਡਰਗਰਾਊਂਡ ਪਾਈਪ ਲਾਈਨਾਂ ਅਤੇ ਲਿਫ਼ਟ ਸਿੰਚਾਈ ਸਕੀਮਾਂ ਨਾਲ ਹਜ਼ਾਰਾਂ ਏਕੜ ਰਕਬੇ ਨੂੰ ਨਹਿਰੀ ਪਾਣੀ ਮਿਲੇਗਾ, ਜਿਸ ਨਾਲ ਕਿਸਾਨਾਂ ਦੀ ਸਿੰਚਾਈ ਲਾਗਤ ਘਟੇਗੀ, ਫ਼ਸਲਾਂ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ ਅਤੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਨੂੰ ਵੀ ਵੱਡਾ ਬਲ ਮਿਲੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਵਿਕਾਸ ਅਤੇ ਕਿਸਾਨਾਂ ਦੀ ਭਲਾਈ ਲਈ ਪੰਜਾਬ ਸਰਕਾਰ ਇਸੇ ਤਰ੍ਹਾਂ ਲੋਕ-ਹਿੱਤ ਪ੍ਰੋਜੈਕਟ ਲਗਾਤਾਰ ਲਾਗੂ ਕਰਦੀ ਰਹੇਗੀ।

ਇਸ ਮੌਕੇ ਐਸ.ਡੀ.ਐਮ. ਸ੍ਰੀ ਚਮਕੌਰ ਸਾਹਿਬ ਸ. ਪ੍ਰਦੀਪ ਸਿੰਘ ਬੈਂਸ, ਡੀ.ਐਸ.ਪੀ. ਸ. ਮਨਜੀਤ ਸਿੰਘ ਔਲਖ, ਪ੍ਰੋ. ਬੀਰਦਵਿੰਦਰ ਸਿੰਘ ਬੱਲਾਂ, ਜਲ ਸਰੋਤ ਵਿਭਾਗ ਦੇ ਅਧਿਕਾਰੀ ਨਿਗਰਾਨ ਇੰਜੀਨੀਅਰ ਰਮਨਦੀਪ ਸਿੰਘ ਬੈਂਸ, ਐਕਸੀਅਨ ਗੁਰਸ਼ਰਨ ਸਿੰਘ ਵਿਰਕ, ਐਸਡੀਓ ਕੁਲਵਿੰਦਰ ਸਿੰਘ, ਜੇਈ ਜਸਵੀਰ ਸਿੰਘ, ਜ਼ਿਲ੍ਹੇਦਾਰ ਸ਼ੇਰ ਸਿੰਘ, ਨਗਰ ਕੌਂਸਲ ਸ੍ਰੀ ਚਮਕੌਰ ਸਾਹਿਬ ਦੇ ਪ੍ਰਧਾਨ ਵਿਸ਼ਾਲ ਕਸ਼ਯਪ, ਜਗਤਾਰ ਸਿੰਘ ਘੜੂੰਆਂ, ਕੇਸਰ ਸਿੰਘ, ਫੌਜੀ ਅਮਰਾਲੀ, ਹਰਨੇਕ ਸਿੰਘ ਭੂਰਾ, ਸਰਪੰਚ ਕਾਕਾ ਜਟਾਣਾ, ਸਰਪੰਚ ਮਨਪ੍ਰੀਤ ਸਿੰਘ, ਸਰਪੰਚ ਅਮਨਦੀਪ ਸਿੰਘ, ਜਗਤਾਰ ਸਿੰਘ, ਭੁਪਿੰਦਰ ਸਿੰਘ ਭੂਰਾ, ਚਹਿਲ ਸਿੰਘ ਭੰਗੂ, ਨਿਰਪਾਲ ਸਿੰਘ ਮੰਡੇਰ, ਅਰਸ਼ ਧਨੋਆ, ਚੇਅਰਮੈਨ ਸੁਖਜਿੰਦਰ ਸਿੰਘ ਸੋਹੀ, ਵਾਈਸ ਚੇਅਰਮੈਨ ਸਤਵਿੰਦਰ ਸਿੰਘ, ਸਰਪੰਚ ਗੁਰਪ੍ਰੀਤ ਸਿੰਘ ਹੋਰ ਪ੍ਰਸ਼ਾਸਨਿਕ ਅਧਿਕਾਰੀ, ਪੰਚਾਇਤੀ ਨੁਮਾਇੰਦੇ, ਵੱਡੀ ਗਿਣਤੀ ਵਿੱਚ ਕਿਸਾਨ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਸਮਾਣਾ ਦੀ ਸਿਆਸਤ ਵਿੱਚ ਵੱਡਾ ਫੇਰਬਦਲ, 60 ਪਿੰਡਾਂ ਦੇ ਸਰਪੰਚਾਂ ਨੇ ਦਿੱਤਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਨੂੰ ਵੱਡਾ ਸਮਰਥਨ

## ਸਰਪੰਚ ਪੰਚਾਇਤ ਯੂਨੀਅਨ ਬਲਾਕ ਸਮਾਣਾ ਦੀ ਟੀਮ ਦਾ ਮੁੜ ਗਠਨ, ਸਰਪੰਚ ਕਮਲਜੀਤ ਸਿੰਘ ਖਾਨਪੁਰ ਮੁੜ ਬਣੇ ਪ੍ਰਧਾਨ





**ਸਮਾਣਾ, 28 ਜੁਲਾਈ (ਹਰਜਿੰਦਰ ਸਿੰਘ):** ਸਮਾਣਾ ਹਲਕੇ ਦੀ ਸਿਆਸਤ ਵਿੱਚ ਅੱਜ ਉਸ ਵੇਲੇ ਵੱਡਾ ਸਿਆਸੀ ਫੇਰਬਦਲ ਦੇਖਣ ਨੂੰ ਮਿਲਿਆ ਜਦੋਂ ਸਰਪੰਚ ਪੰਚਾਇਤ ਯੂਨੀਅਨ ਬਲਾਕ ਸਮਾਣਾ ਦੀ ਨਵੀਂ ਕਾਰਜਕਾਰੀ ਟੀਮ ਦਾ ਗਠਨ ਕੀਤਾ ਗਿਆ। ਇਸ ਦੌਰਾਨ ਇਲਾਕੇ ਦੇ 60 ਪਿੰਡਾਂ ਦੇ ਸਰਪੰਚਾਂ ਨੇ ਇਕਜੁੱਟਤਾ ਦਿਖਾਉਂਦੇ ਹੋਏ ਸਰਪੰਚ ਕਮਲਜੀਤ ਸਿੰਘ ਖਾਨਪੁਰ ਨੂੰ ਸਰਬਸੰਮਤੀ ਨਾਲ ਯੂਨੀਅਨ ਦਾ ਪ੍ਰਧਾਨ ਨਿਯੁਕਤ ਕੀਤਾ। 60 ਪਿੰਡਾਂ ਦੇ ਸਰਪੰਚਾਂ ਵੱਲੋਂ ਲਏ ਗਏ ਇਸ ਫੈਸਲੇ ਨੂੰ ਹਲਕਾ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਲਈ ਵੱਡੇ ਸਿਆਸੀ ਸਮਰਥਨ ਵਜੋਂ ਦੇਖਿਆ ਜਾ ਰਿਹਾ ਹੈ।

### ਸੁਰਜੀਤ ਸਿੰਘ ਰੱਖੜਾ ਧੜੇ ’ਤੇ ਸਰਪੰਚ ਕਮਲਜੀਤ ਸਿੰਘ ਦਾ ਤਿੱਖਾ ਹਮਲਾ

ਚੁਣੇ ਗਏ ਪ੍ਰਧਾਨ ਸਰਪੰਚ ਕਮਲਜੀਤ ਸਿੰਘ ਖਾਨਪੁਰ ਨੇ ਰੱਖੜਾ ਧੜੇ ’ਤੇ ਤਿੱਖੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਸੁਰਜੀਤ ਸਿੰਘ ਰੱਖੜਾ ਵੱਲੋਂ ਜੋ ਪੰਚਾਇਤ ਯੂਨੀਅਨ ਬਣਾਉਣ ਦਾ ਦਾਅਵਾ ਕੀਤਾ ਗਿਆ ਹੈ, ਉਹ ਬਿਲਕੁਲ ਗਲਤ ਹੈ। ਉਨ੍ਹਾਂ ਖੁਲਾਸਾ ਕੀਤਾ ਕਿ ਰੱਖੜਾ ਵੱਲੋਂ ਬਣਾਈ ਗਈ ਯੂਨੀਅਨ ਵਿੱਚ ਜਿਨ੍ਹਾਂ ਵਿਅਕਤੀਆਂ ਨੂੰ ਅਹੁਦੇਦਾਰ ਬਣਾਇਆ ਗਿਆ ਹੈ, ਉਹ ਖੁਦ ਸਰਪੰਚ ਨਹੀਂ ਹਨ ਬਲਕਿ ਉਨ੍ਹਾਂ ਦੀਆਂ ਧਰਮ ਪਤਨੀਆਂ ਸਰਪੰਚ ਹਨ। ਇਸ ਲਈ ਉਹ ਨਿਯਮਾਂ ਮੁਤਾਬਕ ਸਰਪੰਚ ਯੂਨੀਅਨ ਦੇ ਕਿਸੇ ਵੀ ਅਹੁਦੇ ’ਤੇ ਕੰਮਕਾਜ ਨਹੀਂ ਕਰ ਸਕਦੇ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਸਾਡੀ ਸਰਪੰਚ ਯੂਨੀਅਨ ਪੂਰੀ ਤਰ੍ਹਾਂ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਦੇ ਨਾਲ ਹੈ ਅਤੇ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਲਾਡੀ ਸਰਪੰਚ ਮਿਆਲ ਨੂੰ ਪ੍ਰਧਾਨ ਬਣਾਉਣ ਦਾ ਐਲਾਨ ਕੀਤਾ ਗਿਆ ਸੀ, ਪਰ 60 ਪਿੰਡਾਂ ਦੇ ਸਰਪੰਚਾਂ ਦੇ ਇਸ ਨਵੇਂ ਰੁਖ ਨੇ ਰੱਖੜਾ ਧੜੇ ਨੂੰ ਵੱਡਾ ਝਟਕਾ ਦਿੱਤਾ ਹੈ ਅਤੇ ਸਮਾਣਾ ਦੀ ਸਿਆਸਤ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ?ਨਵੀਂ ਗਠਿਤ ਕੀਤੀ ਗਈ ਟੀਮ ਵਿੱਚ ਸਰਪੰਚ ਕਮਲਜੀਤ ਸਿੰਘ ਖਾਨਪੁਰ (ਪ੍ਰਧਾਨ), ਸਰਪੰਚ ਕੁਲਜੀਤ ਸਿੰਘ ਰੰਧਾਵਾ (ਸਰਪ੍ਰਸਤ), ਸਰਪੰਚ ਗੁਰਵਿੰਦਰ ਸਿੰਘ ਕਾਕੜਾ (ਸੀਨੀਅਰ ਵਾਈਸ ਪ੍ਰਧਾਨ), ਸਰਪੰਚ ਮੁਕੰਦ ਸਿੰਘ ਬਿਸ਼ਨਪੁਰਾ (ਮੀਤ ਪ੍ਰਧਾਨ), ਸਰਪੰਚ ਅਵਤਾਰ ਸਿੰਘ ਕੁਲਬੁਰਛਾਂ (ਜਨਰਲ ਸਕੱਤਰ), ਸਰਪੰਚ ਗੁਰਨੈਬ ਸਿੰਘ ਛੰਨਾਂ (ਸਕੱਤਰ), ਸਰਪੰਚ ਰੱਛਪਾਲ ਸਿੰਘ ਭਾਲਾ (ਮੰਡ ਸਕੱਤਰ), ਸਰਪੰਚ ਵਰਿੰਦਰ ਸਿੰਘ ਚੀਮਾ (ਕੈਸ਼ੀਅਰ), ਸਰਪੰਚ ਸੁਰਿੰਦਰ ਬਠੋਈ (ਮੈਂਬਰ) ਅਤੇ ਸਰਪੰਚ ਮਨਜਿੰਦਰ ਕੌਰ (ਮੈਂਬਰ) ਦੀ ਚੋਣ ਕੀਤੀ ਗਈ ਹੈ। ਇਸ ਮੌਕੇ ਹਾਜ਼ਰ ਸਰਪੰਚਾਂ ਅਤੇ ਪੰਚਾਂ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਇਹ ਟੀਮ ਪੰਚਾਇਤਾਂ ਦੀਆਂ ਸਮੱਸਿਆਵਾਂ ਦੇ ਹੱਲ, ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ ’ਤੇ ਅੱਗੇ ਵਧਾਏਗੀ। ਨਵੀਂ ਟੀਮ ਦੀ ਚੋਣ ਨਾਲ ਇਲਾਕੇ ਵਿੱਚ ਵਿਧਾਇਕ ਚੇਤਨ ਸਿੰਘ ਜੋੜਾਮਾਜਰਾ ਦਾ ਸਿਆਸੀ ਆਧਾਰ ਹੋਰ ਮਜ਼ਬੂਤ ਹੋਇਆ ਹੈ ਸਰਦਾਰ ਰੱਖੜਾ ਤੇ ਆਮ ਆਦਮੀ ਪਾਰਟੀ ਵਿੱਚ ਆਉਣ ਕਾਰਨ ਜੋ ਉਹਨਾਂ ਤੱਕ ਗਿਰਾਫ ਹੇਠਾਂ ਗਿਆ ਸੀ ਹੁਣ 60 ਪਿੰਡਾਂ ਤੇ ਸਰਪੰਚਾਂ ਵੱਲੋਂ ਉਹਨਾਂ ਨੂੰ ਹਮਾਇਤ ਮਿਲਣ ਤੇ ਉਹਨਾਂ ਦਾ ਸਿਆਸੀ ਗਰਾਫ ਪਹਿਲਾਂ ਨਾਲੋਂ ਬਹੁਤ ਜਿਆਦਾ ਵੱਧ ਗਿਆ ਹੈ।

# ਧਰਮ ਅਤੇ ਸੇਵਾ ਦੇ ਕਾਰਜਾਂ ਵਿੱਚ ਲੱਗੇ ਰਹਿਣ ਦਾ ਸਰਵਉਤਮ ਸਮਾਂ : ਮੁਨੀ ਵਰੁਣ ‘ਅਮਰ ਸ਼ਿਸ਼ਯ’



**ਮਾਨਸਾ, 28 ਜੁਲਾਈ (ਸੰਦੀਪ ਤਾਇਲ)** ਰੋਹਿਣੀ ਸ੍ਰੀ ਸੰਘ ਵਿੱਚ ਚਾਤੁਰਮਾਸ ਲਈ ਸੁਖ-ਸ਼ਾਂਤੀ ਨਾਲ ਵਿਰਾਜੇ ਹੋਏ ਉੱਤਰ ਭਾਰਤ ਪ੍ਰਵਰਤਕ ਸ਼ਰਧੇਯ ਗੁਰਦੇਵ ਭੰਡਾਰੀ ਸ੍ਰੀ ਪਦਮਚੰਦਰ ਜੀ ਮ., ਸ਼੍ਰੁਤਾਚਾਰਯ ਉੱਤਰ ਭਾਰਤ ਪ੍ਰਵਰਤਕ ਪੂਜਨੀਯ ਗੁਰਦੇਵ ਸ੍ਰੀ ਅਮਰ ਮੁਨੀ ਜੀ ਮ. ਦੇ ਸ਼ਿਸ਼ਯ ਸ਼੍ਰਮਣ ਸੰਘੀ ਉਪ-ਪ੍ਰਵਰਤਕ ਸ੍ਰੀ ਪੰਕਜ ਮੁਨੀ ਜੀ ਮ., ਪ੍ਰਵਚਨਕਾਰ ਦੱਖਣ ਸੂਰਜ ਗੁਰਦੇਵ ਡਾ. ਵਰੁਣ ਮੁਨੀ ਜੀ ਮ. ‘ਅਮਰ ਸ਼ਿਸ਼ਯ’ ਅਤੇ ਮਧੁਰ ਵਕਤਾ ਗੁਰਦੇਵ ਸ੍ਰੀ ਰੁਪੇਸ਼ ਮੁਨੀ ਜੀ ਮ. ‘ਰਜਤ’ ਆਦਿ ਠਾਣੇ ਦੀ ਅਗਵਾਈ ਵਿੱਚ ਧਰਮ ਦੀ ਗੰਗਾ ਨਿਰੰਤਰ ਪ੍ਰਵਾਹਿਤ ਹੋ ਰਹੀ ਹੈ। ਅੱਜ ਆਪਣੇ ਪ੍ਰਵਚਨ ਦੌਰਾਨ ਗੁਰਦੇਵ ਡਾ. ਵਰੁਣ ਮੁਨੀ ਜੀ ਮ. ਨੇ ਰਿਸ਼ੀਭਾਸ਼ਿਤ ਸੂਤਰ ਦੀ ਵਿਆਖਿਆ ਨੂੰ ਅੱਗੇ ਵਧਾਉਂਦੇ ਹੋਏ ਦੱਸਿਆ ਕਿ ਇਸ ਸੂਤਰ ਵਿੱਚ ਵਰਣਿਤ ਪਹਿਲੇ ਰਿਸ਼ੀ ਨਾਰਦ ਵੱਲੋਂ ਦਿੱਤੇ ਉਪਦੇਸ਼ ਅਨੁਸਾਰ ਸਭ ਤੋਂ ਪਹਿਲਾਂ ਸ਼ਰਧਾਲੂਆਂ ਨੂੰ ਵੀਤਰਾਗਾਂ ਦੀ ਬਾਣੀ, ਸੰਤਾਂ ਦੀ ਬਾਣੀ ਅਤੇ ਸਧਾਰਮਿਕ ਜਨਾਂ ਦੀ ਬਾਣੀ ਸੁਣਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਲ ਵਿੱਚ ਤਿੰਨ ਚਾਤੁਰਮਾਸ ਆਉਂਦੇ ਹਨ, ਜਿਨ੍ਹਾਂ ਵਿੱਚੋਂ ਦੋ ਪ੍ਰਵਿਰਤੀ ਪ੍ਰਧਾਨ ਅਤੇ ਇੱਕ ਨਿਵਿਰਤੀ ਪ੍ਰਧਾਨ ਮੰਨਿਆ ਜਾਂਦਾ ਹੈ। ਚਾਤੁਰਮਾਸ ਦੇ ਸ਼੍ਰਾਵਣ, ਭਾਦਰਪਦ, ਆਸੋਜ (ਆਸ਼ਵਿਨ) ਅਤੇ ਕਾਰਤਿਕ ਇਹ ਚਾਰ ਮਹੀਨੇ ਨਿਵਿਰਤੀ ਪ੍ਰਧਾਨ ਮੰਨੇ ਗਏ ਹਨ, ਜਦਕਿ ਬਾਕੀ ਅੱਠ ਮਹੀਨੇ ਸੰਸਾਰਿਕ ਫ਼ਰਜ਼ ਨਿਭਾਉਣ ਲਈ ਹੁੰਦੇ ਹਨ। ਗੁਰਦੇਵ ਨੇ ਕਿਹਾ ਕਿ ਇਹ ਚਾਰ ਮਹੀਨੇ ਧਰਮ ਦੀ ਕਮਾਈ ਕਰਨ ਦਾ ਸੁਨਹਿਰਾ ਮੌਕਾ ਹੁੰਦੇ ਹਨ। ਅਕਬਰ-ਬੀਰਬਲ ਦੇ ਸੰਵਾਦ ਦਾ ਉਦਾਹਰਨ ਦਿੰਦਿਆਂ ਗੁਰਦੇਵ ਨੇ ਕਿਹਾ ਕਿ ਬਾਦਸ਼ਾਹ ਅਕਬਰ ਨੇ ਬੀਰਬਲ ਤੋਂ ਪੁੱਛਿਆ ਕਿ ਜੇ 12 ਮਹੀਨਿਆਂ ਵਿੱਚੋਂ ਚਾਤੁਰਮਾਸ ਦੇ ਚਾਰ ਮਹੀਨੇ ਕੱਢ ਦਿੱਤੇ ਜਾਣ ਤਾਂ ਕਿੰਨੇ ਮਹੀਨੇ ਬਚਦੇ ਹਨ? ਇਸ ’ਤੇ ਬੀਰਬਲ ਨੇ ਜਵਾਬ ਦਿੱਤਾ ਕਿ ਜੇ ਇਹ ਚਾਰ ਮਹੀਨੇ ਹੀ ਕੱਢ ਦਿੱਤੇ ਜਾਣ ਤਾਂ ਕੁਝ ਵੀ ਨਹੀਂ ਬਚਦਾ, ਕਿਉਂਕਿ ਇਹੀ ਚਾਰ ਮਹੀਨੇ ਜੀਵਨ ਦੇ ਉਤਥਾਨ ਦਾ ਆਧਾਰ ਹਨ। ਇਹ ਚਾਰ ਮਹੀਨੇ ਅੱਠ ਮਹੀਨਿਆਂ ਦੇ ਬਰਾਬਰ ਮਹੱਤਵ ਰੱਖਦੇ ਹਨ। ਇਹ ਸੰਸਾਰਿਕ ਕਾਰਜਾਂ ਤੋਂ ਨਿਵਿਰਤੀ ਅਤੇ ਆਤਮਿਕ ਉਤਥਾਨ ਦਾ ਅਨਮੋਲ ਸਮਾਂ ਹੈ। ਗੁਰਦੇਵ ਨੇ ਚਾਤੁਰਮਾਸ ਦੇ ਚਾਰ ਮਹੀਨਿਆਂ ਦੀ ਵਿਆਖਿਆ ਕਰਦਿਆਂ ਦੱਸਿਆ ਕਿ ਸਾਵਣ (ਸ਼੍ਰਾਵਣ) ਦਾ ਅਰਥ ਹੈ ਵੀਤਰਾਗਾਂ, ਆਗਮਾਂ ਅਤੇ ਸੰਤਾਂ ਦੀ ਬਾਣੀ ਸੁਣਨੀ। ਭਾਦੋਂ (ਭਾਦਰਪਦ) ਦਾ ਅਰਥ ਹੈ ਭਦਰ, ਸਰਲ ਅਤੇ ਸਦਾਚਾਰੀ ਬਣਨਾ। ਆਸੋਜ (ਆਸ਼ਵਿਨ) ਦਾ ਅਰਥ ਹੈ ਆਤਮਾ ਵਿੱਚ ਲੀਨ ਹੋਣ ਦਾ ਯਤਨ ਕਰਨਾ ਅਤੇ ਬਾਹਰਮੁਖੀ ਤੋਂ ਅੰਦਰਮੁਖੀ ਬਣਨਾ। ਕਾਰਤਿਕ (ਵੈਦਿਕ ਧਰਮ ਵਿੱਚ ਦਾਮੋਦਰ ਮਾਸ) ਦਾ ਅਰਥ ਹੈ ਆਪਣੇ ਕਰਮਾਂ ਦਾ ਖ਼ਾਤਮਾ ਕਰਨ ਦਾ ਯਤਨ ਕਰਨਾ। ਉਨ੍ਹਾਂ ਦੱਸਿਆ ਕਿ ਚਾਤੁਰਮਾਸ ਚਾਰ ਮਹੀਨਿਆਂ ਦਾ ਅਜਿਹਾ ਪਵਿੱਤਰ ਸਮਾਂ ਹੈ ਜਿਸ ਵਿੱਚ ਸਾਧਕ ਨੂੰ ਆਪਣੇ ਦੁਰਕਰਮਾਂ ਤੋਂ ਮੁਕਤੀ ਪ੍ਰਾਪਤ ਕਰਨ ਦਾ ਸੁਨਹਿਰਾ ਮੌਕਾ ਮਿਲਦਾ ਹੈ। ਚਾਤੁਰਮਾਸ ਮਨਾਉਣ ਦੇ ਉਦੇਸ਼ਾਂ ਬਾਰੇ ਉਨ੍ਹਾਂ ਕਿਹਾ ਕਿ ਸ਼੍ਰਾਵਕ-ਸ਼੍ਰਾਵਿਕਾਵਾਂ ਦਾ ਪਹਿਲਾ ਉਦੇਸ਼ ਜੀਵ ਦਇਆ ਹੋਣਾ ਚਾਹੀਦਾ ਹੈ। ਵਰਖਾ ਰੁੱਤ ਦੌਰਾਨ ਅਨੇਕਾਂ ਜੀਵ-ਜੰਤੂ ਧਰਤੀ ਉੱਤੇ ਆ ਜਾਂਦੇ ਹਨ, ਇਸ ਲਈ ਉਨ੍ਹਾਂ ਦੀ ਹਿੰਸਾ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਕਈ ਧਰਮਾਂ ਵਿੱਚ ਚਾਤੁਰਮਾਸ ਮਨਾਉਣ ਦੀ ਪਰੰਪਰਾ ਹੈ, ਸਮੇਂ ਦੇ ਨਾਲ ਕੁਝ ਬਦਲਾਅ ਆਏ ਹਨ, ਪਰ ਜੈਨ ਧਰਮ ਵਿੱਚ ਚਾਤੁਰਮਾਸ ਦੇ ਉਦੇਸ਼ ਅੱਜ ਵੀ ਉਹੀ ਹਨ ਜੋ ਭਗਵਾਨ ਮਹਾਵੀਰ ਨੇ ਆਪਣੇ ਉਪਦੇਸ਼ਾਂ ਵਿੱਚ ਦੱਸੇ ਸਨ। ਅੱਜ ਵੀ ਉਸੇ ਪਰੰਪਰਾ ਦਾ ਪਾਲਣ ਕੀਤਾ ਜਾ ਰਿਹਾ ਹੈ। ਗੁਰਦੇਵ ਨੇ ਕਿਹਾ ਕਿ ਦੂਜਾ ਉਦੇਸ਼ ਧਰਮ ਪ੍ਰਭਾਵਨਾ ਹੈ। ਇਨ੍ਹਾਂ ਚਾਰ ਮਹੀਨਿਆਂ ਵਿੱਚ ਸਤਸੰਗ, ਧਰਮ ਚਰਚਾ, ਆਗਮ ਅਤੇ ਸ਼ਾਸਤਰਾਂ ਦਾ ਸ੍ਰਵਣ ਕਰਕੇ ਉਨ੍ਹਾਂ ਨੂੰ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਇਸ ਤੋਂ ਬਾਅਦ ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਆਪਣੀ ਸਾਧਨਾ ਵਿੱਚ ਲੀਨ ਹੋਣਾ ਚਾਹੀਦਾ ਹੈ, ਕਿਉਂਕਿ ਇਹ ਸਮਾਂ ਸਾਧਨਾ ਅਤੇ ਆਰਾਧਨਾ ਲਈ ਸਰਵੋਤਮ ਹੁੰਦਾ ਹੈ। ਇਹ ਤਪ, ਜਪ, ਸਵਾਧਿਆਇ ਅਤੇ ਆਗਮਾਂ ਦੇ ਅਧਿਐਨ ਦਾ ਸਮਾਂ ਹੈ। ਸੰਤਾਂ ਦਾ ਆਭਾਮੰਡਲ ਵੀ ਇਸ ਸਮੇਂ ਵਿਸ਼ੇਸ਼ ਪ੍ਰਭਾਵਸ਼ਾਲੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜਪ-ਤਪ ਅਤੇ ਧਰਮ-ਧਿਆਨ ਨਾਲ ਜਿੱਥੇ ਜੀਵਨ ਵਿੱਚ ਮਿੱਠਾਸ ਆਉਂਦੀ ਹੈ, ਉੱਥੇ ਮੋਖ ਦਾ ਮਾਰਗ ਵੀ ਪ੍ਰਸ਼ਸਤ ਹੁੰਦਾ ਹੈ। ਗਿਆਨ, ਦਰਸ਼ਨ, ਤਪ ਅਤੇ ਚਾਰਿਤਰ - ਇਹ ਧਰਮ ਆਰਾਧਨਾ ਦੇ ਚਾਰ ਆਧਾਰ ਹਨ, ਜਿਨ੍ਹਾਂ ਦੇ ਪਾਲਣ ਨਾਲ ਸਾਧਕ ਮੋਖ ਵੱਲ ਅੱਗੇ ਵਧਦਾ ਹੈ। ਗੁਰਦੇਵ ਨੇ ਕਿਹਾ ਕਿ ਇਨ੍ਹਾਂ ਚਾਰ ਮਹੀਨਿਆਂ ਵਿੱਚ ਸ਼੍ਰਾਵਕ-ਸ਼੍ਰਾਵਿਕਾਵਾਂ ਨੂੰ ਪ੍ਰਤੀਕ੍ਰਮਣ ਕਰਨਾ ਅਤੇ ਉਸ ਨੂੰ ਕੰਠਸਥ ਕਰਨ ਦਾ ਭਾਵ ਰੱਖਣਾ ਚਾਹੀਦਾ ਹੈ। ਦੱਖਣ ਭਾਰਤ ਵਿੱਚ ਧਰਮ ਆਰਾਧਨਾ ਦਾ ਜ਼ਿਕਰ ਕਰਦਿਆਂ ਉਨ੍ਹਾਂ ਉੱਥੋਂ ਦੇ ਬੱਚਿਆਂ ਵਿੱਚ ਧਾਰਮਿਕ ਆਚਰਨ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਹਰ ਸਾਧਕ ਨੂੰ ਪ੍ਰਤੀਕ੍ਰਮਣ ਜ਼ਰੂਰ ਯਾਦ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹਰ ਰੋਜ਼ ਸ਼ਾਮ ਜਾਂ ਰਾਤ ਸੌਣ ਤੋਂ ਪਹਿਲਾਂ ਭਾਵ ਪ੍ਰਤੀਕ੍ਰਮਣ ਜ਼ਰੂਰ ਕਰਨਾ ਚਾਹੀਦਾ ਹੈ। ਇਸ ਦੇ ਨਾਲ ਹੀ ਇਨ੍ਹਾਂ ਚਾਰ ਮਹੀਨਿਆਂ ਵਿੱਚ ਕੋਈ ਨਾ ਕੋਈ ਪ੍ਰਤਿਆਖਿਆਨ (ਪੱਚੱਖਾਣ) ਜ਼ਰੂਰ ਧਾਰਨ ਕਰਨਾ ਚਾਹੀਦਾ ਹੈ ਤਾਂ ਜੋ ਪਾਪਾਂ ਤੋਂ ਮੁਕਤੀ ਮਿਲ ਸਕੇ। ਗੁਰਦੇਵ ਨੇ ਅੱਗੇ ਕਿਹਾ ਕਿ ਚਾਤੁਰਮਾਸ ਦੌਰਾਨ ਤਪੱਸਿਆ, ਧਰਮ ਆਰਾਧਨਾ, ਪੌਸ਼ਧ ਆਦਿ ਦਾ ਸੰਕਲਪ ਜ਼ਰੂਰ ਲੈਣਾ ਚਾਹੀਦਾ ਹੈ। ਨਾਲ ਹੀ ਪਰਉਪਕਾਰ ਦੀ ਭਾਵਨਾ ਨੂੰ ਜੀਵਨ ਵਿੱਚ ਉਤਾਰਨਾ ਚਾਹੀਦਾ ਹੈ, ਜਿਵੇਂ ਕਿਸੇ ਗਰੀਬ, ਬੀਮਾਰ ਜਾਂ ਸਧਾਰਮਿਕ ਭਰਾ ਦੀ ਮਦਦ ਕਰਨਾ ਅਤੇ ਮੂਕ ਜੀਵਾਂ ਦੀ ਸੇਵਾ ਕਰਨੀ। ਦਾਨ, ਤਪ ਅਤੇ ਸ਼ੀਲ ਦੀ ਭਾਵਨਾ ਮਨੁੱਖ ਦੇ ਜੀਵਨ ਨੂੰ ਉੱਚਾ ਬਣਾਉਂਦੀ ਹੈ। ਆਗਮਾਂ ਵਿੱਚ ਦਾਨਵੀਰ ਦੀ ਅਨੁਮੋਦਨਾ ਦਾ ਫਲ ਵੀ ਬਹੁਤ ਉੱਤਮ ਦੱਸਿਆ ਗਿਆ ਹੈ। ਅੰਤ ਵਿੱਚ ਮਧੁਰ ਵਕਤਾ ਸ੍ਰੀ ਰੁਪੇਸ਼ ਮੁਨੀ ਜੀ ਮ. ਨੇ ਭਜਨ ਪੇਸ਼ ਕੀਤਾ ਅਤੇ ਉਪ-ਪ੍ਰਵਰਤਕ ਗੁਰਦੇਵ ਸ੍ਰੀ ਪੰਕਜ ਮੁਨੀ ਜੀ ਮ. ਦੇ ਮੰਗਲ ਪਾਠ ਨਾਲ ਅੱਜ ਦੇ ਪ੍ਰਵਚਨ ਦਾ ਸਮਾਪਨ ਹੋਇਆ।

# ਸੀਐਨ ਟਾਵਰ ਦੀ ਯਾਤਰਾ - ਟੇਕ ਚੰਦ ਜਗਤਪੁਰ ਦੀ ਕਲਮ ਤੋਂ








ਕੈਨੇਡਾ ਦੇ ਦੌਰੇ ਦੌਰਾਨ ਮੈਨੂੰ ਟੋਰਾਂਟੋ ਸ਼ਹਿਰ ਦੇ ਵਿਸ਼ਵ ਪ੍ਰਸਿੱਧ ਸੀਐਨ ਟਾਵਰ (CN Tower) ਨੂੰ ਨੇੜਿਓਂ ਦੇਖਣ ਅਤੇ ਇਸ ਦੀ ਚੋਟੀ ਤੋਂ ਕੁਦਰਤ ਅਤੇ ਸ਼ਹਿਰ ਦੇ ਮਨਮੋਹਕ ਨਜ਼ਾਰਿਆਂ ਦਾ ਅਨੰਦ ਮਾਣਨ ਦਾ ਸੁਭਾਗ CHALO FRESHCO ਦੇ ਮਾਲਿਕ ਬਾਲੀ ਸਿੰਘ ,ਉਨ੍ਹਾਂ ਦੀ ਧਰਮ ਪਤਨੀ ਮਨਮਿੰਦਰ ਕੌਰ,ਬੇਟਾ ਪੀਟਨ ਦੀ ਬਦੌਲਤ ਪ੍ਰਾਪਤ ਹੋਇਆ। ਇਹ ਯਾਤਰਾ ਮੇਰੇ ਜੀਵਨ ਦੀਆਂ ਸਭ ਤੋਂ ਯਾਦਗਾਰ ਯਾਤਰਾਵਾਂ ਵਿੱਚੋਂ ਇੱਕ ਰਹੀ। ਜਦੋਂ ਮੈਂ ਤੇਜ਼ ਰਫ਼ਤਾਰ ਲਿਫ਼ਟ ਰਾਹੀਂ ਕੁਝ ਹੀ ਪਲਾਂ ਵਿੱਚ ਟਾਵਰ ਦੀ ਉੱਚਾਈ ’ਤੇ ਪਹੁੰਚਿਆ ਤਾਂ ਉੱਥੋਂ ਦਿਖਾਈ ਦੇ ਰਹੇ ਦ੍ਰਿਸ਼ ਨੇ ਮਨ ਨੂੰ ਮੋਹ ਲਿਆ।

ਸੀਐਨ ਟਾਵਰ ਕੈਨੇਡਾ ਦੇ ਟੋਰਾਂਟੋ ਸ਼ਹਿਰ ਦਾ ਸਭ ਤੋਂ ਵੱਡਾ ਪ੍ਰਤੀਕ ਹੈ। 553.3 ਮੀਟਰ (1,815 ਫੁੱਟ 5 ਇੰਚ) ਉੱਚਾ ਇਹ ਟਾਵਰ 1973 ਵਿੱਚ ਬਣਨਾ ਸ਼ੁਰੂ ਹੋਇਆ ਅਤੇ 1975 ਵਿੱਚ ਤਿਆਰ ਹੋ ਗਿਆ, ਜਦਕਿ 26 ਜੂਨ 1976 ਨੂੰ ਇਸ ਨੂੰ ਆਮ ਲੋਕਾਂ ਲਈ ਖੋਲ੍ਹ ਦਿੱਤਾ ਗਿਆ। ਇਸ ਦਾ ਨਿਰਮਾਣ ਉਸ ਸਮੇਂ ਟੋਰਾਂਟੋ ਵਿੱਚ ਵਧ ਰਹੀਆਂ ਉੱਚੀਆਂ ਇਮਾਰਤਾਂ ਕਾਰਨ ਟੈਲੀਵਿਜ਼ਨ ਅਤੇ ਰੇਡੀਓ ਸਿਗਨਲਾਂ ਵਿੱਚ ਆ ਰਹੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਕੀਤਾ ਗਿਆ ਸੀ।

ਸਾਲ 1975 ਤੋਂ 2007 ਤੱਕ ਸੀਐਨ ਟਾਵਰ ਦੁਨੀਆ ਦਾ ਸਭ ਤੋਂ ਉੱਚਾ ਖੁਦ-ਖੜ੍ਹਾ ਢਾਂਚਾ ਰਿਹਾ। ਭਾਵੇਂ ਬਾਅਦ ਵਿੱਚ ਦੁਬਈ ਦਾ ਬੁਰਜ ਖਲੀਫ਼ਾ ਇਸ ਤੋਂ ਉੱਚਾ ਬਣ ਗਿਆ, ਪਰ ਅੱਜ ਵੀ ਸੀਐਨ ਟਾਵਰ ਦੁਨੀਆ ਦੇ ਸਭ ਤੋਂ ਪ੍ਰਸਿੱਧ ਨਿਰੀਖਣ ਟਾਵਰਾਂ ਵਿੱਚ ਆਪਣਾ ਵਿਲੱਖਣ ਸਥਾਨ ਰੱਖਦਾ ਹੈ।

ਟਾਵਰ ਦੇ LookOut Level ਤੋਂ ਪੂਰਾ ਟੋਰਾਂਟੋ ਸ਼ਹਿਰ ਇੱਕ ਜੀਵੰਤ ਤਸਵੀਰ ਵਾਂਗ ਦਿਖਾਈ ਦਿੰਦਾ ਹੈ। Glass Floor ’ਤੇ ਖੜ੍ਹ ਕੇ ਹੇਠਾਂ ਦੇਖਣਾ ਰੋਮਾਂਚ ਨਾਲ ਭਰਪੂਰ ਅਨੁਭਵ ਹੈ। SkyPod, ਜੋ ਲਗਭਗ 447 ਮੀਟਰ ਦੀ ਉਚਾਈ ’ਤੇ ਸਥਿਤ ਹੈ, ਤੋਂ ਸਾਫ਼ ਮੌਸਮ ਵਿੱਚ 150 ਤੋਂ 160 ਕਿਲੋਮੀਟਰ ਤੱਕ ਦਾ ਇਲਾਕਾ ਨਜ਼ਰ ਆ ਜਾਂਦਾ ਹੈ। ਇੱਥੇ ਸਥਿਤ 360 Restaurant ਹੌਲੀ-ਹੌਲੀ ਘੁੰਮਦਾ ਹੈ ਅਤੇ ਲਗਭਗ 72 ਮਿੰਟ ਵਿੱਚ ਇੱਕ ਪੂਰਾ ਚੱਕਰ ਲਗਾਉਂਦਾ ਹੈ, ਜਿਸ ਨਾਲ ਭੋਜਨ ਦਾ ਆਨੰਦ ਲੈਂਦੇ ਹੋਏ ਹਰ ਪਾਸੇ ਦੇ ਸੁੰਦਰ ਨਜ਼ਾਰੇ ਵੇਖੇ ਜਾ ਸਕਦੇ ਹਨ।



# ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਵਿਦਿਆਰਥੀ ਸਨਮਾਨ ਸਮਾਰੋਹ ਭਲਕੇ

**ਕੋਟਕਪੂਰਾ, 28 ਜੁਲਾਈ (ਟਿੰਕੂ ਕੁਮਾਰ)** ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਦੀ 31 ਜੁਲਾਈ ਨੂੰ ਸਰਕਾਰੀ ਛੁੱਟੀ ਹੋਣ ਕਰਕੇ ਮਿਤੀ 30 ਜੁਲਾਈ ਦਿਨ ਵੀਰਵਾਰ ਨੂੰ ਸਵੇਰੇ 8.00 ਵਜੇ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸਥਾਨਕ ਪੀ ਐਮ ਸ੍ਰੀ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਵਿਖੇ ਮਨਾਇਆ ਜਾ ਰਿਹਾ ਹੈ। ਸੁਸਾਇਟੀ ਦੇ ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਪ੍ਰੋਫੈਸਰ ਹਰਬੰਸ ਸਿੰਘ ਪਦਮ, ਮੁਖ਼ਤਿਆਰ ਸਿੰਘ ਮੱਤਾ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ ਅਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਮੁੱਖ ਅਧਿਆਪਕ ਮੁਨੀਸ਼ ਕੁਮਾਰ ਛਾਬੜਾ ਨੇ ਦੱਸਿਆ ਹੈ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਮੈਡਮ ਅੰਜਨਾ ਕੌਸ਼ਲ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਅਤੇ ਸੈਕੰਡਰੀ) ਫਰੀਦਕੋਟ ਅਤੇ ਵਿਸ਼ੇਸ਼ ਮਹਿਮਾਨ ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਕੋਟਕਪੂਰਾ ਹੋਣਗੇ। ਸਮਾਗਮ ਦੌਰਾਨ ਪਿਛਲੀਆਂ ਰਵਾਇਤਾਂ ਅਨੁਸਾਰ ਪੰਜਾਬ ਸਕੂਲ ਸਿੱਖਿਆ ਬੋਰਡ ਸਾਲ 2025-26 ਦੀਆਂ ਅੱਠਵੀਂ ਅਤੇ ਦਸਵੀਂ ਜਮਾਤ ਦੀਆਂ ਸਲਾਨਾ ਪ੍ਰੀਖਿਆਵਾਂ ਵਿੱਚੋਂ ਸਰਕਾਰੀ ਸਕੂਲਾਂ ਦੀ ਜ਼ਿਲ੍ਹਾ ਫਰੀਦਕੋਟ ਦੀ ਮੈਰਿਟ ਸੂਚੀ ਵਿੱਚ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਅਤੇ ਸਰਕਾਰੀ ਹਾਈ ਸਕੂਲ ਸੁਰਗਾਪੁਰੀ ਕੋਟਕਪੂਰਾ ਦੇ ਹੋਣਹਾਰ ਵਿਦਿਆਰਥੀ ਸਨਮਾਨਿਤ ਕੀਤੇ ਜਾ ਰਹੇ ਹਨ। ਉਹਨਾਂ ਅੱਗੇ ਦੱਸਿਆ ਕਿ ਸਮਾਗਮ ਦੌਰਾਨ ਸ਼ਹੀਦ ਊਧਮ ਸਿੰਘ ਜੀ ਦੇ ਧਰਮ ਨਿਰਪੱਖਤਾ ਵਾਲੇ ਸਿਧਾਂਤ ਅਤੇ ਆਜ਼ਾਦੀ ਸੰਗਰਾਮ ਵਿੱਚ ਪਾਏ ਗਏ ਯੋਗਦਾਨ ਸਬੰਧੀ ਵੱਖ ਵੱਖ ਬੁਲਾਰੇ ਵਿਚਾਰ ਪੇਸ਼ ਕਰਨਗੇ।

# ਪਟਿਆਲਾ ਦੇ ਗੋਬਿੰਦ ਬਾਗ ਆਸ਼ਰਮ ਵਿਖੇ ਗੁਰੂ ਪੂਰਨਿਮਾ ਉਤਸਵ ਬਹੁਤ ਹੀ ਧੂਮ-ਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ





**ਪਟਿਆਲਾ, 28 ਜੁਲਾਈ (ਅਮਨ ਸਿੱਧੂ ਮੱਲੇਵਾਲ)** ਗੁਰੂ ਪੂਰਨਿਮਾ ਦੇ ਸ਼ੁਭ ਮੌਕੇ 'ਤੇ ਵਿਸ਼ਵ ਜਾਗ੍ਰਿਤੀ ਮਿਸ਼ਨ ਪਟਿਆਲਾ ਮੰਡਲ (ਸੰਸਥਾਪਕ ਆਚਾਰੀਆ ਸੁਧਾਂਸ਼ੂ ਜੀ ਮਹਾਰਾਜ) ਰਾਜਪੁਰਾ ਰੋਡ 'ਤੇ ਸਥਿਤ ਸਥਾਨਕ ਗੋਵਿੰਦ ਬਾਗ ਆਸ਼ਰਮ ਵਿਖੇ ਗੁਰੂ ਪੂਰਨਿਮਾ ਉਤਸਵ ਬਹੁਤ ਧੂਮ-ਧਾਮ ਅਤੇ ਸ਼ਰਧਾ ਨਾਲ ਮਨਾਇਆ। ਇਸ ਮੌਕੇ ਇੱਕ ਸਤਿਸੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 500 ਤੋਂ ਵੱਧ ਗੁਰੂ ਭਗਤਾਂ ਅਤੇ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਨ ਨਾਲ ਹੋਈ। ਵਿਸ਼ਵ ਜਾਗ੍ਰਿਤੀ ਮਿਸ਼ਨ ਪਟਿਆਲਾ ਮੰਡਲ ਦੇ ਪ੍ਰਧਾਨ ਸ਼੍ਰੀ ਅਜੈ ਅਲੀਪੁਰੀਆ ਨੇ ਕਿਹਾ, ਅਸੀਂ ਬਹੁਤ ਭਾਗਸ਼ਾਲੀ ਹਾਂ ਕਿ ਸਾਨੂੰ ਆਚਾਰੀਆ ਸੁਧਾਂਸ਼ੂ ਜੀ ਵਰਗਾ ਗੁਰੂ ਮਿਲਿਆ ਹੈ, ਜਿਨ੍ਹਾਂ ਦੀ ਮੌਜੂਦਗੀ ਸਾਡੇ ਜੀਵਨ ਨੂੰ ਸਹੀ ਰਸਤੇ ਤੇ ਪਾ ਸਕਦੀ ਹੈ। ਉਨ੍ਹਾਂ ਅੱਗੇ ਕਿਹਾ, ਜੇਕਰ ਅਸੀਂ ਗੁਰੂ ਪੂਰਨਿਮਾ ਦੇ ਇਸ ਸ਼ੁਭ ਮੌਕੇ 'ਤੇ ਗੁਰੂ ਜੀ ਨੂੰ ਗੁਰੂ ਦਕਸ਼ਿਣਾ ਭੇਟ ਕਰਨਾ ਚਾਹੁੰਦੇ ਹਾਂ, ਤਾਂ ਉਹ ਭੇਟ ਉਨ੍ਹਾਂ ਦੁਆਰਾ ਦਰਸਾਏ ਮਾਰਗ 'ਤੇ ਚੱਲਣਾ ਹੈ। ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਕੇ ਲੋਕਾਂ ਅਤੇ ਸਮਾਜ ਦੀ ਸੇਵਾ ਕਰਨੀ ਚਾਹੀਦੀ ਹੈ, ਅਤੇ ਆਪਣੇ ਜੀਵਨ ਨੂੰ ਧੰਨ ਬਣਾਉਣਾ ਚਾਹੀਦਾ ਹੈ। ਸ੍ਰੀ ਹਨੀ ਕੰਬੋਜ, ਸ਼੍ਰੀਮਤੀ ਨੀਲਮ ਖੰਨਾ, ਸ਼੍ਰੀਮਤੀ ਨੀਲਮ ਧਮੀਜਾ ਅਤੇ ਰੁਚੀ ਗੁਪਤਾ ਨੇ ਭਜਨ ਗਾਇਨ ਕਰਕੇ ਸਤਿਸੰਗੀਆਂ ਨੂੰ ਮੋਹਿਤ ਕਰ ਦਿੱਤਾ। ਉਨ੍ਹਾਂ ਨੇ ਦਰਸ਼ਕਾਂ ਨੂੰ ਆਪਣੇ ਭਜਨਾਂ ਨਾਲ ਨੱਚਣ ਲਈ ਮਜਬੂਰ ਕਰ ਦਿੱਤਾ। ਸਤਿਸੰਗ ਦੌਰਾਨ ਆਚਾਰੀਆ ਗੁਰੂਵਰ ਸੁਧਾਂਸ਼ੂ ਜੀ ਮਹਾਰਾਜ ਦਾ ਇੱਕ ਵੀਡੀਓ ਸੰਦੇਸ਼ ਵੀ ਚਲਾਇਆ ਗਿਆ। ਉਨ੍ਹਾਂ ਨੇ ਸਾਰੇ ਭਗਤਾਂ ਨੂੰ ਆਸ਼ੀਰਵਾਦ ਦਿੱਤਾ। ਆਪਣੇ ਸੰਦੇਸ਼ ਵਿੱਚ ਉਨ੍ਹਾਂ ਕਿਹਾ ਕਿ ਗੁਰੂ ਦਾ ਸਾਰੇ ਧਰਮ ਗ੍ਰੰਥਾਂ ਵਿੱਚ ਬਹੁਤ ਉੱਚਾ ਸਥਾਨ ਹੈ। ਜੇਕਰ ਅਸੀਂ ਆਪਣੇ ਗੁਰੂ ਦੁਆਰਾ ਦਰਸਾਏ ਮਾਰਗ 'ਤੇ ਚੱਲੀਏ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲੀਏ, ਤਾਂ ਗੁਰੂ ਦਾ ਆਸ਼ੀਰਵਾਦ ਹਮੇਸ਼ਾ ਸਾਡੇ 'ਤੇ ਬਣਿਆ ਰਹੇਗਾ।

ਪ੍ਰੋਗਰਾਮ ਦੇ ਅੰਤ ਵਿੱਚ, ਸਾਰੇ ਭਗਤਾਂ ਨੇ ਗੁਰੂ ਪੂਜਾ ਕੀਤੀ ਅਤੇ ਗੁਰੂ ਆਰਤੀ ਕੀਤੀ। ਸਤਿਸੰਗ ਵਿੱਚ ਮੌਜੂਦ ਸਾਰੇ ਭਗਤਾਂ ਲਈ ਇੱਕ ਭੰਡਾਰੇ ਦਾ ਪ੍ਰਬੰਧ ਕੀਤਾ ਗਿਆ। ਸਤਿਸੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼੍ਰੀ ਪ੍ਰਦੀਪ ਗਰਗ, ਸ਼੍ਰੀ ਸੁਨੀਲ ਗੁਪਤਾ, ਸ਼੍ਰੀ ਅਜੈ ਖੰਨਾ, ਸ਼੍ਰੀ ਸਤੀਸ਼ ਸ਼ਰਮਾ, ਸ਼੍ਰੀ ਸਤਪਾਲ, ਸ਼੍ਰੀ ਸੁਰਿੰਦਰ ਕੁਮਾਰ, ਸ਼੍ਰੀ ਰਵਿੰਦਰ ਵਰਮਾ, ਸ਼੍ਰੀ ਅਜੈ ਕੁਮਾਰ ਗੁਪਤਾ, ਸ਼੍ਰੀ ਸੰਜੇ ਬਾਂਸਲ, ਸ਼੍ਰੀ ਨਰੇਸ਼ ਧਮੀਜਾ, ਸ਼੍ਰੀ ਕਰਨ ਧਮੀਜਾ ਅਤੇ ਸ਼੍ਰੀ ਜੀ.ਕੇ. ਵਰਮਾ ਮੌਜੂਦ ਸਨ।



# ਸਾਵਣ ਮਹੀਨੇ ਦੌਰਾਨ 30 ਜੁਲਾਈ ਤੋਂ 28 ਅਗਸਤ ਤੱਕ ਸ੍ਰੀ ਸਨਾਤਨ ਧਰਮ ਕ੍ਰਿਸ਼ਨਾ ਮੰਦਰ ਵਿਖੇ ਹੋਵੇਗਾ ਭਗਵਾਨ ਸ਼ਿਵ ਦਾ ਵਿਸ਼ੇਸ਼ ਸ਼ਿੰਗਾਰ

**ਮਲੋਟ, 28 ਜੁਲਾਈ (ਹਰਦੀਪ ਸਿੰਘ ਖਾਲਸਾ):** ਭਗਵਾਨ ਸ਼ਿਵ ਨੂੰ ਸਮਰਪਿਤ ਪਵਿੱਤਰ ਸਾਵਣ ਮਹੀਨੇ ਦੇ ਮੌਕੇ 'ਤੇ ਸਥਾਨਕ ਸ੍ਰੀ ਸਨਾਤਨ ਧਰਮ ਕ੍ਰਿਸ਼ਨਾ ਮੰਦਰ, ਕੋਰਟ ਰੋਡ ਵਿਖੇ ਇਸ ਸਾਲ ਵੀ ਸ਼ਿਵ ਕੇ ਸੇਵਕ ਪਰਿਵਾਰ ਵੱਲੋਂ ਇੱਕ ਮਹੀਨੇ ਤੱਕ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਏ ਜਾਣਗੇ। ਇਸ ਸਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਸੰਗਤ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਪਰਿਵਾਰ ਦੇ ਮੈਂਬਰ ਅਤੁਲ ਚਲਾਣਾ ਅਤੇ ਮੁਨੀਸ਼ ਸਿਡਾਨਾ ਨੇ ਦੱਸਿਆ ਕਿ 30 ਜੁਲਾਈ ਤੋਂ 28 ਅਗਸਤ ਤੱਕ ਹਰ ਰੋਜ਼ ਰਾਤ 8:30 ਵਜੇ ਤੋਂ 10:00 ਵਜੇ ਤੱਕ ਭਗਵਾਨ ਸ਼ਿਵ ਦਾ ਵਿਸ਼ੇਸ਼ ਸ਼ਿੰਗਾਰ, ਵਿਧੀ-ਵਿਧਾਨ ਨਾਲ ਪੂਜਾ-ਅਰਚਨਾ, ਆਰਤੀ ਅਤੇ ਉਪਰੰਤ ਸੰਗਤ ਵਿੱਚ ਪ੍ਰਸਾਦ ਵੰਡਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਵਣ ਮਹੀਨੇ ਦੌਰਾਨ ਮੰਦਰ ਨੂੰ ਸੁੰਦਰ ਢੰਗ ਨਾਲ ਸਜਾਇਆ ਜਾਵੇਗਾ ਅਤੇ ਭਗਤੀਮਈ ਮਾਹੌਲ ਵਿੱਚ ਸ਼ਰਧਾਲੂ ਭਗਵਾਨ ਸ਼ਿਵ ਦੀ ਆਰਾਧਨਾ ਕਰਨਗੇ। ਉਨ੍ਹਾਂ ਇਲਾਕੇ ਦੀ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਮੰਦਰ ਵਿਖੇ ਪਹੁੰਚ ਕੇ ਭਗਵਾਨ ਸ਼ਿਵ ਦੇ ਦਰਸ਼ਨ ਕਰਨ, ਪੂਜਾ-ਅਰਚਨਾ ਵਿੱਚ ਸ਼ਾਮਲ ਹੋਣ ਅਤੇ ਭੋਲੇਨਾਥ ਦਾ ਆਸ਼ੀਰਵਾਦ ਪ੍ਰਾਪਤ ਕਰਕੇ ਆਪਣੇ ਜੀਵਨ ਨੂੰ ਸੁਖ, ਸ਼ਾਂਤੀ ਅਤੇ ਖੁਸ਼ਹਾਲੀ ਨਾਲ ਭਰਪੂਰ ਬਣਾਉਣ।

# ਪੰਜਾਬ ਦੇ ਪਿੰਡਾਂ ਵਿੱਚ ਗਰੀਬ ਲੋਕਾਂ ਦੀ ਸੁਵਿਧਾ ਲਈ ਕਮਿਊਨਿਟੀ ਸੈਂਟਰਾਂ ਦੀ ਉਸਾਰੀ ਕੀਤੀ ਜਾਵੇਗੀ- ਇੰਜ. ਸੁਰਿੰਦਰ ਸਿੰਘ ਭਿੰਡਰ



**ਫਿਰੋਜ਼ਪੁਰ 28 ਜੁਲਾਈ (ਸਤਨਾਮ ਸਿੰਘ ਘਾਰੂ)** ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਪ੍ਰੈਸ ਮੀਡੀਆ ਨੂੰ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ 80 % ਅਬਾਦੀ ਪਿੰਡਾਂ ਵਿੱਚ ਰਹਿੰਦੀ ਹੈ ਪਰ ਲੰਮਾ ਅਰਸਾ ਬੀਤ ਜਾਣ ਦੇ ਬਾਵਜੂਦ ਵੀ ਪੰਜਾਬ ਦੇ ਪਿੰਡਾਂ ਵਿਚ ਵੱਸਦੇ ਲੋਕ ਮੁੱਢਲੀ ਸੁੱਖ ਸਹੂਲਤਾਂ ਤੋਂ ਵਾਂਝੇ ਹਨ। ਫਿਰੋਜ਼ਪੁਰ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਗੁਰੂ ਹਰਸਹਾਏ ਦੇ ਪਿੰਡ ਭੂਰੇ ਖੁਰਦ ਵਿਖੇ ਪਿੰਡ ਵਾਸੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ ਐਸ ਐਸ ਭਿੰਡਰ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ 2027 ਵਿੱਚ ਸਰਕਾਰ ਬਣਨ ਤੇ ਪਿੰਡਾਂ ਵਿੱਚ ਕਮਿਊਨਿਟੀ ਸੈਂਟਰ ਸਥਾਪਿਤ ਕੀਤੇ ਜਾਣਗੇ ਕਿਉਂਕਿ ਬਹੁਗਿਣਤੀ ਗਰੀਬ ਲੋਕ ਪਿੰਡਾਂ ਵਿੱਚ ਰਹਿੰਦੇ ਹਨ ਪਰ ਅਜੇ ਤੱਕ ਉਨਾਂ ਕੋਲ ਸਾਂਝੇ ਭਲਾਈ ਘਰ ਵਰਗੀਆਂ ਲੋੜੀਂਦੀਆਂ ਜ਼ਰੂਰੀ ਸਹੂਲਤਾਂ ਨਹੀਂ ਅੱਪੜੀਆਂ, ਉਹ ਮੁਢਲੀਆਂ ਸਹੂਲਤਾਂ ਤੋਂ ਸਖਣੇ ਹਨ, ਆਰਥਿਕ ਤੰਗੀ ਦੇ ਕਾਰਣ ਉਨਾਂ ਨੂੰ ਸਮਾਜਿਕ ਕੰਮਾਂ ਲਈ, ਮੀਟਿੰਗਾਂ ਅਤੇ ਖੁੱਸ਼ੀ -ਗਮੀ ਦੇ ਸਮਾਗਮ ਕਰਨ ਲਈ ਭਾਰੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨਾਂ ਦੀ ਸਮੱਸਿਆਵਾਂ ਨੂੰ ਸੁਖਾਲਾ ਬਣਾਉਣ ਲਈ ਉਨਾਂ ਦੇ ਪਿੰਡਾਂ ਦੇ ਨਜ਼ਦੀਕ ਇਕ ਕੇਂਦਰ ਪੁਆਇੰਟ ਤੇ ਕਮਿਊਨਟੀ ਸੈਂਟਰਾਂ ਦੀਆਂ ਉਸਾਰੀ ਕੀਤੀ ਜਾਵੇਗੀ ਤਾਂ ਕਿ ਉਹ ਇੰਨਾਂ ਭਲਾਈ ਕੇਂਦਰਾਂ ਨੂੰ ਆਪਣੀਆਂ ਸਮਾਜਿਕ ਲੋੜਾਂ, ਖੁਸ਼ੀ ਗ਼ਮੀ ਅਤੇ ਮੀਟਿੰਗਾਂ ਲਈ ਮੁਫ਼ਤ ਵਿੱਚ ਵਰਤ ਸਕਣ । ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ ਐਸ ਐਸ ਭਿੰਡਰ ਨੇ ਕਿਹਾ ਕਿ ਪੰਜਾਬ ਵਿੱਚ ਬਾਹਲੇ ਪਿੰਡਾਂ ਨੂੰ ਪਾਹੁੰਚ ਮਾਰਗ ਨਾਲ ਜੋੜਦੀਆਂ ਲਿੰਕ ਸੜਕਾਂ ਕੱਚੀਆਂ ਹਨ ਜੋਂ ਕਿ ਪਿੰਡ ਵਾਸੀਆਂ ਲਈ ਵੱਡੀ ਦਿੱਕਤਾਂ ਖੜੀ ਕਰਦੀਆਂ ਹਨ। ਅਸਪਾ ਦੀ ਸਰਕਾਰ ਬਣਨ ਤੇ ਪਿੰਡਾਂ ਦੀਆਂ ਸਾਰੀਆਂ ਲਿੰਕ ਸੜਕਾਂ ਪੱਕੀਆਂ ਬਣਾਈਆਂ ਜਾਣਗੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਨੀਅਰ ਪਾਰਟੀ ਆਗੂ ਅਤੇ ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਸਮੇਂ ਸਿਰ ਗਰੀਬ ਵਰਗ ਅਤੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਸਰਕਾਰ ਵੱਲੋਂ ਵਜ਼ੀਫਾ ਰਾਸ਼ੀ ਨਹੀਂ ਵੰਡੀ ਜਾ ਰਹੀ, ਅਸਪਾ ਸਰਕਾਰ ਬਣਨ ਤੇ ਆਰਥਿਕ ਤੌਰ ਤੇ ਪਛੜੇ ਵਰਗ ਅਤੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਸਮੇਂ ਸਿਰ ਵਜ਼ੀਫਾ ਰਾਸ਼ੀ ਤਕਸੀਮ ਕੀਤੀ ਜਾਇਆ ਕਰੇਗੀ ਤਾਂ ਕਿ ਗਰੀਬ ਪਰਿਵਾਰਾਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨਾਂ ਕਿਹਾ ਕਿ ਸਾਡੀ ਸਰਕਾਰ ਬਣਨ ਤੇ 8 ਵੀਂ , 10 ਵੀਂ ਅਤੇ 12 ਵੀਂ ਪਾਸ ਗਰੀਬ ਔਰਤਾਂ ਨੂੰ ਹਰ ਸਾਲ ਇਕ ਲੱਖ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ। ਗਰੀਬ ਲੋਕਾਂ ਕੋਲ ਰਹਿਣ ਲਈ ਤੰਗ ਅਤੇ ਕੱਚੇ ਮਕਾਨ ਹਨ, ਬਹੁਤੇ ਗਰੀਬ ਲੋਕ ਗੰਦੀਆਂ ਬਸਤੀਆਂ ( ਸਲੱਮ ਏਰੀਏ ) ਵਿੱਚ ਰਹਿੰਦੇ ਹਨ, ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ 6 - 6 ਮਰਲਿਆਂ ਵਿਚ ਖੂਬਸੂਰਤ ਮਾਲਕੀ ਘਰ ਉਸਾਰ ਕੇ ਦਿੱਤੇ ਜਾਣਗੇ। ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਬਜ਼ੁਰਗਾਂ, ਵਿਧਵਾਵਾਂ ਅਤੇ ਅੰਗਹੀਣਾਂ ਨੂੰ 5100/ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ। ਮੀਟਿੰਗ ਵਿੱਚ ਭੋਲਾ ਸਿੰਘ ਗਿੱਲ, ਹਰਮਨਪ੍ਰੀਤ ਕੌਰ, ਸੁਖਮਨਪ੍ਰੀਤ ਕੌਰ, ਸਿਮਰਨ, ਚਰਨਜੀਤ ਕੌਰ, ਪ੍ਰਿਅੰਕਾ, ਮਨਦੀਪ , ਪਰਮਜੀਤ ਕੌਰ ਅਤੇ ਕਿੰਦਰ ਕੋਰ ਗਿੱਲ ਹਾਜ਼ਰ ਸਨ।

# ਸਾਬਕਾ ਕੌਂਸਲਰ ਸੰਦੀਪ ਲੂੰਬਾ ਦੀ ਸਵਰਗੀ ਧਰਮ ਪਤਨੀ ਨੀਤੂ ਲੂੰਬਾ ਨੂੰ ਵੱਖ-ਵੱਖ ਆਗੂਆਂ ਨੇ ਦਿੱਤੀਆਂ ਸ਼ਰਧਾਂਜਲੀਆਂ





**ਸਮਾਣਾ, 28 ਜੁਲਾਈ (ਹਰਜਿੰਦਰ ਸਿੰਘ):** ਸਥਾਨਕ ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ-ਪਵਿੱਤਰ ਹਾਜ਼ਰੀ ਵਿੱਚ ਸਾਬਕਾ ਕੌਂਸਲਰ ਸੰਦੀਪ ਲੂੰਬਾ ਦੀ ਸਵਰਗੀ ਧਰਮ ਪਤਨੀ ਨੀਤੂ ਲੂੰਬਾ ਨਿਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਅਤੇ ਸ਼ਹਿਰ ਦੀਆਂ ਮੁੱਖ ਸੰਸਥਾਵਾਂ ਦੇ ਆਗੂਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼ਰਧਾਂਜਲੀ ਸਮਾਰੋਹ ਦੌਰਾਨ ਪੰਜਾਬ ਮੰਡੀਕਰਨ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ, ਸਾਬਕਾ ਵਿਧਾਇਕ ਰਜਿੰਦਰ ਸਿੰਘ, ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਸੀਨੀਅਰ ਕਾਂਗਰਸੀ ਆਗੂ ਹਰਿੰਦਰਪਾਲ ਸਿੰਘ ਹੈਰੀਮਾਨ, ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (ਜ਼ਿਲ੍ਹਾ ਪਟਿਆਲਾ ਦਿਹਾਤੀ) ਦੀ ਪ੍ਰਧਾਨ ਮੈਡਮ ਗੁਰਸ਼ਰਨ ਕੌਰ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਤੋਂ ਇਲਾਵਾ ਨਗਰ ਕੌਂਸਲ ਸਮਾਣਾ ਦੇ ਪ੍ਰਧਾਨ ਕਪੂਰ ਚੰਦ ਬਾਂਸਲ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਰਸ਼ਨ ਮਿੱਤਲ, ਜਥੇਦਾਰ ਅਮਰਜੀਤ ਸਿੰਘ ਪੰਜਰਥ, ਭਾਜਪਾ ਆਗੂ ਪ੍ਰਦੁਮਨ ਸਿੰਘ ਵਿਰਕ, ਭਾਜਪਾ ਆਗੂ ਨਲਿਨੀ ਚੋਪੜਾ, ਭਾਜਪਾ ਸਮਾਣਾ ਮੰਡਲ ਪ੍ਰਧਾਨ ਜਤਿੰਦਰ ਸ਼ਰਮਾ, ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟੋਡਰਪੁਰ, ਕੌਂਸਲਰ ਮਨਜਿੰਦਰ ਸਿੰਘ ਰਾਣਾ, ਬੇਅੰਤ ਸਿੰਘ ਪੱਪੀ, ਬਲਦੇਵ ਸਿੰਘ ਸੋਨੀ ਕਿੰਗ, ਹੈਪੀ ਢੀਂਗਰਾ ਅਤੇ ਦੀਪੂ ਬਾਲੀ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਰਧਾਂਜਲੀਆਂ ਭੇਟ ਕੀਤੀਆਂ। ਮੰਚ ਸੰਚਾਲਨ ਦੀ ਸੇਵਾ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ ਨੇ ਨਿਭਾਈ। ਉਨ੍ਹਾਂ ਨੇ ਲੂੰਬਾ ਪਰਿਵਾਰ ਦੇ ਸਮਾਜਿਕ ਯੋਗਦਾਨ ਅਤੇ ਪਰਿਵਾਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੇ ਅੰਤ ਵਿੱਚ ਸਾਬਕਾ ਕੌਂਸਲਰ ਸੰਦੀਪ ਲੂੰਬਾ ਨੇ ਭੋਗ ਸਮਾਗਮ ਅਤੇ ਸ਼ਰਧਾਂਜਲੀ ਸਮਾਰੋਹ ਵਿੱਚ ਪਹੁੰਚੀਆਂ ਸਾਰੀਆਂ ਸ਼ਖਸ਼ੀਅਤਾਂ, ਸਨੇਹੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

# ਰਾਮਾਨੰਦ ਰਾਮਲੀਲਾ ਕਮੇਟੀ ਧਰਮਕੋਟ ਵੱਲੋਂ ਸ਼ਿਵ ਪੂਜਾ ਨਾਲ ਕੀਤੀ ਰਾਮਲੀਲਾ 2026 ਦੀ ਰਿਹਸਲ ਦੀ ਸ਼ੁਰੂਆਤ



**ਧਰਮਕੋਟ, 28 ਜੁਲਾਈ (ਸਤਨਾਮ ਸਿੰਘ ਘਾਰੂ /ਬੋਬੀ ਕਟਾਰੀਆ)** ਸਾਉਣ ਦੇ ਪਵਿੱਤਰ ਮਹੀਨੇ ਦੇ ਸੋਮਵਾਰ ਨੂੰ ਰਾਮਾਨੰਦ ਰਾਮਲੀਲਾ ਕਮੇਟੀ ਧਰਮਕੋਟ ਵੱਲੋਂ ਮੰਦਿਰ ਲਾਲਾ ਪਾਲੋ ਮੱਲ੍ਹ ਧਰਮਸ਼ਾਲਾ, ਮੇਨ ਬਜ਼ਾਰ ਵਿਖੇ ਵਿਸ਼ੇਸ਼ ਰੁਦਰ ਅਭਿਸ਼ੇਕ ਸ਼ਿਵ ਪੂਜਾ ਕਰਕੇ ਰਾਮਲੀਲਾ 2026 ਦੀ ਰਿਹਸਲ ਦੀ ਸ਼ੁਰੂਆਤ ਬੜੇ ਉਤਸ਼ਾਹ ਨਾਲ ਕੀਤੀ ਗਈ।ਪਰਮ ਪੂਜਨੀਏ ਪ੍ਰਮੁੱਖ ਸਰਪ੍ਰਸਤ ਰਿੰਕੂ ਦੇਵਾ ਜੀ ਨੇ ਦੱਸਿਆ ਕਿ ਸਾਵਣ ਦਾ ਮਹੀਨਾ ਭਗਵਾਨ ਸ਼ਿਵ ਨੂੰ ਸਭ ਤੋਂ ਪਿਆਰਾ ਹੈ। ਇਸ ਪਵਿੱਤਰ ਮਹੀਨੇ 'ਚ ਕੀਤੀ ਹਰ ਪੂਜਾ ਸੌ ਗੁਣਾ ਫਲ ਦਿੰਦੀ ਹੈ। ਪੰਡਿਤ ਸੁਜੀਤ ਸ਼ਾਸਤਰੀ ਜੀ ਨੇ ਸ਼ੰਖਨਾਦ ਕਰਕੇ ਰਿਹਸਲ ਦੀ ਰਸਮੀ ਸ਼ੁਰੂਆਤ ਕਰਵਾਈ। ਇਸ ਦੌਰਾਨ ਪੂਰਾ ਪੰਡਾਲ ਬੋਲੋ ਸ਼ੰਕਰ ਭਗਵਾਨ ਕੀ ਜੈ ਅਤੇ ਜੈ ਸ਼੍ਰੀ ਰਾਮ ਦੇ *ਜੈਕਾਰਿਆਂ ਨਾਲ ਗੂੰਜ ਉੱਠਿਆ। ਕਲਾਕਾਰਾਂ ਨੇ ਰਾਮਲੀਲਾ ਦੇ ਸ਼ਾਨਦਾਰ ਡਾਇਲਾਗ ਪੇਸ਼ ਕਰਕੇ ਵਿਸ਼ਵਾਸ ਦਿਵਾਇਆ ਕਿ ਇਸ ਸਾਲ ਦੀ ਰਾਮਲੀਲਾ ਬਹੁਤ ਹੀ ਸ਼ਾਨਦਾਰ ਹੋਵੇਗੀ।ਸੰਸਥਾ ਪ੍ਰਮੁੱਖ ਸਰਪ੍ਰਸਤ ਪਰਮ ਪੂਜਨੀਏ ਰਿੰਕੂ ਦੇਵਾ ਜੀ ਨੇ ਕਮੇਟੀ ਦੇ ਸਮੂਹ ਅਹੁਦੇਦਾਰਾਂ ਨੂੰ ਸਿਰੋਪਾ ਦੇ ਕੇ ਸਨਮਾਨਿਤ ਕੀਤਾ। ਚੇਅਰਮੈਨ ਡਾ. ਗੁਰਮੀਤ ਸਿੰਘ ਗਿੱਲ ਨੇ ਕਿਹਾ ਕਿ ਰਾਮਲੀਲਾ ਕਮੇਟੀ ਵੱਲੋਂ ਰਾਮਲੀਲਾ ਮੰਚਨ 2026 ਸ਼ਾਨਦਾਰ ਢੰਗ ਨਾਲ ਕੀਤਾ ਜਾਵੇਗਾ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਭਗਵਾਨ ਰਾਮ ਦੇ ਆਦਰਸ਼ਾਂ ਨਾਲ ਜੋੜਿਆ ਜਾ ਸਕੇ। ਪ੍ਰਧਾਨ ਮਾਸਟਰ ਗੌਰਵ ਸ਼ਰਮਾ ਨੇ ਆਏ ਹੋਏ ਸਾਰੇ ਕਮੇਟੀ ਮੈਂਬਰਾਂ,ਕਲਾਕਾਰਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਨਵੇਂ ਕਲਾਕਾਰਾਂ, ਗਾਇਕਾਂ, ਸੇਵਾਦਾਰਾਂ ਨੂੰ ਸੰਸਥਾ ਨਾਲ ਜੁੜਨ ਦੀ ਅਪੀਲ ਕੀਤੀ। ਪੂਜਾ ਦੇ ਅੰਤ 'ਚ ਸ਼ਿਵ ਆਰਤੀ ਤੋਂ ਬਾਅਦ ਪ੍ਰਸ਼ਾਦ ਵਿਤਰਨ ਕੀਤਾ ਗਿਆ। ਸਰਪ੍ਰਸਤ ਅਤੁਲ ਨਹੋਰੀਆ ਜੀ ਨੇ ਦੱਸਿਆ ਕਿ ਹਰ ਮੰਗਲਵਾਰ ਸ਼ਾਮ 7:30 ਤੋਂ 8:30 ਵਜੇ ਤੱਕ ਮੰਦਿਰ 'ਚ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਜਾਰੀ ਰਹੇਗਾ। ਖ਼ਾਸ ਤੌਰ ਤੇ ਪਹੁੰਚੇ ਸਮਾਜ ਸੇਵੀ ਨਵਦੀਪ ਅਹੂਜਾ ਬਬਲੂ, ਰੁਪਿੰਦਰ ਸਿੰਘ ਰਿੰਪੀ, ਸੰਜੀਵ ਕਟਾਰੀਆ ਬੌਬੀ ਅਤੇ ਪ੍ਰੈਸ ਕਲੱਬ ਦੇ ਪ੍ਰਧਾਨ ਅਮਰੀਕ ਸਿੰਘ ਛਾਬੜਾ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸਮੇਂ ਸਰਪ੍ਰਸਤ ਮੰਗਤ ਰਾਏ ਗੋਇਲ, ਵਾਈਸ ਚੇਅਰਮੈਨ ਸੰਜੀਵ ਗੁਪਤਾ, ਕਰਮ ਚੰਦ ਨਹੋਰੀਆ ਅਤੇ ਡਾ ਹਰਮੀਤ ਸਿੰਘ ਲਾਡੀ, ਸੀਨੀਅਰ ਵਾਈਸ ਪ੍ਰਧਾਨ ਡਾ. ਸੰਜੀਵ ਸ਼ਰਮਾ, ਵਾਈਸ ਪ੍ਰਧਾਨ ਮਾਸਟਰ ਰਾਕੇਸ਼ ਮਿਸ਼ਰਾ ਅਤੇ ਰਾਜੇਸ਼ ਸੁਖੀਜਾ, ਜਨਰਲ ਸਕੱਤਰ ਗੌਰਵ ਦਾਬੜਾ, ਸਹਾਇਕ ਸਕੱਤਰ ਤਰਸੇਮ ਲਾਲ ਅਰੋੜਾ, ਸਟੇਜ ਸਕੱਤਰ ਡਾ. ਰਣਜੀਤ ਸਿੰਘ, ਕੈਸ਼ੀਅਰ ਮਾਸਟਰ ਸਜੇਸ਼ ਮਿਸ਼ਰਾ, ਸਹਾਇਕ ਕੈਸ਼ੀਅਰ ਮਾਸਟਰ ਵਿਜੈ ਗੋਇਲ, ਮੀਡੀਆ ਇੰਚਾਰਜ ਵਿਸ਼ਾਲ ਨਰੂਲਾ, ਮਨੋਜ ਕੁਮਾਰ ਨਿੱਕੂ, ਕਲਾਕਾਰ ਇੰਚਾਰਜ ਕ੍ਰਿਸ਼ ਸ਼ਰਮਾ, ਸਿਮਰਨਜੀਤ ਸਿੰਘ ਟੱਲੀ, ਸੀਨੀਅਰ ਮੈਂਬਰ ਅਸ਼ਵਨੀ ਜੱਸੀ, ਨਰਿੰਦਰ ਗਰੋਵਰ, ਸਚਿਨ ਗਰੋਵਰ, ਕਲਾਕਾਰ ਬਿੰਨੀ ਵਰਮਾ, ਰਾਮ ਪਾਂਡੇ ਫੋਰਮੈਨ, ਰਾਕੇਸ਼ ਮਹਿਤਾ ਛਿੰਦਾ ਟੰਡਨ, ਸ਼ਿਵਮ, ਵਿਸ਼ਾਲ, ਪਾਰਥ ਸ਼ਰਮਾ, ਵਾਸੂ ਕਟਾਰੀਆ, ਪ੍ਰਭਜੋਤ ਸਿੰਘ, ਨਿਖਲ ਨੋਹਰੀਆ, ਯੁਵਰਾਜ ਸਿੰਘ, ਜਗਦੀਸ਼ ਸਿੰਘ, ਨਵਦੀਪ, ਕੇਸ਼ਵ ਚਾਵਲਾ, ਰਾਜਵਿੰਦਰ ਰਾਜੂ, ਲੱਕੀ ਖ਼ਾਨ, ਸ਼ਿਵਮ ਤਲਵਾੜ, ਕਾਰਤਿਕ, ਦੀਪਾ ਅਤੇ ਜਗਦੰਬਾ ਭਜਨ ਮੰਡਲੀ ਦੇ ਮੈਂਬਰ ਵੀ ਹਾਜ਼ਰ ਸਨ।

# ਪੱਤਰਕਾਰਾਂ ਦੇ ਨਾਮ 'ਤੇ ਤਹਿਸੀਲਾਂ/ਕਚਹਿਰੀਆਂ 'ਚ 'ਫ਼ਿਰੌਤੀਆਂ' ਮੰਗਣ ਵਾਲੇ ਅਨਸਰ ਬਾਜ਼ ਆ ਜਾਣ

- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਵਲੋਂ ਸਖ਼ਤ ਚਿਤਾਵਨੀ
- ਸਰਕਾਰੀ ਤੇ ਗੈਰ ਸਰਕਾਰੀ ਸੰਸਥਾਵਾਂ ਨੂੰ ਅਪੀਲ-ਅਜਿਹੇ ਲੁਟੇਰੇ ਆਉਣ ਤਾਂ ਜਥੇਬੰਦੀ ਨੂੰ ਸੂਚਿਤ ਕਰੋ



**ਰਾਮਪੁਰਾ ਫੂਲ, 28 ਜੁਲਾਈ (ਮਨਪ੍ਰੀਤ ਮਿੰਟੂ)** ਪੱਤਰਕਾਰਾਂ ਦੀ ਕਲਮ ਅਤੇ ਮਾਈਕ ਲੋਕਾਂ ਅਤੇ ਸਰਕਾਰ ਦਰਮਿਆਨ ਪੁਲ ਦਾ ਕੰਮ ਕਰਦੇ ਹਨ ਪ੍ਰੰਤੂ ਇਸ ਪਵਿੱਤਰ ਖੇਤਰ 'ਚ ਅਜਿਹੇ ਵਪਾਰੀ ਕਿਸਮ ਦੇ ਵਿਅਕਤੀ ਘੁਸਪੈਠ ਕਰ ਰਹੇ ਹਨ, ਜਿੰਨ੍ਹਾਂ ਦਾ ਪੱਤਰਕਾਰਤਾ ਨਾਲ ਕੋਈ ਸੰਬੰਧ ਨਹੀ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਪਰਵਿੰਦਰ ਸਿੰਘ ਜੌੜਾ, ਜਿਲ੍ਹਾ ਜਨਰਲ ਸਕੱਤਰ ਸੁਖਨੈਬ ਸਿੰਘ ਸਿੱਧੂ ਅਤੇ ਜ਼ਿਲ੍ਹਾ ਸੈਕਟਰੀਆਂ ਕੁਲਦੀਪ ਮਤਵਾਲਾ ਅਤੇ ਹਰਿੰਦਰ ਬੱਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਜਿਲ੍ਹਾ ਬਠਿੰਡਾ ਦੇ ਅਧੀਨ ਆਉਂਦੀਆਂ ਤਹਿਸੀਲਾਂ ਤੇ ਕਚਹਿਰੀਆਂ 'ਚੋਂ ਕੁਝ ਲੋਕਾਂ ਦਵਾਰਾ ਪੱਤਰਕਾਰਾਂ ਦੇ ਨਾਮ 'ਤੇ ਅਫਸਰਾਂ ਤੋਂ ਫ਼ਿਰੌਤੀਆਂ ਮੰਗਣ ਦਾ ਮਾਮਲਾ ਧਿਆਨ 'ਚ ਆਇਆ ਹੈ। ਉਨ੍ਹਾਂ ਕਿਹਾ ਕਿ ਕੁਝ ਅਖੌਤੀ ਪੱਤਰਕਾਰ ਜੋ ਨਾ ਕਿਸੇ ਪ੍ਰਿੰਟ ਮੀਡੀਆ ਅਤੇ ਨਾ ਕੋਈ ਇਲੈਕਟਰੋਨਿਕ ਮੀਡੀਆ ਨਾਲ ਜੁੜੇ ਹੁੰਦੇ ਹਨ, ਪ੍ਰੰਤੂ ਉਹ ਪੱਤਰਕਾਰਤਾ ਦੀ ਧੌਂਸ ਵਿਖਾ ਕੇ ਜਿਲ੍ਹੇ ਦੇ ਸਰਕਾਰੀ ਦਫ਼ਤਰਾਂ, ਤਹਿਸੀਲਾਂ ਤੇ ਕਚਹਿਰੀਆਂ ਸਮੇਤ ਹੋਰ ਸਰਕਾਰੀ ਵਿਭਾਗਾਂ 'ਚ ਜਾ ਕੇ ਪੱਤਰਕਾਰਤਾ ਦੀ ਆੜ ਵਿਚ ਬਲੈਕਮੇਲ ਕਰਨ ਦੇ ਇਰਾਦੇ ਨਾਲ ਮਹੀਨੇ-ਦੋ ਮਹੀਨਿਆਂ ਬਾਅਦ ਸਰਕਾਰੀ ਦਫ਼ਤਰਾਂ ਚ ਜਾ ਕੇ 4,000 ਤੋਂ 5,000 ਰੁਪਏ 'ਫ਼ਿਰੌਤੀ' ਵਜੋਂ ਲੈ ਜਾਂਦੇ ਹਨ, ਇੱਥੋਂ ਤੱਕ ਕਿ ਉਹ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦਾ ਵੀ 'ਸ਼ਿਕਾਰ' ਕਰ ਜਾਣ ਵਿੱਚ ਸਫਲ ਹੋ ਜਾਂਦੇ ਹਨ। ਜ਼ਿਲ੍ਹਾ ਪ੍ਰਧਾਨ ਜੌੜਾ ਤੇ ਜਿਲ੍ਹਾ ਜ.ਸ. ਸਿੱਧੂ ਨੇ ਇਸ ਗੰਭੀਰ ਮਾਮਲੇ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਅਜਿਹੇ ਲੋਕਾਂ ਲਈ ਪੱਤਰਕਾਰ ਸ਼ਬਦ ਵਰਤਣਾ ਵੀ ਪੱਤਰਕਾਰਤਾ ਦਾ ਅਪਮਾਨ ਕਰਨ ਵਾਂਗ ਹੈ। ਉਨ੍ਹਾਂ ਕਿਹਾ ਕਿ ਇਸ ਵਿਚ ਵੀ ਕੋਈ ਸ਼ੱਕ ਨਹੀਂ ਹੈ ਕਿ ਬਹੁਤ ਸਾਰੇ ਵਪਾਰੀ ਕਿਸਮ ਦੇ ਲੋਕਾਂ ਨੇ ਵੀ ਪੱਤਾਰਕਾਰਤਾ ਵਰਗੇ ਪਵਿੱਤਰ ਖੇਤਰਾਂ 'ਚ ਸੰਨ੍ਹ ਲਗਾਇਆ ਹੈ। ਉਨ੍ਹਾਂ ਨੇ ਅਜਿਹੇ ਬਲੈਕਮੇਲਰ ਕਿਸਮ ਦੇ ਲੋਕਾਂ ਨੂੰ ਤਾੜਨਾ ਕਰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਹੁਣ ਜਿਲ੍ਹਾ ਬਠਿੰਡਾ ਦੇ ਕਿਸੇ ਵੀ ਦਫ਼ਤਰ 'ਚੋਂ ਇਸ਼ਤਿਹਾਰ ਦੇ ਨਾਮ 'ਤੇ ਫ਼ਿਰੌਤੀ ਮੰਗੀ ਤਾਂ ਜੇਲ ਦੀਆਂ ਸਲਾਖਾਂ ਪਿੱਛੇ ਜਾਣ ਲਈ ਤਿਆਰ ਰਹਿਣ। ਉਕਤ ਸਾਰੇ ਆਗੂਆਂ ਨੇ ਜਿਲ੍ਹੇ ਭਰ ਦੀਆਂ ਸਮੂਹ ਤਹਿਸੀਲਾਂ, ਕਚਹਿਰੀਆਂ ,ਸਕੂਲਾਂ ਅਤੇ ਹੋਰ ਸਰਕਾਰੀ ਤੇ ਗੈਰ ਸਰਕਾਰੀ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਚਿੰਤਾ ਨਾ ਕਰਨ, ਸਗੋਂ ਜੇਕਰ ਹੁਣ ਤੁਹਾਡੇ ਕੋਲ ਕੋਈ ਅਜਿਹੇ ਬਲੈਕਮੇਲਰ ਵਿਅਕਤੀ ਪੱਤਰਕਾਰ ਬਣਕੇ ਆਉਣ ਤਾਂ ਉਨ੍ਹਾਂ ਨਾਲ ਬਹਿਸ ਨਹੀਂ ਕਰਨੀ ਸਗੋਂ ਪਿਆਰ ਨਾਲ ਬਿਠਾ ਕੇ ਚਾਹ-ਪਾਣੀ ਪਿਲਾਉਣ ਅਤੇ ਸਾਨੂੰ ਤੁਰੰਤ ਸੂਚਿਤ ਕਰਨ, ਸਾਡੀ ਟੀਮ ਅੱਧੇ ਘੰਟੇ ਦੇ ਵਿਚ-ਵਿਚ ਤੁਹਾਡੇ ਤੱਕ ਪਹੁੰਚੇਗੀ ਅਤੇ ਪੱਤਰਕਾਰਾਂ ਨੂੰ ਢਾਹ ਲਗਾਉਣ ਵਾਲੇ ਤੇ ਫਿਰੌਤੀਆਂ ਮੰਗਣ ਵਾਲੇ ਆਪੂੰ ਬਣੇ ਪੱਤਰਕਾਰਾਂ ਦੇ ਖ਼ਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਤਾਂ ਜੋ ਪੰਜਾਬ ਚ ਘੁੰਮ ਰਹੇ ਅਜਿਹੇ ਗ੍ਰੋਹਾਂ 'ਤੇ ਨਕੇਲ ਕਸੀ ਜਾ ਸਕੇ।

# ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ 2 ਅਗਸਤ ਨੂੰ ਕੈਬਨਿਟ ਮੰਤਰੀ ਡਾ ਬਲਜੀਤ ਕੌਰ ਦੇ ਦਫਤਰ ਦਾ ਕੀਤਾ ਜਾਵੇਗਾ ਘਿਰਾਓ

## ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਹੈਲਪਰਾਂ ਦੀਆਂ ਮੰਗਾਂ ਪੂਰੀਆਂ ਕਰੇ

**ਮਲੋਟ, 28 ਜੁਲਾਈ (ਹਰਦੀਪ ਸਿੰਘ ਖਾਲਸਾ):** ਬਲਾਕ ਮਲੋਟ ਵਲੋਂ ਬਲਾਕ ਪ੍ਰਧਾਨ ਕਿਰਨਜੀਤ ਕੌਰ / ਜਿਲ੍ਹਾ ਪ੍ਰਧਾਨ ਸ਼ਿੰਦਰਪਾਲ ਕੌਰ ਨੇ ਦੱਸਿਆ ਕਿ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਜਥੇਬੰਦੀ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਚੱਲ ਰਹੇ ਸੰਘਰਸ਼ ਦੇ ਤਹਿਤ ਕੈਬਨਿਟ ਮੰਤਰੀ ਦੇ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ ਜਿਸ ਵਿੱਚ ਆਂਗਣਵਾੜੀ ਵਰਕਰ ਹੈਲਪਰ ਵੱਡੀ



ਗਿਣਤੀ ਵਿੱਚ ਭਾਗ ਲੈਣਗੀਆਂ ਆਗਣਵਾੜੀ ਵਰਕਰ ਹੈਲਪਰਾਂ ਦੀ ਮੰਗ ਹੈ ਆਂਗਣਵਾੜੀ ਕੇਂਦਰਾਂ ਦੇ ਵਿੱਚੋਂ ਖੋਹੇ ਗਏ ਬੱਚੇ ਵਾਪਸ ਆਣਵਾੜੀ ਕੇਂਦਰਾਂ ਦੇ ਵਿੱਚ ਭੇਜੇ ਜਾਣ ਅਤੇ ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ ਅਤੇ ਹੈਲਪਰ ਨੂੰ ਚੌਥੇ ਦਰਜੇ ਦਾ ਮੁਲਾਜ਼ਮ ਕਰਾਰ ਦਿੱਤਾ ਜਾਵੇ। ਸਰਕਾਰੀ ਕਰਮਚਾਰੀ ਦਾ ਦਰਜਾ ਦਿੱਤਾ ਜਾਵੇ, ਪੰਜਾਬ ਸਰਕਾਰ ਆਪਣੇ ਕੀਤੇ ਵਾਅਦੇ ਮੁਤਾਬਕ ਆਂਗਣਵਾੜੀ ਵਰਕਰਾਂ ਹੈਲਪਰਾਂ ਦਾ ਮਾਣ ਭੱਤਾ ਦੁਗਣਾ ਕਰੇ ਐਨਜੀਓ ਕੋਲ ਚਲਦੇ ਤਿੰਨ ਬਲਾਕਾਂ ਦਾ ਨੋਟੀਫਿਕੇਸ਼ਨ ਤੁਰੰਤ ਲਾਗੂ ਕੀਤਾ ਜਾਵੇ, ਆਂਗਣਵਾੜੀ ਕੇਂਦਰਾਂ ਵਿੱਚ ਆ ਰਿਹਾ ਘਟੀਆ ਕਿਸਮ ਦਾ ਰਾਸ਼ਨ ਬੰਦ ਕਰਕੇ ਪ੍ਰਾਈਵੇਟ ਕੰਪਨੀਆਂ ਤੇ ਐਨਜੀਓ ਦੀ ਜਗਹਾ ਆਂਗਣਵਾੜੀ ਕੇਂਦਰਾਂ ਦੇ ਵਿੱਚ ਸਿੱਧਾ ਰਾਸ਼ਨ ਸਪਲਾਈ ਕੀਤਾ ਜਾਵੇ ਅਤੇ ਆਂਗਣਵਾੜੀ ਕੇਂਦਰਾਂ ਦੇ ਵਿੱਚ ਰਾਸ਼ਨ ਪਕਾਇਆ ਜਾਵੇ. ਆਂਗਣਵਾੜੀ ਵਰਕਰ ਨੂੰ ਰਿਟਾਇਰਮੈਂਟ ਪੈਨਸ਼ਨ ਦਿੱਤੀ ਜਾਵੇ ਆਂਗਣਵਾੜੀ ਵਰਕਰ ਹੈਲਪਰ ਨੂੰ ਮਿਲ ਰਹੀ ਐਕਸ ਗਰੇਸ਼ੀਆ ਗਰਾਂਟ ਵਰਕਰ ਲਈ 3 ਲੱਖ ਤੇ ਹੈਲਪਰ ਲਈ 2 ਲੱਖ ਕੀਤੀ ਜਾਵੇ, ਆਂਗਣਵਾੜੀ ਵਰਕਰਾਂ ਹੈਲਪਰਾਂ ਨੂੰ ਸੁਪਰੀਮ ਕੋਰਟ ਦੇ ਫੈਸਲੇ ਮੁਤਾਬਕ ਗ੍ਰੈਚੂਟੀ ਦੇ ਲਾਭ ਦਿੱਤੇ ਜਾਣ, ਆਂਗਣਵਾੜੀ ਹੈਲਪਰ ਤੋਂ ਵਰਕਰ ਦੀ ਪ੍ਰਮੋਸ਼ਨ ਵਾਸਤੇ ਸਿੱਖਿਆ ਮੈਟਰਿਕ ਅਤੇ ਤਜਰਬਾ ਸਮਾਂ ਤਿੰਨ ਸਾਲ ਕੀਤਾ ਜਾਵੇ।

# ਸਕ੍ਰੀਨ ਦੀ ਗੁਲਾਮੀ: ਗਵਾਚਦੀ ਇਕਾਗਰਤਾ ਤੇ ਮਾਨਸਿਕ ਤਣਾਅ

ਅੱਜ ਦੇ ਸਮੇਂ ਵਿੱਚ ਮਨੁੱਖੀ ਜੀਵਨ ਜਿੰਨਾ ਤਕਨਾਲੋਜੀ 'ਤੇ ਨਿਰਭਰ ਹੋ ਗਿਆ ਹੈ, ਉਸ ਦੀ ਕਲਪਨਾ ਅੱਜ ਤੋਂ ਦੋ ਦਹਾਕੇ ਪਹਿਲਾਂ ਕਰਨੀ ਵੀ ਔਖੀ ਸੀ। ਸਮਾਰਟਫ਼ੋਨ, ਲੈਪਟਾਪ, ਟੈਬਲੇਟ ਅਤੇ ਟੈਲੀਵਿਜ਼ਨ ਵਰਗੇ ਡਿਜੀਟਲ ਸਾਧਨਾਂ ਨੇ ਸਾਡੇ ਕੰਮ-ਕਾਰ, ਸਿੱਖਿਆ, ਸੰਚਾਰ ਅਤੇ ਮਨੋਰੰਜਨ ਨੂੰ ਬਹੁਤ ਸੁਖਾਲਾ ਅਤੇ ਤੇਜ਼ ਬਣਾ ਦਿੱਤਾ ਹੈ। ਪਰ ਇਸ ਸੁਵਿਧਾ ਦੇ ਨਾਲ-ਨਾਲ ਇੱਕ ਅਦ੍ਰਿਸ਼ ਸਮੱਸਿਆ ਨੇ ਵੀ ਸਾਡੇ ਸਮਾਜ ਨੂੰ ਆਪਣੀ ਜਕੜ ਵਿੱਚ ਲੈ ਲਿਆ ਹੈ, ਜਿਸ ਨੂੰ ਅਸੀਂ 'ਸਕ੍ਰੀਨ ਦੀ ਗੁਲਾਮੀ' ਕਹਿ ਸਕਦੇ ਹਾਂ। ਅੱਜ ਸਵੇਰੇ ਅੱਖ ਖੁੱਲ੍ਹਣ ਤੋਂ ਲੈ ਕੇ ਰਾਤ ਨੂੰ ਸੌਣ ਤੱਕ ਮਨੁੱਖ ਦਾ ਵੱਡਾ ਹਿੱਸਾ ਕਿਸੇ ਨਾ ਕਿਸੇ ਸਕ੍ਰੀਨ ਦੇ ਸਾਹਮਣੇ ਬੀਤਦਾ ਹੈ। ਇਸ ਨਿਰੰਤਰ ਵਰਤੋਂ ਨੇ ਸਾਡੀ ਮਾਨਸਿਕ ਸਿਹਤ, ਇਕਾਗਰਤਾ, ਸਰੀਰਕ ਤੰਦਰੁਸਤੀ ਅਤੇ ਆਪਸੀ ਰਿਸ਼ਤਿਆਂ 'ਤੇ ਡੂੰਘਾ ਅਤੇ ਚਿੰਤਾਜਨਕ ਪ੍ਰਭਾਵ ਪਾਇਆ ਹੈ।

ਡਿਜੀਟਲ ਦੌਰ ਦੀ ਸਭ ਤੋਂ ਵੱਡੀ ਮਾਰ ਸਾਡੀ ਸੋਚਣ ਅਤੇ ਧਿਆਨ ਕੇਂਦਰਿਤ ਕਰਨ ਦੀ ਸਮਰੱਥਾ 'ਤੇ ਪਈ ਹੈ। ਸੋਸ਼ਲ ਮੀਡੀਆ 'ਤੇ 'ਰੀਲਾਂ' ਅਤੇ ਛੋਟੀਆਂ ਵੀਡੀਓਜ਼ ਦਾ ਰੁਝਾਨ ਤੇਜ਼ੀ ਨਾਲ ਵਧਿਆ ਹੈ। ਕੁਝ ਸੈਕਿੰਡਾਂ ਦੀਆਂ ਇਹ ਵੀਡੀਓਜ਼ ਦਿਮਾਗ ਵਿੱਚ ਡੋਪਾਮੀਨ ਵਰਗੇ ਰਸਾਇਣ ਦੀ ਮਾਤਰਾ ਨੂੰ ਵਧਾਉਂਦੀਆਂ ਹਨ, ਜਿਸ ਕਾਰਨ ਦਿਮਾਗ ਹਰ ਵੇਲੇ ਨਵੀਂ ਜਾਣਕਾਰੀ ਅਤੇ ਮਨੋਰੰਜਨ ਦੀ ਉਮੀਦ ਕਰਨ ਲੱਗ ਪੈਂਦਾ ਹੈ। ਇਸ ਦਾ ਨਤੀਜਾ ਇਹ ਨਿਕਲਦਾ ਹੈ ਕਿ ਲੰਬੇ ਸਮੇਂ ਤੱਕ ਇੱਕ ਕੰਮ 'ਤੇ ਧਿਆਨ ਕੇਂਦਰਿਤ ਕਰਨਾ ਔਖਾ ਹੋ ਜਾਂਦਾ ਹੈ। ਕਿਤਾਬ ਪੜ੍ਹਨਾ, ਗੰਭੀਰ ਲੇਖ ਸਮਝਣਾ ਜਾਂ ਕਿਸੇ ਵਿਸ਼ੇ 'ਤੇ ਲਗਾਤਾਰ ਸੋਚਣਾ ਬਹੁਤ ਸਾਰੇ ਲੋਕਾਂ ਲਈ ਮੁਸ਼ਕਲ ਬਣਦਾ ਜਾ ਰਿਹਾ ਹੈ। ਵਿਦਿਆਰਥੀਆਂ ਵਿੱਚ ਇਹ ਸਮੱਸਿਆ ਹੋਰ ਵੀ ਗੰਭੀਰ ਹੈ। ਪੜ੍ਹਾਈ ਦੌਰਾਨ ਹਰ ਕੁਝ ਮਿੰਟਾਂ ਬਾਅਦ ਮੋਬਾਈਲ ਦੀ ਨੋਟੀਫ਼ਿਕੇਸ਼ਨ ਦੇਖਣ ਦੀ ਆਦਤ ਉਨ੍ਹਾਂ ਦੀ ਇਕਾਗਰਤਾ ਅਤੇ ਯਾਦ ਰੱਖਣ ਦੀ ਸਮਰੱਥਾ ਨੂੰ ਪ੍ਰਭਾਵਿਤ ਕਰ ਰਹੀ ਹੈ।

ਸਕ੍ਰੀਨ ਨਾਲ ਲਗਾਤਾਰ ਜੁੜੇ ਰਹਿਣ ਦਾ ਦੂਜਾ ਵੱਡਾ ਨੁਕਸਾਨ ਮਾਨਸਿਕ ਤਣਾਅ ਅਤੇ ਚਿੰਤਾ ਦੇ ਰੂਪ ਵਿੱਚ ਸਾਹਮਣੇ ਆ ਰਿਹਾ ਹੈ। ਸੋਸ਼ਲ ਮੀਡੀਆ ਇੱਕ ਅਜਿਹੀ ਦੁਨੀਆ ਪੇਸ਼ ਕਰਦਾ ਹੈ, ਜਿੱਥੇ ਲੋਕ ਆਪਣੀ ਜ਼ਿੰਦਗੀ ਦੇ ਸਿਰਫ਼ ਖੁਸ਼ਗਵਾਰ ਅਤੇ ਸਫ਼ਲ ਪਲ ਹੀ ਸਾਂਝੇ ਕਰਦੇ ਹਨ। ਜਦੋਂ ਕੋਈ ਵਿਅਕਤੀ ਲਗਾਤਾਰ ਦੂਜਿਆਂ ਦੀ ਇਸ ਚਮਕਦਾਰ ਜ਼ਿੰਦਗੀ ਨੂੰ ਦੇਖਦਾ ਹੈ, ਤਾਂ ਉਹ ਅਣਜਾਣੇ ਹੀ ਆਪਣੀ ਜ਼ਿੰਦਗੀ ਦੀ ਤੁਲਨਾ ਕਰਨ ਲੱਗ ਪੈਂਦਾ ਹੈ। ਇਹ ਰੁਝਾਨ ਹੀਣ-ਭਾਵਨਾ, ਚਿੰਤਾ ਅਤੇ ਅਸੰਤੁਸ਼ਟੀ ਨੂੰ ਜਨਮ ਦੇ ਸਕਦਾ ਹੈ। ਇਸ ਤੋਂ ਇਲਾਵਾ, ਆਨਲਾਈਨ ਸੈਂਕੜੇ ਦੋਸਤ ਹੋਣ ਦੇ ਬਾਵਜੂਦ ਅਸਲ ਜ਼ਿੰਦਗੀ ਵਿੱਚ ਲੋਕ ਪਹਿਲਾਂ ਨਾਲੋਂ ਵੱਧ ਇਕੱਲੇ ਮਹਿਸੂਸ ਕਰ ਰਹੇ ਹਨ। ਆਹਮੋ-ਸਾਹਮਣੇ ਗੱਲਬਾਤ ਦੀ ਥਾਂ ਸੁਨੇਹਿਆਂ ਅਤੇ ਇਮੋਜੀਆਂ ਨੇ ਲੈ ਲਈ ਹੈ, ਜਿਸ ਨਾਲ ਭਾਵਨਾਤਮਕ ਸਾਂਝ ਅਤੇ ਰਿਸ਼ਤਿਆਂ ਦੀ ਗਹਿਰਾਈ ਘਟਦੀ ਜਾ ਰਹੀ ਹੈ।

ਸਕ੍ਰੀਨ ਦੀ ਬੇਹੱਦ ਵਰਤੋਂ ਦਾ ਅਸਰ ਸਾਡੀ ਨੀਂਦ ਅਤੇ ਸਰੀਰਕ ਸਿਹਤ 'ਤੇ ਵੀ ਪੈਂਦਾ ਹੈ। ਰਾਤ ਨੂੰ ਸੌਣ ਤੋਂ ਪਹਿਲਾਂ ਮੋਬਾਈਲ ਦੀ ਵਰਤੋਂ ਕਰਨਾ ਸਭ ਤੋਂ ਵੱਧ ਨੁਕਸਾਨਦੇਹ ਆਦਤਾਂ ਵਿੱਚੋਂ ਇੱਕ ਹੈ। ਸਕ੍ਰੀਨਾਂ ਵਿੱਚੋਂ ਨਿਕਲਣ ਵਾਲੀ ਨੀਲੀ ਰੋਸ਼ਨੀ ਸਰੀਰ ਵਿੱਚ ਮੈਲਾਟੋਨਿਨ ਹਾਰਮੋਨ ਦੇ ਬਣਨ ਦੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਦੀ ਹੈ, ਜੋ ਕੁਦਰਤੀ ਨੀਂਦ ਲਈ ਮਹੱਤਵਪੂਰਨ ਹੈ। ਇਸ ਕਾਰਨ ਨੀਂਦ ਵਿੱਚ ਰੁਕਾਵਟ, ਸਿਰਦਰਦ, ਥਕਾਵਟ ਅਤੇ ਚਿੜਚਿੜਾਪਣ ਵਧ ਸਕਦੇ ਹਨ। ਇਸ ਦੇ ਨਾਲ ਹੀ ਲੰਬੇ ਸਮੇਂ ਤੱਕ ਇੱਕੋ ਥਾਂ ਬੈਠ ਕੇ ਮੋਬਾਈਲ ਜਾਂ ਲੈਪਟਾਪ ਦੀ ਵਰਤੋਂ ਕਰਨ ਨਾਲ ਗਰਦਨ ਅਤੇ ਪਿੱਠ ਦਾ ਦਰਦ, ਅੱਖਾਂ ਦੀ ਥਕਾਵਟ, ਮੋਟਾਪਾ ਅਤੇ ਸਰੀਰਕ ਸਰਗਰਮੀ ਵਿੱਚ ਕਮੀ ਵਰਗੀਆਂ ਸਮੱਸਿਆਵਾਂ ਵੀ ਵਧ ਰਹੀਆਂ ਹਨ।

ਸਭ ਤੋਂ ਵੱਧ ਚਿੰਤਾ ਦੀ ਗੱਲ ਇਹ ਹੈ ਕਿ ਛੋਟੇ ਬੱਚੇ ਵੀ ਇਸ ਸਮੱਸਿਆ ਦੀ ਲਪੇਟ ਵਿੱਚ ਆ ਰਹੇ ਹਨ। ਜਿਨ੍ਹਾਂ ਦੇ ਹੱਥਾਂ ਵਿੱਚ ਖਿਡੌਣੇ, ਕਿਤਾਬਾਂ ਅਤੇ ਖੇਡਾਂ ਹੋਣੀਆਂ ਚਾਹੀਦੀਆਂ ਹਨ, ਉਨ੍ਹਾਂ ਦੇ ਹੱਥਾਂ ਵਿੱਚ ਮੋਬਾਈਲ ਫ਼ੋਨ ਹਨ। ਕਈ ਵਾਰ ਮਾਪੇ ਬੱਚਿਆਂ ਨੂੰ ਚੁੱਪ ਕਰਵਾਉਣ ਜਾਂ ਖਾਣਾ ਖੁਆਉਣ ਲਈ ਵੀ ਮੋਬਾਈਲ ਦਾ ਸਹਾਰਾ ਲੈਂਦੇ ਹਨ। ਇਹ ਆਦਤ ਅੱਗੇ ਚੱਲ ਕੇ ਬੱਚਿਆਂ ਵਿੱਚ ਚਿੜਚਿੜਾਪਣ, ਜ਼ਿੱਦੀ ਸੁਭਾਅ ਅਤੇ ਸਮਾਜਿਕ ਇਕਾਂਤ ਦਾ ਕਾਰਨ ਬਣ ਸਕਦੀ ਹੈ। ਦੂਜੇ ਪਾਸੇ, ਇੱਕੋ ਘਰ ਵਿੱਚ ਰਹਿੰਦੇ ਪਰਿਵਾਰਕ ਮੈਂਬਰ ਵੀ ਆਪਸ ਵਿੱਚ ਗੱਲਬਾਤ ਕਰਨ ਦੀ ਬਜਾਏ ਆਪਣੀਆਂ-ਆਪਣੀਆਂ ਸਕ੍ਰੀਨਾਂ ਵਿੱਚ ਰੁੱਝੇ ਰਹਿੰਦੇ ਹਨ, ਜਿਸ ਨਾਲ ਪਰਿਵਾਰਕ ਸਾਂਝ ਅਤੇ ਆਪਸੀ ਸਮਝ ਪ੍ਰਭਾਵਿਤ ਹੋ ਰਹੀ ਹੈ।

ਤਕਨਾਲੋਜੀ ਨੂੰ ਪੂਰੀ ਤਰ੍ਹਾਂ ਨਕਾਰਿਆ ਨਹੀਂ ਜਾ ਸਕਦਾ, ਕਿਉਂਕਿ ਇਹ ਅੱਜ ਦੇ ਯੁੱਗ ਦੀ ਲੋੜ ਹੈ। ਪਰ ਇਸ ਦੀ ਸਮਝਦਾਰੀ ਨਾਲ ਅਤੇ ਸੀਮਤ ਵਰਤੋਂ ਕਰਨਾ ਸਮੇਂ ਦੀ ਮੰਗ ਹੈ। ਹਰ ਪਰਿਵਾਰ ਨੂੰ ਦਿਨ ਵਿੱਚ ਕੁਝ ਸਮਾਂ 'ਸਕ੍ਰੀਨ-ਮੁਕਤ ਸਮਾਂ' ਨਿਰਧਾਰਤ ਕਰਨਾ ਚਾਹੀਦਾ ਹੈ। ਰਾਤ ਨੂੰ ਸੌਣ ਤੋਂ ਘੱਟੋ-ਘੱਟ ਇੱਕ ਘੰਟਾ ਪਹਿਲਾਂ ਅਤੇ ਖਾਣਾ ਖਾਂਦੇ ਸਮੇਂ ਮੋਬਾਈਲ ਤੋਂ ਦੂਰ ਰਹਿਣ ਦੀ ਆਦਤ ਬਣਾਉਣੀ ਚਾਹੀਦੀ ਹੈ। ਬੱਚਿਆਂ ਨੂੰ ਮੈਦਾਨੀ ਖੇਡਾਂ, ਪੁਸਤਕ ਪੜ੍ਹਨ, ਸੰਗੀਤ, ਕਲਾ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵੱਲ ਉਤਸ਼ਾਹਿਤ ਕਰਨਾ ਚਾਹੀਦਾ ਹੈ।

ਤਕਨਾਲੋਜੀ ਮਨੁੱਖ ਦੀ ਸਹਾਇਕ ਹੋਣੀ ਚਾਹੀਦੀ ਹੈ, ਨਾ ਕਿ ਮਨੁੱਖ ਤਕਨਾਲੋਜੀ ਦਾ ਗੁਲਾਮ ਬਣੇ। ਜੇਕਰ ਅਸੀਂ ਸਮਾਂ ਰਹਿੰਦੇ ਸੁਚੇਤ ਨਾ ਹੋਏ, ਤਾਂ ਸਕ੍ਰੀਨ ਦੀ ਇਹ ਵਧਦੀ ਨਿਰਭਰਤਾ ਸਾਡੀ ਆਉਣ ਵਾਲੀ ਪੀੜ੍ਹੀ ਦੀ ਸੋਚਣ-ਸ਼ਕਤੀ, ਭਾਵਨਾਤਮਕ ਸੰਵੇਦਨਸ਼ੀਲਤਾ ਅਤੇ ਸਰੀਰਕ ਸਿਹਤ 'ਤੇ ਗੰਭੀਰ ਪ੍ਰਭਾਵ ਪਾ ਸਕਦੀ ਹੈ। ਇਸ ਲਈ ਲੋੜ ਹੈ ਕਿ ਅਸੀਂ ਡਿਜੀਟਲ ਦੁਨੀਆ ਦੀਆਂ ਸੁਵਿਧਾਵਾਂ ਦਾ ਲਾਭ ਤਾਂ ਉਠਾਈਏ, ਪਰ ਆਪਣੀ ਅਸਲ ਜ਼ਿੰਦਗੀ ਦੇ ਰਿਸ਼ਤਿਆਂ, ਕੁਦਰਤ, ਕਿਤਾਬਾਂ ਅਤੇ ਆਪਣੇ ਆਪ ਨਾਲ ਬਿਤਾਏ ਸਮੇਂ ਨੂੰ ਵੀ ਬਰਾਬਰ ਮਹੱਤਵ ਦੇਈਏ। ਇਹੀ ਸੰਤੁਲਨ ਸਾਨੂੰ ਤੰਦਰੁਸਤ, ਖੁਸ਼ਹਾਲ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਸਮਾਜ ਵੱਲ ਲੈ ਕੇ ਜਾ ਸਕਦਾ ਹੈ।

**ਕੁਲਬੀਰ ਸ਼ਰਮਾ**
**ਪਿੰਡ ਅਤੇ ਡਾਕ: ਝਬੇਲਵਾਲੀ,**
**ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਪੰਜਾਬ।**
**ਮੋਬਾਈਲ ਨੰਬਰ : 8427212104**

# ਕਦੇ ਹੁੰਦਾ ਸੀ ਜ਼ਮਾਨਾ ਚਿੱਠੀਆਂ ਦਾ, ਲੋਕ ਸੁੱਖ ਸਾਂਦ ਪੁੱਛਦੇ ਸੀ ਲਿਖ ਚਿੱਠੀਆਂ

ਇੱਕ ਸਮਾਂ ਸੀ ਜਦੋਂ ਚਿੱਠੀਆਂ ਸਿਰਫ਼ ਕਾਗਜ਼ ਦੇ ਟੁਕੜੇ ਨਹੀਂ ਹੁੰਦੀਆਂ ਸਨ, ਸਗੋਂ ਦਿਲਾਂ ਨੂੰ ਜੋੜਨ ਦਾ ਸਭ ਤੋਂ ਖੂਬਸੂਰਤ ਸਾਧਨ ਹੁੰਦੀਆਂ ਸਨ। ਲੋਕ ਆਪਣੇ ਪਿਆਰ, ਦੁੱਖ-ਸੁੱਖ, ਵਿਛੋੜੇ ਅਤੇ ਖੁਸ਼ੀਆਂ ਨੂੰ ਸ਼ਬਦਾਂ ਵਿੱਚ ਪਰੋ ਕੇ ਚਿੱਠੀਆਂ ਰਾਹੀਂ ਆਪਣੇ ਪਿਆਰਿਆਂ ਤੱਕ ਪਹੁੰਚਾਉਂਦੇ ਸਨ। ਡਾਕੀਏ ਦੀ ਉਡੀਕ ਕਰਨਾ ਉਸ ਵੇਲੇ ਦੀ ਜ਼ਿੰਦਗੀ ਦਾ ਇੱਕ ਅਹਿਮ ਹਿੱਸਾ ਹੁੰਦਾ ਸੀ। ਜਿਵੇਂ ਹੀ ਡਾਕੀਆ ਗਲੀ ਵਿੱਚ



ਦਿਖਾਈ ਦਿੰਦਾ, ਲੋਕਾਂ ਦੇ ਚਿਹਰਿਆਂ 'ਤੇ ਉਮੀਦ ਦੀ ਇੱਕ ਨਵੀਂ ਕਿਰਨ ਜਗ ਪੈਂਦੀ ਸੀ। ਕਿਸੇ ਆਪਣੇ ਦੀ ਚਿੱਠੀ ਮਿਲ ਜਾਣਾ ਕਿਸੇ ਤੋਹਫ਼ੇ ਤੋਂ ਘੱਟ ਨਹੀਂ ਸੀ।

ਚਿੱਠੀਆਂ ਵਿੱਚ ਲਿਖੇ ਸ਼ਬਦਾਂ ਦੀ ਆਪਣੀ ਹੀ ਮਹਿਕ ਹੁੰਦੀ ਸੀ। ਉਹਨਾਂ ਨੂੰ ਵਾਰ-ਵਾਰ ਪੜ੍ਹ ਿਆ ਜਾਂਦਾ, ਸੰਭਾਲ ਕੇ ਰੱਖਿਆ ਜਾਂਦਾ ਅਤੇ ਸਾਲਾਂ ਬਾਅਦ ਵੀ ਪੜ੍ਹ ਕੇ ਪੁਰਾਣੀਆਂ ਯਾਦਾਂ ਤਾਜ਼ਾ ਹੋ ਜਾਂਦੀਆਂ ਸਨ। ਇੱਕ ਚਿੱਠੀ ਵਿੱਚ ਭਾਵਨਾਵਾਂ, ਆਪਣੇਪਣ ਅਤੇ ਰਿਸ਼ਤਿਆਂ ਦੀ ਗਹਿਰਾਈ ਸਾਫ਼ ਝਲਕਦੀ ਸੀ ਅੱਜ ਮੋਬਾਈਲ ਫੋਨ, ਵਟਸਐਪ ਅਤੇ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਸੰਦੇਸ਼ ਇੱਕ ਪਲ ਵਿੱਚ ਪਹੁੰਚ ਜਾਂਦੇ ਹਨ, ਪਰ ਉਹ ਇੰਤਜ਼ਾਰ, ਉਹ ਬੇਚੈਨੀ ਅਤੇ ਉਹ ਮਿਠਾਸ ਕਿਤੇ ਗੁੰਮ ਹੋ ਗਈ ਹੈ ਜੋ ਚਿੱਠੀਆਂ ਦੇ ਜ਼ਮਾਨੇ ਦੀ ਪਹਿਚਾਣ ਸੀ। ਆਧੁਨਿਕ ਤਕਨੀਕ ਨੇ ਦੂਰੀਆਂ ਤਾਂ ਘਟਾ ਦਿੱਤੀਆਂ ਹਨ, ਪਰ ਦਿਲਾਂ ਦੀਆਂ ਭਾਵਨਾਵਾਂ ਨੂੰ ਕਾਗਜ਼ 'ਤੇ ਉਤਾਰਨ ਦੀ ਰਿਵਾਇਤ ਕਿਤੇ ਪਿੱਛੇ ਛੱਡ ਦਿੱਤੀ ਹੈ। ਸਮਾਂ ਬਦਲਦਾ ਰਹਿੰਦਾ ਹੈ, ਪਰ ਚਿੱਠੀਆਂ ਦੀ ਮਹਿਕ ਅਤੇ ਉਹਨਾਂ ਨਾਲ ਜੁੜੀਆਂ ਯਾਦਾਂ ਅੱਜ ਵੀ ਲੋਕਾਂ ਦੇ ਦਿਲਾਂ ਵਿੱਚ ਜ਼ਿੰਦਾ ਹਨ। ਕਿਉਂਕਿ ਕਦੇ ਲੋਕ ਸਿਰਫ਼ ਚਿੱਠੀਆਂ ਨਹੀਂ ਲਿਖਦੇ ਸਨ, ਉਹ ਆਪਣੇ ਜਜ਼ਬਾਤ, ਆਪਣਾ ਪਿਆਰ ਅਤੇ ਆਪਣਾ ਦਿਲ ਲਿਖਦੇ ਸਨ।

**ਸਵਰਨ ਸਿੰਘ ਭਗਤਾ, ਪੱਤਰਕਾਰ ਭਗਤਾ ਭਾਈ ਕਾ (ਬਠਿੰਡਾ)**

# ਸੁਰਜੀਤ ਸਿੰਘ ਰੱਖੜਾ ਨੇ ਲਾਭਪਾਤਰੀਆਂ ਨੂੰ ਵੰਡੇ 'ਮੁੱਖ ਮੰਤਰੀ ਸਿਹਤ ਯੋਜਨਾ' ਦੇ ਸਿਹਤ ਕਾਰਡ

## ਹਲਕਾ ਸਮਾਣਾ ਦੇ ਪਿੰਡਾਂ ਵਿੱਚ ਪਰਿਵਾਰਾਂ ਨੂੰ ਮਿਲੀ 10 ਲੱਖ ਤੱਕ ਮੁਫ਼ਤ ਅਤੇ ਨਕਦ ਰਹਿਤ ਇਲਾਜ ਦੀ ਸਹੂਲਤ



**ਪਾਤੜਾਂ, 28 ਜੁਲਾਈ (ਜਸਵਿੰਦਰ ਸਿੰਘ ਪਾਰਸ)**: ਸਾਬਕਾ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਪਿੰਡ ਕਲਿਆਣ, ਨਵਾਂ ਰੱਖੜਾ ਅਤੇ ਛੋਟੀ ਰੌਣੀ ਵਿਖੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਯੋਗ ਲਾਭਪਾਤਰੀ ਪਰਿਵਾਰਾਂ ਨੂੰ 10 ਲੱਖ ਤੱਕ ਮੁਫ਼ਤ ਅਤੇ ਨਕਦ ਰਹਿਤ ਇਲਾਜ ਦੀ ਸਹੂਲਤ ਪ੍ਰਦਾਨ ਕਰਨ ਵਾਲੇ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰ ਲੋੜਵੰਦ ਪਰਿਵਾਰ ਤੱਕ ਮਿਆਰੀ ਸਿਹਤ ਸੇਵਾਵਾਂ ਪਹੁੰਚਾਉਣਾ ਹੈ, ਤਾਂ ਜੋ ਕਿਸੇ ਵੀ ਵਿਅਕਤੀ ਨੂੰ ਗੰਭੀਰ ਬਿਮਾਰੀ ਦੇ ਇਲਾਜ ਲਈ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ, ਸਸਤੀ ਅਤੇ ਨਕਦ ਰਹਿਤ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਆਪਣੇ ਕੇਵਲ ਸਾਢੇ ਛੇ ਮਹੀਨਿਆਂ ਦੇ ਕਾਰਜਕਾਲ ਦੌਰਾਨ ਹੀ 5.12 ਲੱਖ ਤੋਂ ਵੱਧ ਲਾਭਪਾਤਰੀਆਂ ਨੂੰ 914 ਕਰੋੜ ਤੋਂ ਵੱਧ ਦਾ ਨਕਦ ਰਹਿਤ ਮੁਫ਼ਤ ਇਲਾਜ ਮੁਹੱਈਆ ਕਰਵਾ ਕੇ ਪੰਜਾਬ ਦੇ ਲੋਕਾਂ ਲਈ ਇੱਕ ਵਰਦਾਨ ਸਾਬਤ ਕੀਤਾ ਹੈ। ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਲੋਕ ਭਲਾਈ ਨੂੰ ਸਮਰਪਿਤ ਇਹ ਯੋਜਨਾ ਪੰਜਾਬ ਦੇ ਹਰ ਨਾਗਰਿਕ ਨੂੰ ਸੁਰੱਖਿਅਤ, ਮਿਆਰੀ ਅਤੇ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਮਾਨ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜ਼ਮੀਨੀ ਪੱਧਰ ਤੱਕ ਪਹੁੰਚਾ ਕੇ ਹਰ ਯੋਗ ਪਰਿਵਾਰ ਨੂੰ ਲਾਭ ਪਹੁੰਚਾਉਣ ਲਈ ਵਚਨਬੱਧ ਹੈ। ਇਸ ਮੌਕੇ ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਰਘਵੀਰ ਸਿੰਘ ਕਲਿਆਣ, ਇੰਦਰਜੀਤ ਸਿੰਘ ਰੱਖੜਾ, ਸਰਪੰਚ ਦਰਸ਼ਨ ਸਿੰਘ ਭੰਗੂ, ਸਰਪੰਚ ਜੀਵਨ ਸਿੰਘ, ਸਰਪੰਚ ਸੁੱਖੀ ਰੱਖੜਾ, ਸਾਬਕਾ ਸਰਪੰਚ ਹਰਦੀਪ ਸਿੰਘ, ਵਿੱਕੀ ਰੱਖੜਾ, ਬਿੱਲੂ ਰੱਖੜਾ, ਸਾਬਕਾ ਸਰਪੰਚ ਰਾਮ ਰਤਨ, ਮੰਗੂ ਰੌਣੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਪੁੱਤਰ ਦੀ ਯਾਦ ਵਿਚ ਮਾਤਾ ਪਿਤਾ ਨੇ ਸਕੂਲ ਵਿਖੇ ਬੱਚਿਆਂ ਲਈ ਪਾਣੀ ਦਾ ਵਾਟਰ ਕੂਲਰ ਅਤੇ ਆਰਓ ਭੇਂਟ ਕੀਤਾ

**ਮੋਰਿੰਡਾ 28 ਜੁਲਾਈ (ਜਸਬੀਰ ਸਿੰਘ ਸ਼ਾਂਤਪੁਰੀ)** ਪਿਛਲੇ ਸਾਲ ਕੈਨੇਡਾ ਵਿਖ਼ੇ ਸੜ੍ਹਕ ਹਾਦਸੇ ਦਾ ਸ਼ਿਕਾਰ ਹੋਏ ਮੋਰਿੰਡਾ ਨਿਵਾਸੀ ਨੌਜਵਾਨ ਹਰਿੰਦਰ ਸਿੰਘ ਹੈਰੀ ਜਿਸ ਦੀ ਦਰਦਨਾਕ ਮੌਤ ਕਾਰਨ ਸਾਰਾ ਮੋਰਿੰਡਾ ਸ਼ਹਿਰ ਵਿੱਚ ਸੋਗ ਦੀ ਲਹਿਰ ਫੈਲ ਗਈ ਸੀ, ਦੀ ਯਾਦ ਵਿੱਚ ਉਹਨਾਂ ਦੇ ਪਿਤਾ ਜਸਬੀਰ ਸਿੰਘ ਅਤੇ ਮਾਤਾ ਕਮਲਜੀਤ ਕੌਰ ਨੇ ਸਕੂਲ ਆਫ਼ ਐਮੀਨੈਂਸ ਮੋਰਿੰਡਾ ਵਿਖ਼ੇ ਬੱਚਿਆਂ ਲਈ ਪਾਣੀ ਵਾਲਾ ਵੱਡਾ ਵਾਟਰ ਕੂਲਰ ਅਤੇ ਆਰ ਓ ਭੇਂਟ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਵਰਿੰਦਰਜੀਤ ਕੌਰ ਅਤੇ ਪਾਇਲ ਜੈਨ ਨੇ ਦੱਸਿਆ ਕਿ ਪਰਿਵਾਰ ਵਲੋਂ ਬੱਚਿਆਂ ਦੇ ਪੀਣ ਵਾਲ਼ੇ ਸਾਫ਼ ਪਾਣੀ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਵਾਟਰ ਕੂਲਰ ਦੇਣ ਨਾਲ਼ ਪਾਣੀ ਦੀ ਸਮੱਸਿਆ ਹੱਲ ਹੋ ਗਈ ਹੈ। ਉਹਨਾਂ ਪਰਿਵਾਰ ਦਾ ਧੰਨਵਾਦ ਵੀ ਕੀਤਾ ਹੈ। ਇਸ ਮੌਕੇ ਲੈਕਚਰਾਰ ਸੰਦੇਸ਼ ਰਾਣੀ, ਸਿਮਰਨਜੀਤ ਕੌਰ, ਰੋਮੀ ਸ਼ਰਮਾ, ਰਵਨੀਤ ਸੋਹੀ, ਰੇਖਾ ਰਾਣੀ, ਮੁਖਤਿਆਰ ਕੌਰ, ਪ੍ਰਭਜੀਤ ਕੌਰ, ਹਰਜੀਤ ਕੌਰ, ਚਰਨਜੀਤ ਕੌਰ, ਅਮਰਿੰਦਰ ਸਿੰਘ, ਮਨਦੀਪ ਕੌਰ, ਨਵਜੋਤ ਕੌਰ, ਮਨਜੀਤ ਕੌਰ, ਸੁਖਜਿੰਦਰ ਸਿੰਘ, ਸੁਸ਼ਮਾ ਰਾਣੀ, ਆਂਚਲ ਅਤੇ ਲਖਵੀਰ ਸਿੰਘ ਆਦਿ ਹਾਜ਼ਰ ਸਨ।

# ਮੁਕਤਸਰ ਅੰਡਰ- 19 ਲੜਕੀਆਂ ਦਾ ਲਗਾਤਾਰ ਚੌਥੀ ਜਿੱਤ ਨਾਲ ਕੁਆਰਟਰ ਫਾਈਨਲ ਲਈ ਰਾਹ ਪੱਧਰਾ

## ਸ੍ਰੀ ਮੁਕਤਸਰ ਸਾਹਿਬ ਅੰਡਰ -19 ਲੜਕੀਆਂ ਨੇ ਫਾਜ਼ਿਲਕਾ ਤੋਂ 06 ਵਿਕਟਾਂ ਨਾਲ ਜਿੱਤ ਪ੍ਰਾਪਤ ਕੀਤੀ

***ਤਨਵੀ ਦੀਆਂ ਸ਼ਾਨਦਾਰ 40 ਦੌੜਾਂ (ਨਾਟ ਆਊਟ) 1 ਵਿਕਟ, ਅਨਿਸਕਾ ਸੈਨ ਦੀਆਂ 43 ਦੌੜਾਂ ਅਤੇ ਗੁਣਸਾਖੀ ਕੌਰ 3 ਵਿਕਟਾਂ ਖੁਸ਼ਪ੍ਰੀਤ ਕੌਰ ਦੀਆਂ 2 ਵਿਕਟਾਂ ਨਾਲ ਸ਼ਾਨਦਾਰ ਪ੍ਰਦਰਸ਼ਨ***



**ਸ੍ਰੀ ਮੁਕਤਸਰ ਸਾਹਿਬ, 28 ਜੁਲਾਈ (ਰਵੀਨਾ ਅਰੋੜਾ)** ਪੰਜਾਬ ਕ੍ਰਿਕਟ ਐਸੋਸੀਏਸ਼ਨ ਮੋਹਾਲੀ ਵੱਲੋਂ ਆਯੋਜਿਤ ਕੀਤੇ ਜਾ ਰਹੇ ਲੜਕੀਆਂ ਦੇ ਅੰਤਰ ਜ਼ਿਲ੍ਹਾ ਵਨ ਡੇ ਅੰਡਰ -19 ਕ੍ਰਿਕਟ ਟੂਰਨਾਮੈਂਟ ਦੇ ਮੁਕਾਬਲੇ 2026-27 ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਜ਼ਿਲ੍ਹਾ ਫਾਜ਼ਿਲਕਾ ਦੀ ਟੀਮ ਤੋਂ ਸ਼ਾਨਦਾਰ 06 ਵਿਕਟਾਂ ਨਾਲ ਜਿੱਤ ਪ੍ਰਾਪਤ ਕੀਤੀ। ਜ਼ਿਲ੍ਹਾ ਫਾਜ਼ਿਲਕਾ ਦੇ ਕ੍ਰਿਕਟ ਗਰਾਊਂਡ ਵਿੱਚ ਖੇਡੇ ਗਏ ਮੈਚ ਵਿਚ ਫਾਜ਼ਿਲਕਾ ਦੀ ਟੀਮ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ। ਬੱਲੇਬਾਜ਼ੀ ਕਰਦੇ ਹੋਏ ਫਾਜ਼ਿਲਕਾ ਦੀ ਟੀਮ ਨੇ 49.0 ਓਵਰਾਂ ਵਿੱਚ 10 ਵਿਕਟਾਂ ਦੇ ਨੁਕਸਾਨ ਨਾਲ 113 ਦੌੜਾਂ ਬਣਾਈਆਂ। ਜਿਸ ਵਿੱਚ ਜ਼ਿਲ੍ਹਾ ਫਾਜ਼ਿਲਕਾ ਦੀ ਗੁੰਜਨ 27 ਦੌੜਾਂ , ਤਮੰਨਾ ਨੇ 17 ਦੌੜਾਂ ਅਤੇ ਸੰਜਨਾ ਨੇ 13 ਦੌੜਾਂ ਬਣਾਈਆਂ ਜਦ ਕਿ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਵੱਲੋਂ ਗੇਂਦਬਾਜੀ ਕਰਦੇ ਹੋਏ ਗੁਣਸਾਖੀ ਨੇ 3 ਵਿਕਟਾਂ (9 ਓਵਰ,12 ਦੌੜਾਂ), ਖੁਸ਼ਪ੍ਰੀਤ ਕੌਰ ਨੇ 2 ਵਿਕਟਾਂ (6 ਓਵਰ ,18 ਦੌੜਾਂ ) ਤਨਵੀ ਅਤੇ ਪਵਤਾਜ ਕੌਰ ਨੇ 1 -1 ਵਿਕਟ ਹਾਸਿਲ ਕੀਤੀ। ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਦੀ ਟੀਮ ਨੇ ਆਪਣੀ ਪਾਰੀ ਵਿੱਚ ਬੱਲੇਬਾਜ਼ੀ ਕਰਦੇ ਹੋਏ 27.4 ਓਵਰਾਂ ਸਿਰਫ 4 ਵਿਕਟਾਂ ਦੇ ਨੁਕਸਾਨ ਤੇ ਅਸਾਨੀ ਨਾਲ 114 ਦੌੜਾਂ ਦਾ ਟੀਚਾ ਪਾਰ ਕਰ ਲਿਆ ਜਿਸ ਵਿੱਚ ਬੱਲੇਬਾਜ਼ੀ ਕਰਦੇ ਹੋਏ ਅਨੁਸ਼ਕਾ ਸੈਨ ਨੇ 53 ਗੇਂਦਾਂ ਵਿੱਚ 43 ਦੌੜਾਂ ਅਤੇ ਤਨਵੀ 40 ਦੌੜਾਂ ਬਣਾ ਕੇ ਨਾਟ ਆਊਟ ਰਹੀ, ਜਦ ਕਿ ਫਾਜ਼ਿਲਕਾ ਵੱਲੋਂ ਗੇਂਦਬਾਜ਼ੀ ਕਰਦੇ ਹੋਏ ਸੰਜਨਾ ਰਾਣੀ ਨੇ 2 ਵਿਕਟਾਂ , ਗੁੰਜਨ ਅਤੇ ਕੁਲਵਿੰਦਰ ਕੌਰ ਨੇ ਇੱਕ -ਇੱਕ ਹਾਸਿਲ ਕੀਤੀ। ਇਸ ਸ਼ਾਨਦਾਰ ਜਿੱਤ ਲਈ ਐਸੋਸੀਏਸ਼ਨ ਦੇ ਸਮੂਹ ਮੈਂਬਰ ਸਾਹਿਬਾਨ ਨੇ ਟੀਮ ਦੀ ਇਸ ਪ੍ਰਾਪਤੀ ਤੇ ਸਲੈਕਟਰ ਸਾਹਿਬਾਨ , ਕੋਚ ਸਾਹਿਬਾਨ ਗਗਨਦੀਪ ਸਿੰਘ ਜੀ, ਲਖਵਿੰਦਰ ਸਿੰਘ ਜੀ ਅਤੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਅਗਲੇ ਮੈਚ ਲਈ ਸ਼ੁਭ ਇੱਛਾਵਾਂ ਦਿੱਤੀਆਂ। ਵਰਨਣ ਯੋਗ ਹੈ ਕਿ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਮੁਕਤਸਰ ਦੀ ਅੰਡਰ -19 ਲੜਕੀਆਂ ਦੀ ਟੀਮ ਨੇ ਇਸ ਟੂਰਨਾਮੈਂਟ ਦੇ ਪਹਿਲੇ ਮੈਚ ਵਿੱਚ ਮੋਗਾ ਨੂੰ ਦੂਜੇ ਮੈਚ ਵਿੱਚ ਫਿਰੋਜ਼ਪੁਰ ਨੂੰ , ਤੀਜੇ ਮੈਚ ਵਿਚ ਬਠਿੰਡੇ ਨੂੰ ਅਤੇ ਚੌਥੇ ਮੈਚ ਵਿੱਚ ਫਾਜ਼ਿਲਕਾ ਤੇ ਜਿੱਤ ਹਾਸਲ ਕਰਕੇ ਇਸ ਟੂਰਨਾਮੈਂਟ ਵਿੱਚ ਲਗਾਤਾਰ ਚੌਥੀ ਜਿੱਤ ਹਾਸਲ ਕਰਕੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਨਾਮ ਰੌਸ਼ਨ ਕਰਦੇ ਹੋਏ ਆਪਣੇ ਗਰੁੱਪ ਵਿੱਚ 16 ਅੰਕ ਹਾਸਲ ਕਰਕੇ ਪਹਿਲੇ ਸਥਾਨ ਤੇ ਹੈ।

# ਰਹਿਬਰ ਗਰੁੱਪ ਆਫ਼ ਇੰਸਟੀਚਿਊਟ ਵਿਖੇ 'ਵਿਸ਼ਵ ਹੈਪੇਟਾਈਟਸ ਡੇ' ਤੇ 'ਵਿਸ਼ਵ ਕੁਦਰਤ ਸੰਭਾਲ ਦਿਵਸ' ਸਾਂਝੇ ਤੌਰ 'ਤੇ ਮਨਾਏ






**ਭਵਾਨੀਗੜ੍ਹ, 28 ਜੁਲਾਈ (ਰਾਜ ਖੁਰਮੀ)**: ਪ੍ਰਸਿੱਧ ਵਿੱਦਿਅਕ ਅਦਾਰਾ ਰਹਿਬਰ ਗਰੁੱਪ ਆਫ਼ ਇੰਸਟੀਚਿਊਟ ਵਿਖੇ ਰਹਿਬਰ ਹਸਪਤਾਲ ਭਵਾਨੀਗੜ੍ਹ ਦੇ ਸਹਿਯੋਗ ਨਾਲ ਸੋਮਵਾਰ ਨੂੰ 'ਵਿਸ਼ਵ ਹੈਪੇਟਾਈਟਸ ਡੇ' ਅਤੇ 'ਵਿਸ਼ਵ ਕੁਦਰਤ ਸੰਭਾਲ ਦਿਵਸ' ਸਾਂਝੇ ਤੌਰ 'ਤੇ ਮਨਾਇਆ ਗਿਆ। ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਅਤੇ ਆਮ ਲੋਕਾਂ ਨੂੰ ਹੈਪੇਟਾਈਟਸ ਵਰਗੀ ਗੰਭੀਰ ਬਿਮਾਰੀ ਤੋਂ ਬਚਾਅ ਅਤੇ ਕੁਦਰਤ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਗਰੁੱਪ ਅਧੀਨ ਚੱਲ ਰਹੇ ਬੀ.ਯੂ. ਐੱਮ. ਐੱਸ., ਜੀ.ਐਨ.ਐੱਮ., ਏ.ਐਨ.ਐੱਮ. ਅਤੇ ਆਯੁਰਵੈਦਿਕ ਫਾਰਮੇਸੀ ਦੇ ਵਿਦਿਆਰਥੀਆਂ ਵੱਲੋਂ ਸੈਮੀਨਾਰ, ਪੋਸਟਰ ਮੇਕਿੰਗ ਮੁਕਾਬਲੇ ਅਤੇ ਪੌਦੇ ਲਗਾਉਣ ਦੀ ਮੁਹਿੰਮ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਆਕਰਸ਼ਕ ਪੋਸਟਰਾਂ ਰਾਹੀਂ ਹੈਪੇਟਾਈਟਸ ਤੋਂ ਬਚਾਅ, ਸਿਹਤਮੰਦ ਜੀਵਨ ਸ਼ੈਲੀ ਅਤੇ ਵਾਤਾਵਰਣ ਦੀ ਸੰਭਾਲ ਦਾ ਪ੍ਰਭਾਵਸ਼ਾਲੀ ਸੁਨੇਹਾ ਦਿੱਤਾ। ਸਮਾਗਮ ਦੌਰਾਨ ਰਹਿਬਰ ਹਸਪਤਾਲ ਭਵਾਨੀਗੜ੍ਹ ਦੀ ਮੈਡੀਕਲ ਟੀਮ ਨੇ ਵਿਸ਼ੇਸ਼ ਸ਼ਿਰਕਤ ਕਰਦਿਆਂ ਹੈਪੇਟਾਈਟਸ (ਕਾਲਾ ਪੀਲੀਆ) ਦੇ ਲੱਛਣਾਂ, ਫੈਲਣ ਦੇ ਕਾਰਨਾਂ, ਸਮੇਂ ਸਿਰ ਜਾਂਚ ਅਤੇ ਬਚਾਅ ਦੇ ਉਪਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਸਮੇਂ ਸਿਰ ਟੈਸਟ ਅਤੇ ਟੀਕਾਕਰਨ ਰਾਹੀਂ ਇਸ ਬਿਮਾਰੀ ਤੋਂ ਪ੍ਰਭਾਵਸ਼ਾਲੀ ਬਚਾਅ ਕੀਤਾ ਜਾ ਸਕਦਾ ਹੈ। ਇਸ ਮੌਕੇ ਰਹਿਬਰ ਫਾਊਂਡੇਸ਼ਨ ਦੇ ਚੇਅਰਮੈਨ ਡਾ. ਐੱਮ.ਐੱਸ. ਖ਼ਾਨ ਅਤੇ ਵਾਈਸ ਚੇਅਰਪਰਸਨ ਡਾ. ਕਾਫਿਲਾ ਖ਼ਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਤੰਦਰੁਸਤ ਸਮਾਜ ਦੀ ਨੀਂਹ ਸਾਫ਼-ਸੁਥਰੇ ਵਾਤਾਵਰਣ ਅਤੇ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਨਾਲ ਹੀ ਰੱਖੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਰਹਿਬਰ ਹਸਪਤਾਲ ਲੋਕਾਂ ਨੂੰ ਹੈਪੇਟਾਈਟਸ ਤੋਂ ਬਚਾਅ ਲਈ ਟੀਕਾਕਰਨ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਨਿਰੰਤਰ ਸੇਵਾਵਾਂ ਦੇ ਰਿਹਾ ਹੈ। ਉਨ੍ਹਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਦਾ ਸੱਦਾ ਵੀ ਦਿੱਤਾ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ, ਹਸਪਤਾਲ ਦੇ ਸਟਾਫ਼ ਅਤੇ ਕਾਲਜ ਦੇ ਅਧਿਆਪਕਾਂ ਨੇ ਮਿਲ ਕੇ ਸਿਹਤ ਜਾਗਰੂਕਤਾ ਫੈਲਾਉਣ ਅਤੇ ਵੱਧ ਤੋਂ ਵੱਧ ਰੁੱਖ ਲਗਾ ਕੇ ਵਾਤਾਵਰਣ ਦੀ ਰੱਖਿਆ ਕਰਨ ਦਾ ਸਾਂਝਾ ਪ੍ਰਣ ਲਿਆ। ਇਸ ਉਪਰੰਤ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਕੇ ਸਮਾਗਮ ਦੀ ਸਮਾਪਤੀ ਕੀਤੀ ਗਈ।

# ਫੈਡਰੇਸ਼ਨ ਵੱਲੋਂ ਰਾਮਗੜ੍ਹੀਆ ਭਲਾਈ ਬੋਰਡ ਦੀ ਚੇਅਰਪਰਸਨ ਮਨਜੀਤ ਕੌਰ ਦਾ ਕੀਤਾ ਸਨਮਾਨ



**ਮੋਰਿੰਡਾ 28 ਜੁਲਾਈ (ਸ਼ਾਂਤਪੁਰੀ)** ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ, ਮੋਰਿੰਡਾ ਵੱਲੋਂ ਬੀਬੀ ਮਨਜੀਤ ਕੌਰ ਚੇਅਰਪਰਸਨ ਰਾਮਗੜ੍ਹੀਆ ਭਲਾਈ ਬੋਰਡ ਦਾ ਅੱਜ ਮੋਰਿੰਡਾ ਵਿਖੇ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਦੇ ਸਰਪ੍ਰਸਤ ਕੁਲਬੀਰ ਸਿੰਘ ਸੋਨੂ ਅਤੇ ਪ੍ਰਧਾਨ ਬਿਕਰਮ ਸਿੰਘ ਸੋਹਨਪਾਲ ਨੇ ਦੱਸਿਆ ਕਿ ਚੇਅਰਪਰਸਨ ਮਨਜੀਤ ਕੌਰ ਨੂੰ ਭਾਈ ਲਾਲੋ ਜੀ ਦੀ ਤਸਵੀਰ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਫੈਡਰੇਸ਼ਨ ਦੇ ਜਨਰਲ ਸਕੱਤਰ ਦਲਜੀਤ ਸਿੰਘ ਬਿੱਟੂ ਨੇ ਕਿਹਾ ਕਿ ਫੈਡਰੇਸ਼ਨ ਹਰ ਤਰ੍ਹਾਂ ਦੀ ਮਦਦ ਲਈ ਚੇਅਰਪਰਸਨ ਮਨਜੀਤ ਕੌਰ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਤੋਂ ਵੀ ਸਮਾਜ ਸੇਵੀ ਕਾਰਜਾਂ ਵਿੱਚ ਸਹਿਯੋਗ ਦੀ ਉਮੀਦ ਹੈ। ਇਸ ਮੌਕੇ ਆਪਣੇ ਸੰਬੋਧਨ ਦੌਰਾਨ ਮਨਜੀਤ ਕੌਰ ਨੇ ਰਾਮਗੜ੍ਹੀਆ ਫੈਡਰੇਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਰਾਮਗੜ੍ਹੀਆ ਫੈਡਰੇਸ਼ਨ ਦੇ ਦਫਤਰ ਪਹੁੰਚ ਕੇ ਮੈਨੂੰ ਬਹੁਤ ਮਾਣ ਮਹਿਸੂਸ ਹੋਇਆ ਹੈ। ਉਨ੍ਹਾਂ ਨੇ ਕਿਹਾ ਕਿ ਮੈਂ ਰਾਮਗੜ੍ਹੀਆ ਸਮਾਜ ਦੀ ਭਲਾਈ ਲਈ ਹਮੇਸ਼ਾ ਹਰ ਸੰਭਵ ਕੋਸ਼ਿਸ਼ ਕਰਦੀ ਰਹਾਂਗੀ। ਜਦੋਂ ਵੀ ਫੈਡਰੇਸ਼ਨ ਨੂੰ ਉਨ੍ਹਾਂ ਦੀ ਲੋੜ ਪਵੇਗੀ, ਉਹ ਹਰ ਸੰਭਵ ਸਹਿਯੋਗ ਦੇਣਗੇ। ਇਸ ਮੌਕੇ ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਬਹਾਦਰ ਸਿੰਘ ਓਕੇ, ਕੌਂਸਲਰ ਡਾ. ਅਸ਼ਵਨੀ ਸ਼ਰਮਾ, ਕੌਂਸਲਰ ਹੈਪੀ ਧੀਮਾਨ, ਫੈਡਰੇਸ਼ਨ ਦੇ ਵਾਈਸ ਪ੍ਰਧਾਨ ਤੇਜਿੰਦਰ ਸਿੰਘ ਕਲਸੀ, ਭੁਪਿੰਦਰ ਸਿੰਘ ਗੀਹਲ, ਜਗਵਿੰਦਰ ਸਿੰਘ ਜੰਡੂ, ਮਨਵਿੰਦਰ ਸਿੰਘ ਜੰਡੂ, ਮਨਜੀਤ ਸਿੰਘ ਧੀਮਾਨ, ਗੁਰਵਿੰਦਰ ਸਿੰਘ ਗੀਹਲ, ਜਗਜੀਤ ਸਿੰਘ ਗੀਹਲ, ਹਰਮੀਤ ਸਿੰਘ ਦਾਤਾਰਪੁਰ, ਜਗਦੀਪ ਸਿੰਘ ਘਟੌੜੇ, ਮਨਦੀਪ ਸਿੰਘ ਸੋਹਣਪਾਲ, ਦਰਸ਼ਨ ਸਿੰਘ ਸੋਹਨਪਾਲ, ਬਲਵੀਰ ਸਿੰਘ ਬਿਲਕੂ, ਰਮਨਦੀਪ ਸਿੰਘ ਘੜੂੰਆਂ, ਅਵਤਾਰ ਸਿੰਘ ਵਿਰਦੀ, ਜਸਵਿੰਦਰ ਸਿੰਘ ਮਠਾੜੂ, ਟੋਨੀ ਮੁੰਡੇ, ਹਰਵਿੰਦਰ ਸਿੰਘ ਰੂਪਰਾਏ, ਗੁਰਪ੍ਰੀਤ ਸਿੰਘ ਬਿਮਰਾ, ਚਰਨਜੀਤ ਸਿੰਘ ਗੀਹਲ ਅਤੇ ਡਾ. ਤਜਿੰਦਰ ਸਿੰਘ ਬੋਬੀ ਸਮੇਤ ਵੱਡੀ ਗਿਣਤੀ ਵਿੱਚ ਫੈਡਰੇਸ਼ਨ ਮੈਂਬਰ ਹਾਜ਼ਰ ਸਨ।

# ਅੱਖਾਂ ਦੀ ਜਾਂਚ ਅਤੇ ਮੁਫ਼ਤ ਐਨਕਾਂ ਵੰਡਣ ਲਈ ਵਿਸ਼ੇਸ਼ ਕੈਂਪ ਆਯੋਜਿਤ




**ਭਗਤਾ ਭਾਈ ਕਾ 28 ਜੁਲਾਈ (ਸਵਰਨ ਸਿੰਘ ਭਗਤਾ)** ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਸੀਮਾ ਗੁਪਤਾ ਦੀ ਅਗਵਾਈ ਹੇਠ ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ਼ ਬਲਾਇੰਡਨੈੱਸ ਐਂਡ ਵਿਜ਼ੂਅਲ ਇੰਪੇਅਰਮੈਂਟ (ਐਨ.ਪੀ.ਸੀ.ਬੀ.) ਤਹਿਤ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀ.) ਭਗਤਾ ਭਾਈ ਕਾ ਵਿਖੇ ਬੀਤੇ ਦਿਨੀਂ ਅੱਖਾਂ ਦੀ ਸਕਰੀਨਿੰਗ ਅਤੇ ਜਾਂਚ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ, ਖਾਸ ਕਰਕੇ ਬਜ਼ੁਰਗਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੀ ਵੰਡੀਆਂ ਗਈਆਂ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ ਸੀਮਾ ਗੁਪਤਾ ਨੇ ਦੱਸਿਆ ਕਿ ਐਨ.ਪੀ.ਸੀ.ਬੀ. ਪ੍ਰੋਗਰਾਮ ਦਾ ਮੁੱਖ ਉਦੇਸ਼ ਅੰਨ੍ਹੇਪਣ ਦੀ ਰੋਕਥਾਮ ਕਰਨਾ ਅਤੇ ਲੋਕਾਂ ਨੂੰ ਸਮੇਂ ਸਿਰ ਅੱਖਾਂ ਨਾਲ ਸਬੰਧਤ ਬਿਮਾਰੀਆਂ ਦੀ ਪਛਾਣ ਅਤੇ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਨਿਯਮਿਤ ਅੱਖਾਂ ਦੀ ਜਾਂਚ ਕਰਵਾਉਣ ਨਾਲ ਮੋਤੀਆਬਿੰਦ, ਨਜ਼ਰ ਦੀ ਕਮਜ਼ੋਰੀ ਅਤੇ ਹੋਰ ਅੱਖਾਂ ਦੀਆਂ ਬਿਮਾਰੀਆਂ ਦਾ ਸਮੇਂ ਸਿਰ ਇਲਾਜ ਸੰਭਵ ਹੈ। ਅੱਖਾਂ ਦੇ ਮਾਹਿਰ ਡਾ ਡਿੰਪੀ ਕੱਕੜ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਜ਼ਿਲ੍ਹੇ ਭਰ ਵਿੱਚ ਸਮੇਂ-ਸਮੇਂ 'ਤੇ ਅਜਿਹੇ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਦੂਰ-ਦੁਰਾਡੇ ਇਲਾਕਿਆਂ ਦੇ ਲੋਕਾਂ ਨੂੰ ਉਨ੍ਹਾਂ ਦੇ ਨੇੜੇ ਹੀ ਮਿਆਰੀ ਅੱਖਾਂ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਮਿਲ ਸਕਣ। ਕੈਂਪ ਦੌਰਾਨ ਜਿਨ੍ਹਾਂ ਮਰੀਜ਼ਾਂ ਵਿੱਚ ਮੋਤੀਆਬਿੰਦ ਜਾਂ ਹੋਰ ਗੰਭੀਰ ਅੱਖਾਂ ਦੀ ਸਮੱਸਿਆ ਪਾਈ ਗਈ, ਉਨ੍ਹਾਂ ਦਾ ਅਗਲਾ ਇਲਾਜ ਅਤੇ ਮੁਫ਼ਤ ਆਪ੍ਰੇਸ਼ਨ ਕੀਤਾ ਜਾਵੇਗਾ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਨਜ਼ਰ ਧੁੰਦਲੀ ਹੋਵੇ, ਅੱਖਾਂ ਵਿੱਚ ਦਰਦ, ਲਾਲੀ ਜਾਂ ਹੋਰ ਕੋਈ ਸਮੱਸਿਆ ਮਹਿਸੂਸ ਹੋਵੇ ਤਾਂ ਇਸ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ ਅਤੇ ਤੁਰੰਤ ਸਰਕਾਰੀ ਸਿਹਤ ਸੰਸਥਾ ਵਿੱਚ ਅੱਖਾਂ ਦੀ ਜਾਂਚ ਕਰਵਾਈ ਜਾਵੇ, ਤਾਂ ਜੋ ਅੰਨ੍ਹੇਪਣ ਤੋਂ ਬਚਾਅ ਕੀਤਾ ਜਾ ਸਕੇ। ਕੈਂਪ ਦੌਰਾਨ ਡਾਕਟਰਾਂ, ਪੈਰਾਮੈਡੀਕਲ ਸਟਾਫ਼ ਅਤੇ ਐਨ.ਪੀ.ਸੀ.ਬੀ. ਪ੍ਰੋਗਰਾਮ ਦੀ ਟੀਮ ਵੱਲੋਂ ਆਏ ਹੋਏ ਲੋਕਾਂ ਨੂੰ ਅੱਖਾਂ ਦੀ ਸੰਭਾਲ, ਸੰਤੁਲਿਤ ਖ਼ੁਰਾਕ ਅਤੇ ਸਮੇਂ-ਸਮੇਂ 'ਤੇ ਅੱਖਾਂ ਦੀ ਜਾਂਚ ਕਰਵਾਉਣ ਸਬੰਧੀ ਵੀ ਜਾਗਰੂਕ ਕੀਤਾ ਗਿਆ। ਇਸ ਮੌਕੇ ਡਾ ਕਰਮਜੀਤ ਕੌਰ, ਅਪਥਾਲਮਿਕ ਅਫ਼ਸਰ ਕ੍ਰਿਸ਼ਨਾ ਅਡਵਾਲ, ਨਰਸਿੰਗ ਸਿਸਟਰ ਕਰਮਜੀਤ ਕੌਰ ਅਤੇ ਰੇਸ਼ਮ ਸਿੰਘ ਹਾਜਰ ਸਨ।

# ਫਾਰਮੇਸੀ ਅਫਸਰ ਭਰਤੀ ਪ੍ਰੀਖਿਆ 'ਚ ਕਥਿਤ ਪੇਪਰ ਲੀਕ: ਭਾਜਪਾ ਵੱਲੋਂ ਸਿਹਤ ਤੇ ਸਿੱਖਿਆ ਮੰਤਰੀ ਦੇ ਅਸਤੀਫੇ ਦੀ ਮੰਗ



**ਮਲੋਟ, 28 ਜੁਲਾਈ (ਹਰਦੀਪ ਸਿੰਘ ਖਾਲਸਾ)**: ਪੰਜਾਬ ਫਾਰਮੇਸੀ ਅਫਸਰ ਭਰਤੀ ਪ੍ਰੀਖਿਆ ਵਿੱਚ ਕਥਿਤ ਪੇਪਰ ਲੀਕ ਮਾਮਲੇ ਨੂੰ ਲੈ ਕੇ ਭਾਜਪਾ ਨੇ ਸੂਬਾ ਸਰਕਾਰ ਨੂੰ ਘੇਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਤੁਰੰਤ ਅਸਤੀਫੇ ਦੀ ਮੰਗ ਕੀਤੀ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਤੀਸ਼ ਅਸੀਜਾ ਨੇ ਕਿਹਾ ਕਿ 19 ਜੁਲਾਈ ਨੂੰ 454 ਫਾਰਮੇਸੀ ਅਫਸਰ ਅਸਾਮੀਆਂ ਲਈ ਹੋਈ ਪ੍ਰੀਖਿਆ ਵਿੱਚ ਕਰੀਬ 7 ਹਜ਼ਾਰ ਉਮੀਦਵਾਰ ਸ਼ਾਮਲ ਹੋਏ ਸਨ, ਪਰ ਕਥਿਤ ਤੌਰ 'ਤੇ ਪ੍ਰੀਖਿਆ ਕੇਂਦਰ ਅੰਦਰੋਂ ਪ੍ਰਸ਼ਨ ਪੱਤਰ ਸਕੈਨ ਕਰਕੇ ਬਾਹਰ ਭੇਜਿਆ ਗਿਆ ਅਤੇ ਬਲੂਟੂਥ ਆਧਾਰਿਤ ਉਪਕਰਨਾਂ ਰਾਹੀਂ ਉੱਤਰ ਉਮੀਦਵਾਰਾਂ ਤੱਕ ਪਹੁੰਚਾਏ ਗਏ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਪਹਿਲਾਂ ਤੋਂ ਮਿਲੀ ਖੁਫੀਆ ਜਾਣਕਾਰੀ ਦੇ ਬਾਵਜੂਦ ਜੈਮਰ ਅਤੇ ਹੋਰ ਸੁਰੱਖਿਆ ਪ੍ਰਬੰਧ ਕਰਨ ਵਿੱਚ ਅਸਫਲ ਰਹੀ। ਅਸੀਜਾ ਨੇ ਦਾਅਵਾ ਕੀਤਾ ਕਿ ਇਹ ਘਟਨਾ ਆਮ ਆਦਮੀ ਪਾਰਟੀ ਸਰਕਾਰ ਦੇ ਕਾਰਜਕਾਲ ਦੌਰਾਨ ਸਾਹਮਣੇ ਆਇਆ ਛੇਵਾਂ ਵੱਡਾ ਭਰਤੀ ਜਾਂ ਪ੍ਰੀਖਿਆ ਵਿਵਾਦ ਹੈ। ਉਨ੍ਹਾਂ ਨਾਇਬ ਤਹਿਸੀਲਦਾਰ ਭਰਤੀ, ਬਾਰ੍ਹਵੀਂ ਜਮਾਤ ਦੇ ਅੰਗਰੇਜ਼ੀ ਪ੍ਰਸ਼ਨ ਪੱਤਰ ਲੀਕ, ਪੀਐੱਸਟੀਈਟੀ ਅਤੇ ਹੋਰ ਭਰਤੀ ਪ੍ਰਕਿਰਿਆਵਾਂ ਵਿੱਚ ਕਥਿਤ ਬੇਨਿਯਮੀਆਂ ਦਾ ਹਵਾਲਾ ਦਿੰਦਿਆਂ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ। ਭਾਜਪਾ ਆਗੂ ਨੇ ਕਿਹਾ ਕਿ ਸਰਕਾਰ ਦੇ ਪਾਰਦਰਸ਼ਤਾ ਅਤੇ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਦੇ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਯੋਗਤਾ, ਨਿਰਪੱਖਤਾ ਅਤੇ ਪਾਰਦਰਸ਼ਤਾ ਆਧਾਰਿਤ ਭਰਤੀ ਪ੍ਰਕਿਰਿਆ ਮਿਲਣੀ ਚਾਹੀਦੀ ਹੈ। ਭਾਜਪਾ ਨੇ ਇਸ ਮਾਮਲੇ ਵਿੱਚ ਸੂਬਾ ਸਰਕਾਰ ਤੋਂ ਜਵਾਬਦੇਹੀ ਤੈਅ ਕਰਨ ਅਤੇ ਸਿਹਤ ਤੇ ਸਿੱਖਿਆ ਮੰਤਰੀਆਂ ਦੇ ਅਸਤੀਫੇ ਦੀ ਮੰਗ ਦੁਹਰਾਈ।

# ਬੀ.ਐੱਡ. ਚੌਥੇ ਸਮੈਸਟਰ ਦੇ ਨਤੀਜਿਆਂ ਵਿੱਚ ਮਦਰ ਇੰਡੀਆ ਕਾਲਜ ਆਫ ਐਜੂਕੇਸ਼ਨ ਦੀ ਸ਼ਾਨਦਾਰ ਪ੍ਰਾਪਤੀ

## *100 ਫੀਸਦੀ ਨਤੀਜੇ ਨਾਲ ਕਾਲਜ ਨੇ ਮੁੜ ਕਾਇਮ ਕੀਤੀ ਅਕਾਦਮਿਕ ਉੱਤਮਤਾ ਦੀ ਮਿਸਾਲ*



**ਪਾਤੜਾਂ, 28 ਜੁਲਾਈ (ਜਸਵਿੰਦਰ ਸਿੰਘ ਪਾਰਸ)**: ਮਦਰ ਇੰਡੀਆ ਕਾਲਜ ਆਫ ਐਜੂਕੇਸ਼ਨ, ਪਾਤੜਾਂ (ਪੰਜਾਬੀ ਯੂਨੀਵਰਸਿਟੀ, ਪਟਿਆਲਾ ਨਾਲ ਸੰਬੰਧਿਤ) ਨੇ ਬੀ.ਐੱਡ. ਚੌਥੇ ਸਮੈਸਟਰ ਦੇ ਐਲਾਨੇ ਗਏ ਨਤੀਜਿਆਂ ਵਿੱਚ 100 ਫੀਸਦੀ ਸਫਲਤਾ ਹਾਸਲ ਕਰਕੇ ਆਪਣੀ ਸ਼ਾਨਦਾਰ ਅਕਾਦਮਿਕ ਪਰੰਪਰਾ ਨੂੰ ਬਰਕਰਾਰ ਰੱਖਿਆ ਹੈ। ਇਸ ਸ਼ਾਨਦਾਰ ਉਪਲਬਧੀ ਨਾਲ ਕਾਲਜ ਨੇ ਸਿੱਖਿਆ ਦੇ ਖੇਤਰ ਵਿੱਚ ਆਪਣੀ ਮਜ਼ਬੂਤ ਪਛਾਣ ਨੂੰ ਹੋਰ ਮਜ਼ਬੂਤ ਕੀਤਾ ਹੈ। ਨਤੀਜਿਆਂ ਅਨੁਸਾਰ ਜਾਨਵੀ ਸਿੰਗਲਾ ਨੇ 83 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਈਸ਼ੂ ਗਰਗ ਅਤੇ ਕਿਰਨਦੀਪ ਕੌਰ ਨੇ 82 ਫੀਸਦੀ ਅੰਕ ਲੈ ਕੇ ਦੂਜਾ ਸਥਾਨ ਹਾਸਲ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸੇ ਤਰ੍ਹਾਂ ਜਤਿੰਦਰ ਸਿੰਘ ਨੇ 81 ਫੀਸਦੀ ਅੰਕ ਪ੍ਰਾਪਤ ਕਰਕੇ ਆਪਣੀ ਯੋਗਤਾ ਅਤੇ ਮਿਹਨਤ ਦਾ ਪ੍ਰਮਾਣ ਦਿੱਤਾ। ਵਿਦਿਆਰਥੀਆਂ ਦੀ ਇਹ ਕਾਮਯਾਬੀ ਉਨ੍ਹਾਂ ਦੀ ਲਗਨ, ਸਖ਼ਤ ਮਿਹਨਤ ਅਤੇ ਪੜ੍ਹਾਈ ਪ੍ਰਤੀ ਸਮਰਪਣ ਦਾ ਨਤੀਜਾ ਹੈ। ਕਾਲਜ ਦੀ 100 ਫੀਸਦੀ ਸਫਲਤਾ ਦਰ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਾਂਝੀ ਮਿਹਨਤ, ਅਨੁਸ਼ਾਸਨ ਅਤੇ ਗੁਣਵੱਤਾ ਭਰਪੂਰ ਸਿੱਖਿਆ ਪ੍ਰਣਾਲੀ ਦਾ ਪ੍ਰਤੀਕ ਹੈ। ਇਸ ਮੌਕੇ ਕਾਲਜ ਪ੍ਰਬੰਧਕ ਰਾਕੇਸ਼ ਗਰਗ, ਮੈਡਮ ਵੀਨਾ ਰਾਣੀ, ਪ੍ਰਿੰਸੀਪਲ ਅਮਨਪ੍ਰੀਤ ਸਿੰਘ ਅਤੇ ਸਮੂਹ ਸਟਾਫ ਵੱਲੋਂ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ। ਉਨ੍ਹਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਮਦਰ ਇੰਡੀਆ ਕਾਲਜ ਆਫ ਐਜੂਕੇਸ਼ਨ, ਪਾਤੜਾਂ ਭਵਿੱਖ ਵਿੱਚ ਵੀ ਉੱਚ ਪੱਧਰੀ ਅਤੇ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰਕੇ ਯੋਗ, ਸਮਰਪਿਤ ਅਤੇ ਜ਼ਿੰਮੇਵਾਰ ਅਧਿਆਪਕ ਤਿਆਰ ਕਰਨ ਲਈ ਆਪਣੀ ਵਚਨਬੱਧਤਾ ਜਾਰੀ ਰੱਖੇਗਾ।

# ਹੈਪੇਟਾਈਟਸ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ




**ਭਗਤਾ ਭਾਈ ਕਾ 28 ਜੁਲਾਈ (ਸਵਰਨ ਸਿੰਘ ਭਗਤਾ)** ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀਆਂ ਹਦਾਇਤਾਂ ਅਨੁਸਾਰ ਵਿਸ਼ਵ ਹੈਪੇਟਾਈਟਸ ਦਿਵਸ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਸੀਨੀਅਰ ਮੈਡੀਕਲ ਅਫਸਰ ਡਾਕਟਰ ਸੀਮਾ ਗੁਪਤਾ ਦੀ ਅਗਵਾਈ ਹੇਠ ਪਿੰਡ ਗੁਰੂਸਰ ਵਿਖੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਸੀ ਐਚ ਓ ਗੁਰਮੀਤ ਕੌਰ ਨੇ ਕਿਹਾ ਕਿ ਹਾਈਪੇਟਾਈਟਸ ਜਿਗਰ ਦੀ ਬਿਮਾਰੀ ਹੈ। ਇਸਨੂੰ ਡਾਕਟਰੀ ਭਾਸ਼ਾ ਵਿੱਚ ਹੈਪੇਟਾਈਟਸ ਏ ਬੀ ਸੀ ਡੀ ਅਤੇ ਈ ਦੀਆਂ ਕਿਸਮਾਂ ਦੀ ਹੋ ਸਕਦਾ ਹੈ। ਇਸ ਸਮੇਂ ਵਿਸ਼ਵ ਭਰ ਵਿੱਚ ਹੈਪੇਟਾਈਟਸ ਲੱਖਾਂ ਲੋਕਾਂ ਨੂੰ ਪ੍ਰਭਾਵਿਤ ਕਰ ਰਿਹਾ ਹੈ । ਇਹ ਖਤਰਨਾਕ ਲਾਗ ਹੈ ਜੋ ਮੁੱਖ ਰੂਪ ਜਿਗਰ ਨੂੰ ਪ੍ਰਭਾਵਿਤ ਕਰਦੀ ਹੈ ਜੇ ਸਮੇਂ ਸਿਰ ਇਸ ਸਬੰਧੀ ਪਤਾ ਨਾ ਲੱਗੇ ਤਾਂ ਵਿਅਕਤੀ ਮੌਤ ਦਾ ਕਾਰਨ ਵੀ ਬਣ ਸਕਦੀ ਹੈ। ਇਹ ਸਰੀਰਕ ਤਰਲ ਪਦਾਰਥਾਂ ਅਤੇ ਨਸ਼ੇ ਦੇ ਟੀਕੇ ਸਾਂਝੇ ਕਰਨ, ਗਰਭਵਤੀ ਔਰਤ ਤੋਂ ਉਸ ਦੇ ਬੱਚੇ ਨੂੰ ਬਿਮਾਰੀ ਲੱਗ ਸਕਦੀ ਹੈ। ਬਿਮਾਰੀ ਦੀਆਂ ਨਿਸ਼ਾਨੀਆਂ ਵਿੱਚ ਥਕਾਵਟ ਬੁਖਾਰ ਭੁੱਖ ਨਾ ਲੱਗਣਾ ਅੱਖਾਂ ਦਾ ਰੰਗ ਪੀਲਾ ਹੋਣਾ ਪਿਸ਼ਾਬ ਪੀਲਾ ਆਉਣਾ ਵੀ ਸ਼ਾਮਿਲ ਹਨ। ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵੱਲੋਂ ਹੈਪੀਟਾਈਟਸ ਦੇ ਮਰੀਜ਼ਾਂ ਲਈ ਦਵਾਈ ਬਿਲਕੁਲ ਮੁੱਫਤ ਦਿੱਤੀ ਜਾਂਦੀ ਹੈ। ਇਸੇ ਤਰ੍ਹਾਂ ਹੀ ਪਿੰਡ ਦਿਆਲਪੁਰਾ ਭਾਈਕਾ ਅਤੇ ਭਾਈ ਰੂਪਾ ਵਿਖੇ ਵੀ ਲੋਕਾਂ ਨੂੰ ਜਾਗਰਿਤ ਕੀਤਾ ਗਿਆ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਸੰਗਰੂਰ ਭਾਜਪਾ ਦਫ਼ਤਰ 'ਤੇ ਪੈਟਰੋਲ ਬੰਬ ਹਮਲੇ ਦੀ ਕੇਵਲ ਸਿੰਘ ਢਿੱਲੋਂ ਵੱਲੋਂ ਨਿੰਦਾ, ਪੰਜਾਬ ਸਰਕਾਰ 'ਤੇ ਸਾਧਿਆ ਨਿਸ਼ਾਨਾ

## ਭਵਾਨੀਗੜ੍ਹ ਦੌਰੇ ਦੌਰਾਨ ਕਿਹਾ ਪੰਜਾਬ 'ਚ ਕਾਨੂੰਨ-ਵਿਵਸਥਾ ਵਿਗੜੀ, ਭਾਜਪਾ 117 ਸੀਟਾਂ 'ਤੇ ਆਪਣੇ ਦਮ 'ਤੇ ਲੜੇਗੀ ਚੋਣ



**ਭਵਾਨੀਗੜ੍ਹ, 28 ਜੁਲਾਈ (ਰਾਜ ਖੁਰਮੀ)**: ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸੰਗਰੂਰ ਸਥਿਤ ਭਾਜਪਾ ਦੇ ਪਾਰਟੀ ਦਫ਼ਤਰ 'ਤੇ ਹੋਏ ਪੈਟਰੋਲ ਬੰਬ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ ਅਤੇ ਸੂਬਾ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਤ ਹੋਈ ਹੈ। ਮੰਗਲਵਾਰ ਨੂੰ ਭਵਾਨੀਗੜ੍ਹ ਵਿਖੇ ਕੁਝ ਸਮੇਂ ਲਈ ਪੁੱਜੇ ਕੇਵਲ ਸਿੰਘ ਢਿੱਲੋਂ ਦਾ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਅਰਾਜਕਤਾ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਹਰ ਵਰਗ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਫਿਰੌਤੀ ਮੰਗਣ, ਕਤਲ ਅਤੇ ਗੈਂਗਸਟਰਵਾਦ ਵਰਗੀਆਂ ਅਪਰਾਧਿਕ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਕਾਰਨ ਲੋਕਾਂ ਵਿੱਚ ਡਰ ਦਾ ਮਾਹੌਲ ਹੈ।

ਇੱਕ ਸਵਾਲ ਦੇ ਜਵਾਬ ਵਿੱਚ ਕੇਵਲ ਸਿੰਘ ਢਿੱਲੋਂ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਅਗਲੀ ਸਰਕਾਰ ਭਾਰਤੀ ਜਨਤਾ ਪਾਰਟੀ ਦੀ ਬਣੇਗੀ। ਉਨ੍ਹਾਂ ਕਿਹਾ ਕਿ ਸੂਬੇ ਨੂੰ ਮੌਜੂਦਾ ਹਾਲਾਤਾਂ ਵਿੱਚੋਂ ਬਾਹਰ ਕੱਢਣ ਲਈ ਭਾਜਪਾ ਦੀ ਸਰਕਾਰ ਬਣਨਾ ਸਮੇਂ ਦੀ ਲੋੜ ਹੈ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਭਾਰਤੀ ਜਨਤਾ ਪਾਰਟੀ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ 117 ਦੀਆਂ 117 ਸੀਟਾਂ 'ਤੇ ਆਪਣੇ ਦਮ 'ਤੇ ਚੋਣ ਲੜੇਗੀ ਅਤੇ ਜਿੱਤ ਹਾਸਲ ਕਰਨ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਿੰਦਰ ਸਿੰਘ ਕਪਿਆਲ, ਜੀਤ ਕਪਿਆਲ, ਰਣਦੀਪ ਸਿੰਘ ਦਿਓਲ, ਰਜਿੰਦਰ ਕੁਮਾਰ ਸਿੰਗਲਾ ਵਪਾਰ ਸੈਲ ਜਿਲ੍ਹਾ ਪ੍ਰਧਾਨ ਅਤੇ ਡਿਪੂ ਮੰਦਰ ਦੇ ਪ੍ਰਧਾਨ, ਲਸਮਣ ਸੱਚਦੇਵਾ, ਹਰਿੰਦਰ ਰਾਜੀ ਸਮੇਤ ਭਾਜਪਾ ਦੇ ਆਗੂ ਵਰਕਰ ਵੀ ਹਾਜ਼ਰ ਸਨ।

# ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਸ਼ਹੀਦ ਊਧਮ ਸਿੰਘ ਗੀਤ ਲੈ ਕੇ ਹਾਜ਼ਰ ਹੈ- ਗੁਰਮੀਤ ਕੌਰ ਗੀਤਾ



**ਭਗਤਾ ਭਾਈ ਕਾ 28 ਜੁਲਾਈ (ਸਵਰਨ ਸਿੰਘ ਭਗਤਾ)** ਜਿੱਥੇ ਗੁਰਮੀਤ ਕੌਰ ਗੀਤਾ ਨੇ ਕਾਫੀ ਅਵਾਰਡ ਪ੍ਰਾਪਤ ਕੀਤੇ ਅਤੇ ਮਾਂ ਬੋਲੀ ਦੀ ਝੋਲੀ ਵਿੱਚ ਬਹੁਤ ਸਾਰੀਆਂ ਪੁਸਤਕਾਂ ਪਾਈਆਂ,ਉਥੇ ਹੁਣ ਆਪਣੇ ਪਹਿਲੇ ਗੀਤਾਂ ਤੋਂ ਬਾਅਦ ਸ਼ਹੀਦ ਊਧਮ ਸਿੰਘ ਗੀਤ ਲੈ ਕੇ ਹਾਜ਼ਰ ਹੋ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਮੀਤ ਕੌਰ ਗੀਤਾ ਨੇ ਦੱਸਿਆ ਕਿ ਇਹ ਮੈਂ ਖ਼ੁਦ ਲਿਖਿਆ ਗਾਇਆ ਅਤੇ ਆਪ ਹੀ ਕੰਪੋਜ ਕੀਤਾ ਹੈ। ਉਹਨਾਂ ਅੱਗੇ ਦੱਸਿਆ ਕਿ ਗੋਬਿੰਦ ਸਮਾਲਸਰ ਨੇ ਇਸ ਦਾ ਬਹੁਤ ਵਧੀਆ ਮਿਊਜ਼ਿਕ ਦਿੱਤਾ ਹੈ। ਗੁਰਮੀਤ ਕੌਰ ਗੀਤਾ ਨੇ ਦੱਸਿਆ ਕਿ ਇਬਾਦਤ ਸਟੂਡੀਓ, ਸਕੂਨ ਟੀਵੀ ਚੈਨਲ ਅਤੇ ਗੁਰਮੀਤ ਕੌਰ ਗੀਤਾ ਵੱਲੋਂ ਸ਼ਹੀਦ ਊਧਮ ਸਿੰਘ ਦੀ ਮਹਾਨ ਕੁਰਬਾਨੀ ਨੂੰ ਸਮਰਪਿਤ ਗੀਤ ਜੋ ਕਿ ਸੋਸ਼ਲ ਮੀਡੀਆ ਉਹਨਾਂ ਦੀ ਫੇਸਬੁੱਕ ਪ੍ਰੋਫਾਈਲ ਤੇ 31 ਜੁਲਾਈ 2026 ਨੂੰ ਲਗਭਗ 10 ਵਜੇ ਤੋਂ ਬਾਅਦ ਤੁਹਾਨੂੰ ਦੇਖਣ ਨੂੰ ਮਿਲੇਗਾ। ਉਮੀਦ ਕਰਦੇ ਹਾਂ ਕਿ ਚੰਗਾ ਸੰਗੀਤ ਸੁਣਨ ਵਾਲੇ ਇਸ ਗੀਤ ਨੂੰ ਜਰੂਰ ਸੁਣਨਗੇ। ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਗੁਰਮੀਤ ਕੌਰ ਗੀਤਾ ਬਹੁਤ ਸਾਰੀਆਂ ਬੁਲੰਦੀਆਂ ਨੂੰ ਛੂਹੇ ਅਤੇ ਇਸੇ ਤਰ੍ਹਾਂ ਪੰਜਾਬੀ ਮਾਂ ਬੋਲੀ ਅਤੇ ਸੰਗੀਤ ਦੀ ਸੇਵਾ ਕਰਦੀ ਰਹੇ।

# ਸਰਕਾਰੀ ਮਿਡਲ ਸਕੂਲ ਨਥਮਲਪੁਰ ਵਿਖੇ ਬੱਚਿਆਂ ਨੂੰ ਸੈਂਡਲ ਵੰਡੇ ਗਏ

**ਮੋਰਿੰਡਾ 28 ਜੁਲਾਈ (ਜਸਬੀਰ ਸਿੰਘ ਸ਼ਾਂਤਪੁਰੀ)** ਸਰਕਾਰੀ ਮਿਡਲ ਸਕੂਲ ਨਥਮਲਪੁਰ ਵਿਖੇ ਬੱਚਿਆਂ ਨੂੰ ਸੈਂਡਲ ਵੰਡੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਧਰਮਿੰਦਰ ਸਿੰਘ ਅਤੇ ਸਕੂਲ ਅਧਿਆਪਕਾ ਨਵਨੀਤ ਕੌਰ ਨੇ ਦੱਸਿਆ ਕਿ ਮੋਹਾਲੀ ਨਿਵਾਸੀ ਦਲਜੀਤ ਸਿੰਘ ਅਤੇ ਜਸਵਿੰਦਰ ਕੌਰ ਨੇ ਆਪਣੇ ਬੇਟੇ ਪ੍ਰਭਜੋਤ ਸਿੰਘ ਦੀ ਯਾਦ ਵਿੱਚ ਉਸ ਦੇ ਜਨਮ ਦਿਨ ਤੇ ਮਿਡਲ ਸਕੂਲ ਦੇ ਬੱਚਿਆਂ ਨੂੰ ਸੈਂਡਲ ਦਾਨ ਕੀਤੇ ਗਏ। ਇਸ ਮੌਕੇ ਸਕੂਲ ਦੀ ਸਾਇੰਸ ਅਧਿਆਪਕਾ ਪਰਦੀਪ ਕੌਰ ਸਿੰਘਪੁਰਾ ਨੇ ਪ੍ਰਭਜੋਤ ਸਿੰਘ ਦੀ ਯਾਦ ਵਿੱਚ ਅਜਿਹਾ ਉਪਰਾਲਾ ਕਰਨ ਤੇ ਪਰਿਵਾਰ ਦਾ ਧੰਨਵਾਦ ਕੀਤਾ ਗਿਆ। ਬਲਾਕ ਰਿਸੋਰਸ ਪਰਸਨ ਅਜੇ ਅਰੋੜਾ ਅਤੇ ਚੰਦਰ ਸ਼ੇਖਰ ਨੇ ਵੀ ਬੱਚਿਆਂ ਲਈ ਪਰਿਵਾਰ ਦੇ ਇਸ ਉਪਰਾਲੇ ਲਈ ਧੰਨਵਾਦ ਕੀਤਾ ਹੈ। ਇਸ ਮੌਕੇ ਸਕੂਲ ਦੀ ਕੰਪਿਊਟਰ ਅਧਿਆਪਕਾ ਬਲਜੀਤ ਕੌਰ ਅਤੇ ਬੱਚੇ ਹਾਜ਼ਰ ਸਨ।

# ਪਿੰਡ ਭੱਗੂਪੁਰ ਬੇਟ ਵਿਖੇ ਸਾਲਾਨਾ ਸੱਭਿਆਚਾਰਕ ਮੇਲਾ ਕਰਵਾਇਆ



**ਅੰਮ੍ਰਿਤਸਰ, 28 ਜੁਲਾਈ (ਸੋਨੂ ਨਰੂਲਾ)**- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਭੱਗੂਪੁਰ ਬੇਟ ਵਿਖੇ ਦਰਗਾਹ ਪੀਰ ਬਾਬਾ ਮਸੀਤਾਂ ਵਾਲਾ ਸਾਲਾਨਾ ਸੱਭਿਆਚਾਰਕ ਮੇਲਾ ਸਮੂਹ ਮੇਲਾ ਪ੍ਰਬੰਧਕ ਕਮੇਟੀ ਤੇ ਪਿੰਡ ਦੇ ਸਹਿਯੋਗ ਨਾਲ ਮਨਾਇਆ ਗਿਆ। ਸਵੇਰ ਤੋਂ ਹੀ ਵੱਡੀ ਗਿਣਤੀ ਵਿੱਚ ਸ਼ਰਧਾਲੂ ਦਰਗਾਹ ਤੇ ਮੱਥਾ ਟੇਕਿਆ। ਮੇਲੇ ਦੀ ਰਸਮੀ ਸ਼ੁਰੂਆਤ ਸੇਵਾਦਾਰਾਂ ਨੇ ਦਰਗਾਹ ਉੱਪਰ ਚਾਦਰ ਚੜ੍ਹਾ ਕੇ ਕੀਤੀ। ਉਪਰੰਤ ਪੰਜਾਬੀ ਗਾਇਕ ਜੋੜੀ ਨਵ ਰਾਜਸਥਾਨੀ ਅਤੇ ਕਮਲ ਸ਼ੇਰ ਗਿੱਲ ਨੇ ਆਪਣੀ ਗਾਇਕੀ ਰਾਹੀਂ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਮੌਕੇ ਸਰਪੰਚ ਮੱਸੂ ਸਿੰਘ ਤੇ ਹੋਰਨਾਂ ਵੱਲੋਂ ਗਾਇਕ ਜੋੜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਰਪੰਚ ਮੱਸੂ ਸਿੰਘ, ਮੈਂਬਰ ਮਲਕੀਤ ਸਿੰਘ ਮੈਂਬਰ ਨਿਰਵੈਲ ਸਿੰਘ, ਮੈਂਬਰ ਮੁਖਤਾਰ ਸਿੰਘ, ਕੁਲਵੰਤ ਸਿੰਘ, ਸਤਨਾਮ ਸਿੰਘ ਫੌਜੀ ਆਦਿ ਹਾਜ਼ਰ ਸਨ।

# ਪਿੰਡ ਵਰਿਆਹ ਵਿਖੇ ਬ੍ਰਹਮ ਗਿਆਨੀ ਬਾਬਾ ਗਮਚੁੱਕ ਦੀ ਯਾਦ ਨੂੰ ਸਮਰਪਿਤ ਗੁਰਮਤਿ ਸਮਾਗਮ ਤੇ ਕੁਸ਼ਤੀ ਦੰਗਲ ਕਰਵਾਏ



**ਅੰਮ੍ਰਿਤਸਰ, 28 ਜੁਲਾਈ (ਸੋਨੂ ਨਰੂਲਾ)**- ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਰਹੱਦੀ ਪਿੰਡ ਵਰਿਆਹ ਵਿਖੇ ਧੰਨ ਧੰਨ ਬ੍ਰਹਮ ਗਿਆਨੀ ਬਾਬਾ ਗਮਚੁੱਕ ਦੀ ਯਾਦ ਨੂੰ ਸਮਰਪਿਤ 14ਵਾਂ ਗੁਰਮਤਿ ਸਮਾਗਮ ਤੇ ਕੁਸ਼ਤੀ ਦੰਗਲ ਸਮੂਹ ਨਗਰ ਦੀਆਂ ਸੰਗਤਾਂ ਤੇ ਮੇਲਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਦੀ ਅਗਵਾਈ ਹੇਠ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਲੱਗੇ ਖੁਲ੍ਹੇ ਪੰਡਾਲ ਵਿਚ ਭਾਈ ਬਲਬੀਰ ਸਿੰਘ ਪਾਰਸ ਦਾ ਢਾਡੀ ਜਥਾ, ਭਾਈ ਸਰਬਜੀਤ ਸਿੰਘ ਕਥਾ ਵਾਚਕ ਲੁਧਿਆਣਾ, ਭਾਈ ਗੁਰਪਾਲ ਸਿੰਘ ਪੱਖੋਪੁਰ ਦੇ ਕਵੀਸ਼ਰੀ ਜਥੇ ਨੇ ਗੁਰਮਤਿ ਸਮਾਗਮ ਵਿਚ ਹਾਜ਼ਰ ਸੰਗਤ ਨੂੰ ਕਥਾ ਕੀਰਤਨ ਤੇ ਗੁਰੂ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਸ਼ਾਮ ਨੂੰ 20 ਤੋਂ ਉੱਪਰ ਨਾਮੀ ਪਹਿਲਵਾਨਾ ਦੇ ਕੁਸ਼ਤੀ ਦੰਗਲ ਕਰਵਾਏ ਗਏ। ਪਟਕੇ ਦੀ ਕੁਸ਼ਤੀ ਪੰਮਾ ਡੇਰਾ ਬਾਬਾ ਨਾਨਕ, ਗੌਰਵ ਭਿੰਡਰ, ਬੋਲੀਆਂ ਤੇ ਜੋਨੀ ਅਟਾਰੀ ਵਿਚਕਾਰ ਹੋਈ। ਪ੍ਰਧਾਨ ਕਾਲਾ ਸਿੰਘ ਤੇ ਨਿਰਮਲ ਸਿੰਘ ਵੱਲੋਂ ਜੇਤੂ ਪਹਿਲਵਾਨਾ ਨੂੰ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੇਲਾ ਪ੍ਰਬੰਧਕ ਕਮੇਟੀ ਕਾਲਾ ਸਿੰਘ, ਸ: ਨਿਰਮਲ ਸਿੰਘ, ਸੁਖਦੇਵ ਸਿੰਘ ਮੈਂਬਰ, ਸੁਰਜੀਤ ਸਿੰਘ, ਨਿਰਮਲ ਸਿੰਘ ਮੈਂਬਰ, ਚੇਅਰਮੈਨ ਲਖਵਿੰਦਰ ਸਿੰਘ ਲੱਖਾ, ਮੰਗਾ ਸਿੰਘ ਮੈਂਬਰ, ਬਾਬਾ ਮਨਜੀਤ ਸਿੰਘ, ਬਿੱਟੂ ਸੇਵਾਦਾਰ, ਸੰਤੋਖ ਸਿੰਘ, ਲਾਭ ਸਿੰਘ ਸੇਵਾਦਾਰ, ਚਰਨਜੀਤ ਸਿੰਘ, ਜਗੀਰ ਸਿੰਘ ਸੇਵਾਦਾਰ, ਜੱਗਾ ਸਿੰਘ, ਸਵਰਨ ਸਿੰਘ, ਜਗਦੀਸ਼ ਸਿੰਘ, ਅਵਤਾਰ ਸਿੰਘ, ਸਰਪੰਚ ਦਰਬਾਰਾ ਸਿੰਘ ਆਦਿ ਸਮੇਤ ਕਮੇਟੀ ਮੈਂਬਰ ਤੇ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

# ਸਹੋਦਿਆ ਆਰਟ ਫੈਸਟ ਵਿੱਚ ਮਦਰ ਇੰਡੀਆ ਪਬਲਿਕ ਸਕੂਲ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਉਪਲਬਧੀ

## ਲਵਲੀਨ ਨੇ ਮਾਸਕ ਮੇਕਿੰਗ ਵਿੱਚ ਜਿੱਤਿਆ ਪਹਿਲਾ ਸਥਾਨ, ਜਸਦੀਪ ਨੇ ਸਟੋਨ ਆਰਟ ਵਿੱਚ ਹਾਸਲ ਕੀਤਾ ਦੂਜਾ ਸਥਾਨ





**ਪਾਤੜਾਂ, 28 ਜੁਲਾਈ (ਜਸਵਿੰਦਰ ਸਿੰਘ ਪਾਰਸ)**: ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਾਰਪੇ ਡੀਅਮ ਸਕੂਲ, ਰਾਜਪੁਰਾ ਵਿਖੇ ਕਰਵਾਏ ਗਏ ਆਰਟ ਫੈਸਟ ਵਿੱਚ ਮਦਰ ਇੰਡੀਆ ਪਬਲਿਕ ਸਕੂਲ, ਪਾਤੜਾਂ ਦੇ ਵਿਦਿਆਰਥੀਆਂ ਨੇ ਆਪਣੀ ਕਲਾ ਅਤੇ ਰਚਨਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਕਲਾ ਮੇਲੇ ਦੌਰਾਨ ਵੱਖ-ਵੱਖ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਮਾਸਕ ਮੇਕਿੰਗ ਮੁਕਾਬਲੇ ਵਿੱਚ ਸਕੂਲ ਦੀ ਵਿਦਿਆਰਥਣ ਲਵਲੀਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸਟੋਨ ਆਰਟ ਮੁਕਾਬਲੇ ਵਿੱਚ ਜਸਦੀਪ ਨੇ ਆਪਣੀ ਕਲਾਤਮਕ ਯੋਗਤਾ ਦਾ ਲੋਹਾ ਮਨਵਾਉਂਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਹੋਰ ਵਿਦਿਆਰਥੀਆਂ ਨੇ ਵੀ ਵੱਖ-ਵੱਖ ਕਲਾ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਆਪਣੀ ਸਿਰਜਣਾਤਮਕ ਸੋਚ ਅਤੇ ਹੁਨਰ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਸਕੂਲ ਦੀ ਪ੍ਰਿੰਸੀਪਲ ਡਾ. ਨਿਤਿਕਾ ਗੁਪਤਾ ਅਤੇ ਡਾਇਰੈਕਟਰ ਮੈਡਮ ਵੀਨਾ ਰਾਣੀ ਨੇ ਜੇਤੂ ਵਿਦਿਆਰਥੀਆਂ ਅਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਕਲਾ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ ਵਿਸ਼ਵਾਸ ਵੀ ਪੈਦਾ ਕਰਦੇ ਹਨ। ਉਨ੍ਹਾਂ ਇਸ ਸਫਲਤਾ ਦਾ ਸਿਹਰਾ ਆਰਟ ਅਧਿਆਪਕਾ ਮਿਸ ਸਰਬਜੀਤ ਕੌਰ ਦੀ ਮਿਹਨਤ, ਯੋਗ ਮਾਰਗਦਰਸ਼ਨ ਅਤੇ ਸਮਰਪਣ ਨੂੰ ਦਿੰਦਿਆਂ ਉਨ੍ਹਾਂ ਦੀ ਸ਼ਲਾਘਾ ਕੀਤੀ। ਸਕੂਲ ਪ੍ਰਬੰਧਕਾਂ ਨੇ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੇ ਮੰਚ ਮੁਹੱਈਆ ਕਰਵਾਉਣ ਦਾ ਵਿਸ਼ਵਾਸ ਪ੍ਰਗਟ ਕੀਤਾ।

# ਦੀਵਾਨ ਟੋਡਰ ਮੱਲ ਪਬਲਿਕ ਸਕੂਲ ਕਾਕੜਾ ਦੇ ਖਿਡਾਰੀਆਂ ਨੇ ਜੋਨ ਪੱਧਰੀ ਖੇਡਾਂ 'ਚ ਲਹਿਰਾਇਆ ਜਿੱਤ ਦਾ ਪਰਚਮ, ਰੱਸਾਕਸ਼ੀ ਤੇ ਕੁਸ਼ਤੀ 'ਚ ਜਿੱਤੇ 5 ਸੋਨ ਤਗ਼ਮੇ





**ਭਵਾਨੀਗੜ੍ਹ, 28 ਜੁਲਾਈ (ਰਾਜ ਖੁਰਮੀ)**: ਨੇੜਲੇ ਪਿੰਡ ਕਾਕੜਾ ਸਥਿਤ ਦੀਵਾਨ ਟੋਡਰ ਮੱਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਜੋਨ ਪੱਧਰੀ ਖੇਡ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਰੱਸਾਕਸ਼ੀ ਅਤੇ ਕੁਸ਼ਤੀ ਮੁਕਾਬਲਿਆਂ ਵਿੱਚ ਕੁੱਲ ਪੰਜ ਸੋਨ ਤਗ਼ਮੇ ਆਪਣੇ ਨਾਮ ਕਰਕੇ ਸਕੂਲ, ਮਾਪਿਆਂ ਅਤੇ ਇਲਾਕੇ ਦਾ ਮਾਣ ਵਧਾਇਆ ਹੈ। ਸਕੂਲ ਦੀ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੱਤਿਆ ਭਾਰਤੀ ਆਦਰਸ਼ ਸਕੂਲ, ਝਨੇੜੀ ਵਿਖੇ ਕਰਵਾਏ ਗਏ ਜੋਨ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਸਕੂਲ ਦੇ ਖਿਡਾਰੀਆਂ ਨੇ 24 ਅਤੇ 25 ਜੁਲਾਈ ਨੂੰ ਰੱਸਾਕਸ਼ੀ ਅਤੇ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਦੱਸਿਆ ਕਿ 24 ਜੁਲਾਈ ਨੂੰ ਹੋਏ ਰੱਸਾਕਸ਼ੀ ਮੁਕਾਬਲੇ ਵਿੱਚ 19 ਸਾਲਾ ਲੜਕੀਆਂ ਦੀ ਟੀਮ ਨੇ ਸੋਨ ਤਗ਼ਮਾ ਜਿੱਤਿਆ। ਇਸ ਤੋਂ ਬਾਅਦ 25 ਜੁਲਾਈ ਨੂੰ 17 ਸਾਲਾ ਲੜਕਿਆਂ ਦੀ ਟੀਮ ਨੇ ਵੀ ਰੱਸਾਕਸ਼ੀ ਵਿੱਚ ਪਹਿਲਾ ਸਥਾਨ ਹਾਸਲ ਕਰਦਿਆਂ ਸੋਨ ਤਗ਼ਮਾ ਆਪਣੇ ਨਾਮ ਕੀਤਾ। ਇਸੇ ਦਿਨ ਹੋਏ ਕੁਸ਼ਤੀ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀ ਗੁਰਰਹਿਮਤ ਸਿੰਘ (57 ਕਿਲੋ), ਅਸ਼ਮੀਤ ਸਿੰਘ (97 ਕਿਲੋ) ਅਤੇ ਮਨਰੀਤ ਸਿੰਘ (92 ਕਿਲੋ) ਨੇ ਆਪਣੇ-ਆਪਣੇ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜੋਨ ਪੱਧਰ 'ਤੇ ਸੋਨ ਤਗ਼ਮੇ ਜਿੱਤੇ। ਜੇਤੂ ਖਿਡਾਰੀਆਂ ਦੇ ਸਕੂਲ ਪਹੁੰਚਣ 'ਤੇ ਡੀ.ਪੀ. ਅਧਿਆਪਕ ਅਵਤਾਰ ਸਿੰਘ ਤਾਰੀ, ਮੈਡਮ ਮਨਪ੍ਰੀਤ ਕੌਰ ਅਤੇ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਬਾਬਾ ਕਿਰਪਾਲ ਸਿੰਘ, ਮੈਨੇਜਰ ਸਰਬਜੀਤ ਸਿੰਘ, ਪ੍ਰਬੰਧਕ ਡਾਇਰੈਕਟਰ ਡਾ. ਗੁਰਮੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਮਨਜੀਤ ਕੌਰ ਨੇ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਿਹਨਤ, ਅਨੁਸ਼ਾਸਨ ਅਤੇ ਲਗਨ ਨਾਲ ਹਾਸਲ ਕੀਤੀਆਂ ਇਹ ਪ੍ਰਾਪਤੀਆਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਸਰੋਤ ਹਨ। ਉਨ੍ਹਾਂ ਖਿਡਾਰੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਐਡੂਮੌਂਟ ਵਰਲਡ ਸਕੂਲ ਵਿੱਚ ਗੋਲਫ ਖੇਡ ਦੀ ਹੋਵੇਗੀ ਸ਼ੁਰੂਆਤ- ਦਿੱਲੀ ਗੋਲਫ ਕਲੱਬ ਦੇ ਮਾਹਿਰਾਂ ਦਾ ਮਿਲੇਗਾ ਮਾਰਗਦਰਸ਼ਨ



**ਨਾਭਾ 28 ਜੁਲਾਈ (ਬਲਜਿੰਦਰ ਮਾਨ)** ਐਡੂਮੌਂਟ ਵਰਲਡ ਸਕੂਲ ਵਿੱਚ ਖੇਡਾਂ ਦੇ ਖੇਤਰ ਵਿੱਚ ਇੱਕ ਨਵੀਂ ਅਤੇ ਰੋਮਾਂਚਕ ਸ਼ੁਰੂਆਤ ਹੋਣ ਜਾ ਰਹੀ ਹੈ। ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਖੇਡਾਂ ਦੇ ਮੌਕੇ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸਕੂਲ ਦੇ ਚੇਅਰਮੈਨ ਇੰਜੀ. ਹੰਸ ਆਰ. ਨਾਗਪਾਲ ਨੇ ਦਿੱਲੀ ਗੋਲਫ ਕਲੱਬ ਦਾ ਦੌਰਾ ਕੀਤਾ ਅਤੇ ਉੱਥੇ ਦੇ ਸਕੱਤਰ ਲੈਫ਼ਟੀਨੈਂਟ ਕਰਨਲ ਸਾਹੀ ਨਾਲ ਸਕੂਲ ਵਿੱਚ ਗੋਲਫ ਦੀ ਸ਼ੁਰੂਆਤ ਸੰਬੰਧੀ ਵਿਸਥਾਰਪੂਰਵਕ ਚਰਚਾ ਕੀਤੀ। ਇਸ ਮੀਟਿੰਗ ਦੌਰਾਨ ਸਕੂਲ ਵਿੱਚ ਗੋਲਫ ਅਭਿਆਸ ਲਈ ਆਧੁਨਿਕ ਸਹੂਲਤਾਂ ਸਥਾਪਤ ਕਰਨ, ਵਿਦਿਆਰਥੀਆਂ ਲਈ ਇੱਕ ਸੁਚਾਰੂ ਅਤੇ ਵਿਵਸਥਿਤ ਸਿਖਲਾਈ ਪ੍ਰੋਗਰਾਮ ਤਿਆਰ ਕਰਨ ਅਤੇ ਮਾਹਿਰ ਕੋਚਾਂ ਦੀ ਰਹਿਨੁਮਾਈ ਹੇਠ ਗੋਲਫ ਦੀ ਸਿਖਲਾਈ ਦੇ ਮੌਕੇ ਪ੍ਰਦਾਨ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਦਿੱਲੀ ਗੋਲਫ ਕਲੱਬ ਨੇ ਸਕੂਲ ਦੀ ਇਸ ਦੂਰਦਰਸ਼ੀ ਸੋਚ ਦੀ ਸਰਾਹਨਾ ਕਰਦਿਆਂ ਗੋਲਫ ਅਭਿਆਸ ਕੇਂਦਰ ਦੀ ਯੋਜਨਾ ਬਣਾਉਣ ਵਿਦਿਆਰਥੀਆਂ ਨੂੰ ਸਿਖਲਾਈ ਦੇਣ ਅਤੇ ਸਕੂਲ ਵਿੱਚ ਇੱਕ ਮਜ਼ਬੂਤ ਗੋਲਫ ਪ੍ਰੋਗਰਾਮ ਵਿਕਸਿਤ ਕਰਨ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਇਹ ਪਹਿਲ ਐਡੂਮੌਂਟ ਵਰਲਡ ਸਕੂਲ ਦੀ ਗੁਣਵੱਤਾ-ਪੂਰਨ ਖੇਡ ਸਿੱਖਿਆ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਉੱਤਮ ਪ੍ਰਦਰਸ਼ਨ ਲਈ ਪ੍ਰੇਰਿਤ ਕਰਨ ਦੀ ਵਚਨਬੱਧਤਾ ਦਾ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗੀ।

# ਜੈ ਦੁਰਗਾ ਕੰਪਿਊਟਰ ਇੰਸਟੀਚਿਊਟ ਨੇ ਤੀਆਂ ਦਾ ਤਿਉਹਾਰ ਮਨਾਇਆ



**ਭੀਖੀ, 28 ਜੁਲਾਈ (ਸੰਦੀਪ ਤਾਇਲ)** ਜੈ ਦੁਰਗਾ ਕੰਪਿਊਟਰ ਇੰਸਟੀਚਿਊਟ ਐਂਡ ਕੋਚਿੰਗ ਸੈਂਟਰ ਭੀਖੀ ਵੱਲੋਂ ਸਥਾਨਕ ਤਾਜ ਰੈਸਟੋਰੈਂਟ ਐਂਡ ਪਾਰਟੀ ਹਾਲ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਰੰਗਾਰੰਗ ਸਮਾਗਮ ਵਿੱਚ ਵਿਦਿਆਰਥਣਾਂ ਨੇ ਵੱਧ-ਚੜ੍ਹ ਕੇ ਭਾਗ ਲਿਆ ਅਤੇ ਆਪਣੀਆਂ ਕਲਾਵਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਪੰਜਾਬ ਪਿਆਰਾ ਮਲਵਈ ਗਿੱਧਾ ਦੀ ਟੀਮ, ਪ੍ਰੀਤੋ ਬਠਿੰਡਾ ਅਤੇ ਪੰਜਾਬੀ ਲੋਕ ਗਾਇਕ ਰੁਪਿੰਦਰ ਰਿੰਪੀ ਨੇ ਆਪਣੀਆਂ ਮਨਮੋਹਕ ਪੇਸ਼ਕਾਰੀਆਂ ਅਤੇ ਬੋਲੀਆਂ ਰਾਹੀਂ ਸਮਾਗਮ ਵਿੱਚ ਖ਼ੂਬ ਰੰਗ ਬੰਨ੍ਹਿਆ। ਵਿਦਿਆਰਥਣਾਂ ਨੇ ਗਿੱਧਾ ਪਾ ਕੇ ਅਤੇ ਵੱਖ-ਵੱਖ ਸੱਭਿਆਚਾਰਕ ਪੇਸ਼ਕਾਰੀਆਂ ਦੇ ਕੇ ਤੀਆਂ ਦੇ ਤਿਉਹਾਰ ਦੀ ਰੌਣਕ ਨੂੰ ਹੋਰ ਵੀ ਚਾਰ ਚੰਨ ਲਾਏ। ਸਮਾਗਮ ਦੌਰਾਨ ਸੈਂਟਰ ਦੇ ਐਮ.ਡੀ. ਅਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਤੀਆਂ ਦੀ ਸੱਭਿਆਚਾਰਕ ਅਤੇ ਇਤਿਹਾਸਕ ਮਹੱਤਤਾ ਬਾਰੇ ਜਾਣੂ ਕਰਵਾਇਆ ਅਤੇ ਪੰਜਾਬੀ ਸੱਭਿਆਚਾਰ ਨਾਲ ਜੁੜੇ ਰਹਿਣ ਦਾ ਸੰਦੇਸ਼ ਦਿੱਤਾ। ਸੈਂਟਰ ਹੈੱਡ ਜਗਸੀਰ ਸਿੰਘ ਨੇ ਸਮੂਹ ਵਿਦਿਆਰਥਣਾਂ ਨੂੰ ਤੀਆਂ ਦੇ ਪਾਵਨ ਤਿਉਹਾਰ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਮੂਹ ਸਟਾਫ ਮੈਂਬਰ, ਪੰਜਾਬੀ ਲੋਕ ਕਲਾਕਾਰ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।

# ਵਿਸ਼ਵ ਹੈਪਾਟਾਇਟਸ ਦਿਵਸ ਮੌਕੇ ਸਿਵਲ ਸਰਜਨ ਦਫਤਰ ਵਿਖੇ ਕੀਤਾ ਗਿਆ ਜਾਗਰੂਕਤਾ ਸਮਾਗਮ





**ਸ੍ਰੀ ਮੁਕਤਸਰ ਸਾਹਿਬ, 28 ਜੁਲਾਈ (ਲੱਕੀ ਚੜੇਵਾਨ)** ਡਾ ਲਖਬੀਰ ਕੌਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਵਿਚ ਵਿਸ਼ਵ ਹੈਪਾਟਾਇਟਸ ਦਿਵਸ ਦੇ ਸਬੰਧ ਵਿਚ ਦਫਤਰ ਸਿਵਲ ਸਰਜਨ ਸ਼੍ਰੀ ਮੁਕਤਸਰ ਸਾਹਿਬ ਵਿਖੇ ਜਾਗਰੁਕਤਾ ਸਮਾਗਮ ਕੀਤਾ ਗਿਆ। ਇਸ ਮੋਕੇ ਡਾ ਲਖਬੀਰ ਕੌਰ ਸਿਵਲ ਨੇ ਕਿਹਾ ਕਿ ਵਿਸ਼ਵ ਹੈਪਾਟਾਇਟਸ ਹਰ ਸਾਲ 28 ਜੁਲਾਈ ਨੂੰ ਮਨਾਇਆ ਜਾਂਦਾ ਹੈ ਇਸ ਦਾ ਮੁੱਖ ਮਕਸਦ ਲੋਕਾਂ ਨੂੰ ਹੈਪਾਟਾਇਟਸ ਸੀ ਅਤੇ ਬੀ ਬਾਰੇ ਜਾਗਰੁਕ ਕਰਨ, ਸਮੇਂ ਸਿਰ ਜਾਂਚ ਅਤੇ ਇਲਾਜ ਲਈ ਪ੍ਰੇਰਿਤ ਕਰਨਾ ਹੈ। ਵਿਸ਼ਵ ਹੈਪਾਟਾਇਟਸ ਦਿਵਸ ਦੇ ਇਸ ਸਾਲ ਦਾ ਥੀਮ "Let's Break it down" ਹੈ। ਉਨ੍ਹਾ ਕਿਹਾ ਕਿ ਹੈਪੇਟਾਈਟਸ ਜਿਗਰ ਦੀ ਇੰਨਫੈਕਸ਼ਨ ਹੈ ਜੋ ਕਿ ਵਾਇਰਸ ਰਾਹੀਂ ਫੈਲਦੀ ਹੈ। ਪੰਜ ਕਿਸਮਾਂ ਦੇ ਵਿਸ਼ਾਣੂ ਤੋਂ ਲੋਕ ਸੰਕਰਮਿਤ ਹੋ ਜਾਂਦੇ ਹਨ ਜੋ ਕੀ ਹੈਪੇਟਾਈਟਸ ਏ, ਬੀ, ਸੀ, ਡੀ ਅਤੇ ਈ ਹਨ। ਇਸ ਵਿਚੋਂ ਹੈਪੇਟਾਈਟਸ ਸੀ ਅਤੇ ਬੀ ਜਿਆਦਾ ਖ਼ਤਰਨਾਕ ਹਨ ਜਿਨ੍ਹਾਂ ਦਾ ਟੈਸਟ ਕਰਵਾਉਣਾ ਲਾਜ਼ਮੀ ਹੈ। ਉਨ੍ਹਾ ਕਿਹਾ ਕਿ ਸਿਹਤ ਵਿਭਾਗ ਵਲੋਂ 28 ਜੁਲਾਈ ਤੋਂ 11 ਅਗਸਤ 2026 ਤੱਕ ਜ਼ਿਲ੍ਹੇ ਵਿੱਚ 15 ਦਿਨਾਂ ਦੀ ਵਿਸ਼ੇਸ਼ ਹੈਪਾਟਾਈਟਿਸ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਉਦੇਸ਼ ਲੋਕਾਂ ਨੂੰ ਹੈਪਾਟਾਈਟਿਸ ਬੀ ਅਤੇ ਸੀ ਦੇ ਫੈਲਣ ਦੇ ਤਰੀਕਿਆਂ, ਸਕਰੀਨਿੰਗ, ਬਚਾਅ, ਮੁਫਤ ਜਾਂਚ ਅਤੇ ਮੁਫ਼ਤ ਇਲਾਜ ਬਾਰੇ ਜਾਗਰੂਕ ਕਰਨਾ, ਹਾਈ ਰਿਸਕ ਵਰਗਾਂ ਦੀ ਸਕਰੀਨਿੰਗ ਅਤੇ ਗਰਭਵਤੀ ਮਹਿਲਾਵਾਂ ਨੂੰ ਸਵੈ-ਇੱਛਾ ਨਾਲ ਜਾਂਚ ਕਰਵਾਉਣ ਲਈ ਪ੍ਰੇਰਿਤ ਕਰਨਾ, ਹੈਪਾਟਾਈਟਿਸ ਨਾਲ ਜੁੜੇ ਭੇਦਭਾਵ ਅਤੇ ਸਮਾਜਿਕ ਕਲੰਕ ਨੂੰ ਘਟਾਉਣਾ ਅਤੇ ਸਾਲ 2030 ਤੱਕ ਵਾਇਰਲ ਹੈਪਾਟਾਈਟਿਸ ਨੂੰ ਖਤਮ ਕਰਨ ਦੇ ਟੀਚੇ ਦੀ ਪ੍ਰਾਪਤੀ ਲਈ ਲੋਕਾਂ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾ ਫੀਲਡ ਸਟਾਫ ਨੂੰ ਕਿਹਾ ਕਿ ਜਿਆਦਾ ਤੋਂ ਜਿਆਦਾ ਲੋਕਾਂ ਨੂੰ ਇਸ ਪ੍ਰਤੀ ਜਾਗਰੁਕ ਕੀਤਾ ਜਾਵੇ। ਇਸ ਮੌਕੇ ਡਾ ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ, ਅਮ੍ਰਿੰਤਪਾਲ ਕੋਰ ਡੀ.ਐਚ.ਓ, ਡਾ ਰੋਬਿਨ, ਲਾਲ ਚੰਦ ਜਿਲ੍ਹਾ ਸਿਹਤ ਇੰਸਪੈਕਟਰ, ਪਵਿੱਤਰ ਸਿੰਘ ਐਮ.ਐਲ.ਟੀ., ਗੁਰਪ੍ਰੀਤ ਸਿੰਘ, ਰਵਿੰਦਰ ਗਰੋਵਰ ਅਤੇ ਫੀਲਡ ਸਟਾਫ ਹਾਜ਼ਰ ਸੀ।

# ਮੁਸਲਮਾਨ ਭਾਈਚਾਰੇ ਦੇ ਸਸ਼ਕਤੀਕਰਨ ਲਈ ਵਿਸ਼ੇਸ ਯੋਜਨਾਵਾਂ ਉਲੀਕੇ ਸਰਕਾਰ - ਸ਼ਾਹੀ ਇਮਾਮ



**ਭੀਖੀ, 28 ਜੁਲਾਈ (ਸੰਦੀਪ ਤਾਇਲ)** ਮਜਲਿਸ ਅਹਿਰਾਰ ਇਸਲਾਮ ਹਿੰਦ ਦੇ ਜਿਲ੍ਹਾ ਪ੍ਰਧਾਨ ਡਾ. ਸੁਲਤਾਨ ਸ਼ਾਹ ਦੇ ਗ੍ਰਹਿ ਵਿਖੇ ਇੱਕ ਗੈਰਰਸਮੀ ਗੱਲਬਾਤ ਦੌਰਾਨ ਸ਼ਾਹੀ ਇਮਾਮ ਮੋਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਸੂਬੇ ਦੇ ਜਿਆਦਾਤਰ ਮੁਸਲਿਮ ਨਾਗਰਿਕ ਮੱਧਵਰਗੀ ਜਾਂ ਗਰੀਬੀ ਰੇਖਾਂ ਤੋਂ ਹੇਠਾਂ ਹਨ। ਉਨ੍ਹਾਂ ਨੂੰ ਆਰਥਿਕ, ਸਮਾਜਿਕ ਅਤੇ ਵਿੱਦਿਅਕ ਪੱਧਰ 'ਤੇ ਉੱਚਾ ਕਰਨ ਲਈ ਉਨ੍ਹਾਂ ਦੇ ਪੁੰਨਰ-ਨਿਵਾਸ ਅਤੇ ਸਸ਼ਕਤੀਕਰਨ ਲਈ ਵਿਸ਼ੇਸ ਯੋਜਨਾਵਾਂ ਉਲੀਕੀਆਂ ਜਾਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ ਕਿ ਵਿੱਦਿਅਕ ਪੱਧਰ ਤੌਰ ਤੇ ਮੁਸਲਿਮ ਭਾਈਚਾਰੇ ਦੇ ਵਿਦਿਆਰਥੀ ਜੋ ਪ੍ਰੰਪਰਾਗਤ ਅਕਾਦਮਿਕ ਸਿੱਖਿਆ ਗ੍ਰਹਿਣ ਕਰ ਰਹੇ ਹਨ, ਦੇ ਨਾਲ-ਨਾਲ ਉਨ੍ਹਾਂ ਲਈ ਧਾਰਮਿਕ ਸਿੱਖਿਆ ਵਾਸਤੇ ਚਲਾਏ ਜਾ ਰਹੇ ਮਦਰੱਸਿਆਂ ਨੂੰ ਵੱਧ ਤੋਂ ਵੱਧ ਵਿੱਤੀ ਮੱਦਦ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ ਮੁਸਲਿਮ ਭਾਈਚਾਰੇ ਦੀਆਂ ਕਬਰਸਿਤਾਨਾਂ ਲਈ ਜ਼ਮੀਨ ਦੀ ਥੋੜ ਹੈ, ਨੂੰ ਪੂਰ ਕਰਨ ਲਈ ਵੀ ਉਪਰਾਲੇ ਕਰਨੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਮੁਸਲਮਾਨਾਂ ਨੂੰ ਤਾਕੀਦ ਕੀਤੀ ਕਿ ਉਹ ਸੂਬੇ ਵਿੱਚ ਭਾਈਚਾਰਕ ਸਾਂਝ ਮਜ਼ਬੂਤ ਕਰਨ, ਔਖੇ ਸਮੇ ਵਿੱਚ ਲੋੜਵੰਦਾਂ ਦੇ ਨਾਲ ਖੜਨ ਅਤੇ ਮਨੁੱਖੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਪ੍ਰਤੀਬੱਧ ਰਹਿਣ। ਉਨ੍ਹਾਂ ਕਿਹਾ ਕਿ ਦੇਸ਼ ਦੇ ਮੌਜੂਦਾ ਹਾਲਾਤਾਂ ਨੂੰ ਦੇਖਦੇ ਹੋਏ ਘੱਟ ਗਿਣਤੀਆਂ ਨੂੰ ਕੋਮੀ ਪੱਧਰ 'ਤੇ ਇੱਕ-ਜੁੱਟਤਾ ਦੀ ਅਹਿਮ ਜਰੂਰਤ ਹੈ। ਇਸ ਲਈ ਤਮਾਮ ਘੱਟ ਗਿਣਤੀ ਆਗੂਆਂ ਨੂੰ ਸਕਰਾਤਮਕ ਪਹੁੰਚ ਅਪਨਾਉਣੀ ਚਾਹੀਦੀ ਹੈ। ਇਸ ਮੌਕੇ ਜੱਥੇਬੰਦੀ ਦੇ ਜਿਲ੍ਹਾ ਸਕੱਤਰ ਬਹਾਦਰ ਖਾਂ, ਉੱਪ ਪ੍ਰਧਾਨ ਫਿਰੋਜ਼ ਖਾਂ, ਬਲਾਕ ਪ੍ਰਧਾਨ ਸਿਕੰਦਰ ਖਾਂ, ਅਫਤਾਬ ਖਾਂ, ਬਾਰੂ ਖਾਂ, ਜੱਗੀ ਖਾਂ, ਮੁਹੰਮਦ ਮਕਸੂਦ ਤੋਂ ਇਲਾਵਾ ਮੁਸਲਿਮ ਭਾਈਚਾਰੇ ਦੇ ਲੋਕ ਮੌਜੂਦ ਸਨ।

# ਐਮਏ (ਇਤਿਹਾਸ) ਸਮੈਸਟਰ ਦੂਜਾ ਦਾ ਨਤੀਜਾ ਰਿਹਾ ਸ਼ਾਨਦਾਰ



**ਗਿੱਦੜਬਾਹਾ, 28 ਜੁਲਾਈ (ਕੁਲਭੂਸ਼ਨ ਗਰਗ)** ਐਮ.ਐਮ. ਡੀ.ਡੀ.ਏ.ਵੀ ਕਾਲਜ ਗਿੱਦੜਬਾਹਾ ਦੇ ਐਮ.ਏ. (ਇਤਿਹਾਸ) ਭਾਗ ਪਹਿਲਾ ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਬੀਤੇ ਦਿਨੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਨਤੀਜਿਆਂ ਵਿੱਚੋਂ ਅਮਰਸੀਰ ਸਿੰਘ ਨੇ 79 ਫੀਸਦੀ ਅੰਕ, ਸੁਖਮਨਦੀਪ ਕੌਰ ਨੇ 74.75 ਫੀਸਦੀ ਅੰਕ ਅਤੇ ਹਰਪ੍ਰੀਤ ਕੌਰ ਨੇ 71.75 ਫੀਸਦੀ ਅੰਕ ਹਾਸਲ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਕਾਲਜ ਦੇ ਪ੍ਰਿੰ. ਰਾਜੇਸ਼ ਮਹਾਜਨ ਨੇ ਹੋਣਹਾਰ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕਰਦੇ ਹੋਏ ਉਹਨਾਂ ਦੇ ਉਜਵਲ ਭਵਿੱਖ ਲਈ ਕਾਮਨਾ ਕੀਤੀ ਅਤੇ ਇਤਿਹਾਸ ਵਿਭਾਗ ਦੇ ਮੁਖੀ ਪ੍ਰੋਫੈਸਰ ਰਾਮਸ਼ਰਨ, ਪ੍ਰੋ.ਜਸਵਿੰਦਰ ਬਾਘਲਾ ਅਤੇ ਪ੍ਰੋ.ਰੋਮਨ ਕੁਮਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਸਫਲਤਾ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਨੂੰ ਜਾਂਦਾ ਹੈ।

# ਸੀ.ਐੱਚ.ਸੀ. ਭਵਾਨੀਗੜ੍ਹ ਨੂੰ ਮਿਲੇ ਤਜਰਬੇਕਾਰ ਸੀਨੀਅਰ ਸਹਾਇਕ, ਰਜਿੰਦਰ ਪ੍ਰਸਾਦ ਨੇ ਸੰਭਾਲਿਆ ਅਹੁਦਾ



**ਭਵਾਨੀਗੜ੍ਹ, 28 ਜੁਲਾਈ (ਰਾਜ ਖੁਰਮੀ)**: ਸਿਹਤ ਤੇ ਪਰਿਵਾਰ ਭਲਾਈ ਵਿਭਾਗ ਵਿੱਚ ਲੰਬੇ ਸਮੇਂ ਤੋਂ ਨਿਸ਼ਠਾ ਅਤੇ ਇਮਾਨਦਾਰੀ ਨਾਲ ਸੇਵਾਵਾਂ ਨਿਭਾ ਰਹੇ ਰਜਿੰਦਰ ਪ੍ਰਸਾਦ ਨੇ ਪਦ-ਉੱਨਤੀ ਉਪਰੰਤ ਅੱਜ ਕਮਿਊਨਿਟੀ ਹੈਲਥ ਸੈਂਟਰ (ਸੀ.ਐੱਚ.ਸੀ.) ਭਵਾਨੀਗੜ੍ਹ ਵਿਖੇ ਬਤੌਰ ਸੀਨੀਅਰ ਸਹਾਇਕ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਹੀਪ ਕੌਰ ਦੀ ਅਗਵਾਈ ਹੇਠ ਸਮੂਹ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਗਈ। ਅਹੁਦਾ ਸੰਭਾਲਣ ਮੌਕੇ ਡਾ. ਮਹੀਪ ਕੌਰ ਨੇ ਕਿਹਾ ਕਿ ਰਜਿੰਦਰ ਪ੍ਰਸਾਦ ਦਾ ਪ੍ਰਸ਼ਾਸਕੀ ਤਜਰਬਾ ਅਤੇ ਕਾਰਜ ਪ੍ਰਤੀ ਸਮਰਪਣ ਸੀ.ਐੱਚ.ਸੀ. ਭਵਾਨੀਗੜ੍ਹ ਦੇ ਦਫ਼ਤਰੀ ਕੰਮਕਾਜ ਨੂੰ ਹੋਰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਮੂਹ ਸਟਾਫ਼ ਟੀਮ ਭਾਵਨਾ ਨਾਲ ਕੰਮ ਕਰ ਰਿਹਾ ਹੈ ਅਤੇ ਨਵੇਂ ਸੀਨੀਅਰ ਸਹਾਇਕ ਦਾ ਸਹਿਯੋਗ ਇਸ ਦਿਸ਼ਾ ਵਿੱਚ ਲਾਭਦਾਇਕ ਸਾਬਤ ਹੋਵੇਗਾ। ਇਸ ਮੌਕੇ ਰਜਿੰਦਰ ਪ੍ਰਸਾਦ ਨੇ ਵਿਭਾਗ ਦੇ ਉੱਚ ਅਧਿਕਾਰੀਆਂ, ਡਾ. ਮਹੀਪ ਕੌਰ ਅਤੇ ਸਮੂਹ ਸਟਾਫ਼ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵਿਭਾਗ ਵੱਲੋਂ ਦਿੱਤੀ ਗਈ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਪਾਰਦਰਸ਼ਤਾ ਅਤੇ ਇਮਾਨਦਾਰੀ ਨਾਲ ਨਿਭਾਉਣਗੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਦਫ਼ਤਰੀ ਕੰਮਾਂ ਵਿੱਚ ਤੇਜ਼ੀ ਲਿਆਉਣ ਦੇ ਨਾਲ-ਨਾਲ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰ ਕੰਮ ਨੂੰ ਨਿਰਧਾਰਿਤ ਨਿਯਮਾਂ ਅਨੁਸਾਰ ਸਮੇਂ ਸਿਰ ਪੂਰਾ ਕੀਤਾ ਜਾਵੇਗਾ। ਸਮਾਗਮ ਦੌਰਾਨ ਸੀ.ਐੱਚ.ਸੀ. ਭਵਾਨੀਗੜ੍ਹ ਦਾ ਪੈਰਾ-ਮੈਡੀਕਲ ਅਤੇ ਪ੍ਰਸ਼ਾਸਕੀ ਸਟਾਫ਼ ਵੀ ਹਾਜ਼ਰ ਰਿਹਾ, ਜਿਸ ਨੇ ਸ਼੍ਰੀ ਰਜਿੰਦਰ ਪ੍ਰਸਾਦ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ।

# ਜੇ.ਪੀ.ਐਮ.ਓ. ਵੱਲੋਂ ਸਫਾਈ ਕਾਮਿਆਂ ਦੀ 30 ਜੁਲਾਈ ਦੀ ਹੜਤਾਲ ਵਿੱਚ ਫਰੀਦਕੋਟ ਵਿਖੇ ਕਾਮਰੇਡ ਮੰਗਤ ਰਾਮ ਪਾਸਲਾ ਜੀ ਹੋਣਗੇ ਸ਼ਾਮਿਲ : ਪੁਰੀ



**ਕੋਟਕਪੂਰਾ, 28 ਜੁਲਾਈ (ਟਿੰਕੂ ਕੁਮਾਰ)** ਜੇ.ਪੀ.ਐਮ.ਓ. ਜਨਤਕ ਜਥੇਬੰਦੀਆਂ ਦਾ ਸਾਂਝਾ ਮੋਰਚਾ ਜ਼ਿਲ੍ਹਾ ਫਰੀਦਕੋਟ ਦੀ ਮੀਟਿੰਗ ਜੇਪੀਐਮਓ ਜ਼ਿਲ੍ਹਾ ਕਨਵੀਨਰ ਵੀਰਇੰਦਰਜੀਤ ਸਿੰਘ ਪੁਰੀ ਦੀ ਪ੍ਰਧਾਨਗੀ ਹੇਠ ਜੇਪੀਐਮਓ ਦਫਤਰ ਕੋਟਕਪੂਰਾ ਪੂਰਾ ਵਿਖੇ ਕੀਤੀ ਗਈ, ਜਿਸ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜੋ ਪਿਛਲੇ ਲੰਬੇ ਸਮੇਂ ਤੋਂ ਸਫਾਈ ਸੇਵਕ ਪੂਰੇ ਪੰਜਾਬ ਅੰਦਰ ਆਪਣੇ ਕੱਚੇ ਮੁਲਾਜ਼ਮ ਪੱਕੇ ਕਰਾਉਣ, ਬਰਾਬਰ ਕੰਮ ਬਰਾਬਰ ਤਨਖਾਹ ਅਤੇ ਤਨਖਾਹਾਂ ਵਿੱਚ ਵਾਧਾ ਕਰਾਉਣ ਸਬੰਧੀ ਹੜਤਾਲ ਉੱਪਰ ਚੱਲ ਰਹੇ ਹਨ ਅਤੇ ਉਨਾਂ ਵੱਲੋਂ 30 ਜੁਲਾਈ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਇਸ ਹੜਤਾਲ ਨੂੰ ਕਾਮਯਾਬ ਕਰਨ ਵਾਸਤੇ ਜੇਪੀਐਮਓ ਜ਼ਿਲ੍ਹਾ ਫਰੀਦਕੋਟ ਵੱਲੋਂ ਡੱਟ ਕੇ ਹਮਾਇਤ ਕੀਤੀ ਗਈ ਹੈ, ਜਿਸ ਵਿੱਚ ਸਾਰੇ ਵਿਭਾਗਾਂ ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਅਤੇ ਦਿਹਾਤੀ ਮਜ਼ਦੂਰ ਸਭਾ ਜ਼ਿਲ੍ਹਾ ਫਰੀਦਕੋਟ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ! ਪ੍ਰੈੱਸ ਬਿਆਨ ਜਾਰੀ ਕਰਦਿਆਂ ਜੇਪੀਐਮਓ ਜ਼ਿਲ੍ਹਾ ਕਨਵੀਨਰ ਪੁਰੀ ਨੇ ਦੱਸਿਆ ਕਿ ਸਫਾਈ ਕਾਮਿਆਂ ਅਤੇ ਕਿਰਤੀ ਲੋਕਾਂ ਦੀ ਮੰਗ ਨੂੰ ਪੰਜਾਬ ਅਤੇ ਕੇਂਦਰ ਸਰਕਾਰ ਤੱਕ ਪਹੁੰਚਾਉਣ ਵਾਸਤੇ ਆਰਐਮਪੀਆਈ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਜੀ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਸਿੰਘ ਮਕੇਰੀਆਂ ਫਰੀਦਕੋਟ ਵਿਖੇ ਸਫਾਈ ਕਾਮਿਆਂ ਦੇ ਸੰਘਰਸ਼ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਬੋਧਨ ਕਰਨਗੇ! ਮੀਟਿੰਗ ਵਿੱਚ ਬਰਨਾਲਾ ਵਿਖੇ ਪੰਜਾਬ ਸਰਕਾਰ ਅਤੇ ਬਰਨਾਲਾ ਪ੍ਰਸ਼ਾਸਨ ਵੱਲੋਂ ਸਫਾਈ ਕਰਮਚਾਰੀਆਂ ਅਤੇ ਬੀਬੀਆਂ ਉੱਪਰ ਕੀਤੇ ਲਾਠੀ ਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਕੀਤੀ ਅਤੇ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ! ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪਸਸਫ ਸੁਬਾਈ ਆਗੂ ਜਤਿੰਦਰ ਕੁਮਾਰ,ਪਸਸਫ ਜ਼ਿਲ੍ਹਾ ਪ੍ਰਧਾਨ ਸਿਮਰਜੀਤ ਸਿੰਘ ਬਰਾੜ, ਪੁਰਾਣੀ ਪੈਨਸ਼ਨ ਬਹਾਲੀ ਜਿਲ੍ਹਾ ਪ੍ਰਧਾਨ ਗੁਰਤੇਜ ਸਿੰਘ ਖਹਿਰਾ, ਦਿਹਾਤੀ ਮਜ਼ਦੂਰ ਸਭਾ ਦੇ ਸੁਬਾਈ ਆਗੂ ਗੁਰਤੇਜ ਸਿੰਘ ਹਰੀਨੌਂ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਬਲਕਾਰ ਸਿੰਘ ਔਲਖ, ਜਮਹੂਰੀ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਆਗੂ ਸੁਖਮੰਦਰ ਸਿੰਘ ਢਿੱਲਵਾਂ, ਜਸਮੇਲ ਸਿੰਘ ਰਾਹੀ, ਸੂਰਤ ਸਿੰਘ ਮਾਹਲਾ, ਅਜੀਤ ਸਿੰਘ ਖਾਲਸਾ, ਬਲਕਰਨ ਸਿੰਘ ਗਿੱਲ, ਸੋਹਣ ਸਿੰਘ ਪੱਖੀ, ਅਮਨਦੀਪ ਸਿੰਘ ਪੱਖੀ, ਛਿੰਦਾ ਸਿੰਘ, ਨਗਰ ਕੌਂਸਲ ਫਰੀਦਕੋਟ ਦੇ ਪ੍ਰਧਾਨ ਸੰਤ ਰਾਮ, ਕੁਲਦੀਪ ਕਾਗੜਾ, ਪ੍ਰਦੀਪ ਕੁਮਾਰ ਕਾਊ, ਹਰੀ ਦਾਸ, ਜਨਕ ਰਾਜ, ਅਮੀ ਚੰਦ, ਪ੍ਰਧਾਨ ਸੁਸ਼ੀਲ ਕੁਮਾਰ ਨਗਰ ਕੌਂਸਲ ਕੋਟਕਪੂਰਾ, ਕ੍ਰਿਸ਼ਨ ਕੁਮਾਰ ਗੁਗਨੀ ਤੋਂ ਇਲਾਵਾ ਵੱਖ-ਵੱਖ ਵਿਭਾਗੀ ਜਥੇਬੰਦੀਆਂ ਤੋਂ ਇਲਾਵਾ ਆਗੂ ਤੇ ਵਰਕਰ ਸਾਥੀ ਸ਼ਾਮਿਲ ਹੋਏ।

# ਆਓ ਰਲ ਕੇ ਸੋਹ ਖਾਈਏ ਨੌਜਵਾਨਾਂ ਨੂੰ ਨਸ਼ੇ ਤੋਂ ਬਚਾਈਏ ਅਤੇ ਘਰ ਘਰ ਰੁੱਖ ਲਾਈਏ- ਡਾ ਅਵਿਨਾਸ਼ ਰਾਣਾ



**ਭਵਾਨੀਗੜ੍ਹ 28 ਜੁਲਾਈ (ਰਾਜ ਖੁਰਮੀ)** ਇੱਥੋਂ ਦੇ ਨੇੜਲੇ ਪਿੰਡ ਬਾਬਾ ਸਾਹਿਬ ਦਾਸ ਬਿਰਧ ਆਸ਼ਰਮ ਘਰਾਚੋਂ ਵਿਖੇ ਇੰਡੀਅਨ ਐਜੂਕੇਸ਼ਨਲ ਸੋਸਾਇਟੀ ਵੱਲੋਂ ਹਰਿਆਵਲ ਪੰਜਾਬ ਤਹਿਤ ਭਾਰਤ ਦੀ ਪ੍ਰਸਿੱਧ ਐਨਜੀਓ ਵਿਵਾਬਾਨੀ ਅਤੇ ਨਸ਼ਾ ਮੁਕਤ ਚੇਤਨਾ ਸੰਘ ਪੰਜਾਬ ਦੇ ਸਹਿਯੋਗ ਨਾਲ ਪੌਦੇ ਲਾਉਣ ਦਾ ਅਤੇ ਪੌਦੇ ਵੰਡਣ ਦਾ ਕੈਂਪ ਆਯੋਜਿਤ ਕੀਤਾ ਗਿਆ ਇਸ ਮੌਕੇ ਬਿਰਧ ਆਸ਼ਰਮ ਵਿੱਚ ਬੂਟੇ ਲਾਏ ਗਏ ਅਤੇ ਬੂਟੇ ਵੰਡੇ ਗਏ ਇਸ ਮੌਕੇ ਤੇ ਗੱਲ ਕਰਦੇ ਹੋਏ ਨਸ਼ਾ ਮੁਕਤ ਚੇਤਨਾ ਸੰਗ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਡਾ ਅਵਿਨਾਸ਼ ਰਾਣਾ ਨੇ ਕਿਹਾ ਕਿ ਰੁਖ ਲਾਉਣਾ ਅਤੇ ਅਤੇ ਪੰਜਾਬ ਚੋਂ ਨਸ਼ਿਆਂ ਨੂੰ ਘਟਾਉਣਾ ਸਾਡੀ ਪਹਿਲੀ ਜਿੰਮੇਵਾਰੀ ਹੈ ਉਹਨਾਂ ਕਿਹਾ ਕਿ ਅਫਸੋਸ ਦੀ ਗੱਲ ਹੈ ਕਿ ਪੰਜਾਬ ਵਿੱਚ ਬੂਟੇ ਘੱਟ ਰਹੇ ਹਨ ਅਤੇ ਨਸ਼ਾ ਵੱਧ ਰਿਹਾ ਹੈ, ਰੁੱਖਾਂ ਨੂੰ ਪਾਲਣਾ ਹਰ ਪੰਜਾਬੀ ਦਾ ਮੁਢਲਾ ਫਰਜ਼ ਬਣਦਾ ਹੈ, ਕਿਉਂਕਿ ਪੰਜਾਬ ਅੱਜ ਦਰਖਤਾਂ ਤੋਂ ਸੱਖਣਾ ਹੁੰਦਾ ਜਾ ਰਿਹਾ ਹੈ, ਸਾਨੂੰ ਦਰਖਤਾਂ ਨੂੰ ਬਚਾਉਣ ਦੀ ਮੁਹਿਮ ਪ੍ਰਤੀ ਕੰਮ ਕਰਨਾ ਚਾਹੀਦਾ ਹੈ ਕਿਉਂਕਿ ਜੇਕਰ ਦਰਖਤ ਹਰੇ ਭਰੇ ਹੋਣਗੇ ਤਾਂ ਹੀ ਸਾਡਾ ਪੰਜਾਬ ਹਰਾ ਭਰਾ ਹੋਵੇਗਾ ਅਤੇ ਤਾ ਹੀ ਅਸੀਂ ਸੁੱਖ ਦਾ ਅਤੇ ਤੰਦਰੁਸਤੀ ਦਾ ਜੀਵਨ ਜਿਉ ਸਕਦੇ ਹਾਂ। ਇਸ ਮੌਕੇ ਗੱਲ ਕਰਦੇ ਹੋਏ ਰੇਨੂ ਰਾਣਾ (ਸਾਬਕਾ ਕੋ ਕਨਵੀਨਰ ਹਿਊਮਨ ਰਾਈਟਸ ਸੈੱਲ ਪੰਜਾਬ) ਨੇ ਗੱਲ ਕਰਦੇ ਹੋਏ ਆਖਿਆ ਕਿ ਸਾਡਾ ਏਸ਼ੀ ਪ੍ਰਤੀ ਮੋਹ ਵੱਧਦਾ ਜਾ ਰਿਹਾ ਹੈ ਪੌਦਿਆਂ ਪ੍ਰਤੀ ਪਿਆਰ ਘਟਦਾ ਜਾ ਰਿਹਾ ਹੈ ਜੋ ਕਿ ਇੱਕ ਖਤਰੇ ਦੀ ਘੰਟੀ ਹੈ, ਸਾਨੂੰ ਪੰਜਾਬ ਨੂੰ ਅਤੇ ਪੰਜਾਬੀਆਂ ਨੂੰ ਖੁਸ਼ਹਾਲ ਅਤੇ ਤੰਦਰੁਸਤ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਾਉਣੇ ਚਾਹੀਦੇ ਹਨ, ਇਸ ਮੌਕੇ ਤੇ ਬਿਰਧ ਆਸ਼ਰਮ ਦੇ ਸੁਪਰਡੈਂਟ ਲਵ ਕਿਰਨ ਸ਼ਰਮਾ ਨੇ ਕਿਹਾ ਕਿ ਬਿਰਧ ਆਸ਼ਰਮ ਵਿੱਚ ਅਸੀਂ ਵੱਧ ਤੋਂ ਵੱਧ ਬੂਟੇ ਲਗਾ ਕੇ ਬਿਰਧ ਆਸ਼ਰਮ ਨੂੰ ਹਰਾ ਭਰਾ ਬਣਾਉਣ ਵਿੱਚ ਲੱਗੇ ਹੋਏ ਹਾਂ ਤਾਂ ਕਿ ਬਜ਼ੁਰਗਾਂ ਨੂੰ ਤੰਦਰੁਸਤ ਰੱਖਿਆ ਜਾ ਸਕੇ, ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਅਵਤਾਰ ਸਿੰਘ ਨੂਰ ਕੌਰ ਆਸ ਦੀਪ ਸਿੰਘ ਅਮਨ ਕੌਰ ਹਰਦੀਪ ਕੌਰ ਮਨਜੀਤ ਸਿੰਘ ਆਦੀ ਤੋਂ ਇਲਾਵਾ ਸਾਰੇ ਸਟਾਫ ਮੈਂਬਰ ਅਤੇ ਬਜ਼ੁਰਗ ਮੌਜੂਦ ਸਨ।

# ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਵੀ ਸੰਮੇਲਨ 31 ਜੁਲਾਈ ਨੂੰ

**ਭਗਤਾ ਭਾਈ ਕਾ 28 ਜੁਲਾਈ (ਸਵਰਨ ਸਿੰਘ ਭਗਤਾ)** ਨੇੜਲੇ ਇਤਿਹਾਸਕ ਪਿੰਡ ਦੀਨਾ ਸਾਹਿਬ ਵਿਖੇ ਪੰਜਾਬੀ ਲਿਖਾਰੀ ਸਭਾ ਨਿਹਾਲ ਸਿੰਘ ਵਾਲਾ ਵੱਲੋਂ ਕੌਮੀ ਪ੍ਰਵਾਨੇ, ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹਰ ਦੀ ਤਰ੍ਹਾਂ ਇਸ ਸਾਲ ਵੀ 31 ਜੁਲਾਈ ਨੂੰ ਪੰਚਾਇਤ ਘਰ ਦੀਨਾ ਸਾਹਿਬ ਜਿਲਾ ਮੋਗਾ ਵਿਖੇ ਕਵੀ ਸੰਮੇਲਨ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਨਾਮਵਾਰ ਬੁੱਧੀਜੀਵੀ, ਲੇਖਕ, ਗਾਇਕ, ਆਲੋਚਕ, ਫਿਲਮੀ ਆਰਟਿਸਟ ਆਦਿ ਵੱਡੀ ਗਿਣਤੀ ਵਿੱਚ ਭਾਗ ਲੈਣਗੇ। ਇਸ ਮੌਕੇ ਸ਼ਹੀਦ ਊਧਮ ਸਿੰਘ ਦੇ ਜੀਵਨ ਤੇ ਆਧਾਰਿਤ,ਰਚਨਾਵਾਂ ਪੇਸ਼ ਕੀਤੀਆਂ ਜਾਣਗੀਆਂ ਜਿਸ ਦਾ ਸਮਾਂ ਸੁਭਾ 10 ਵਜੇ ਤੋਂ 12/30 ਵਜੇ ਤੱਕ ਹੋਵੇਗਾ। ਇਸ ਸਬੰਧੀ ਜਾਣਕਾਰੀ ਸਭਾ ਦੇ ਸਕੱਤਰ, ਅਮਨਦੀਪ ਕੌਰ ਹਾਕਮ ਸਿੰਘ ਵਾਲਾ ਅਤੇ ਪਰਮਜੀਤ ਸਿੰਘ ਰਾਜਗੜ੍ਹ ਵੱਲੋਂ ਸਮੁੱਚੇ ਤੌਰ ਸਾਂਝੀ ਕੀਤੀ ਗਈ।

# ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਭੂਸ਼ਨ ਮੱਤੀ ਨੇ ਸਿਨੇਮਾ ਰੋਡ ਟਰੇਡਰਜ਼ ਐਸੋਸੀਏਸ਼ਨ ਤੇ ਲੋਅਰ ਫੈਕਟਰੀ ਹੱਬ ਐਸੋਸੀਏਸ਼ਨ ਦੇ ਅਹੁਦੇਦਾਰਾਂ ਨਾਲ ਕੀਤੀ ਮੀਟਿੰਗ

## ਮਾਨਸਾ ਨੂੰ ਸਾਫ਼-ਸੁਥਰਾ ਬਣਾਉਣ ਲਈ ਨਗਰ ਕੌਂਸਲ ਦੀ ਵੱਡੀ ਪਹਿਲ, ਵਪਾਰੀਆਂ ਅਤੇ ਫੈਕਟਰੀ ਮਾਲਕਾਂ ਨੇ ਦਿੱਤਾ ਪੂਰਾ ਸਹਿਯੋਗ



**ਮਾਨਸਾ, 28 ਜੁਲਾਈ (ਗੋਪਾਲ ਅਕਲੀਆ)** ਹਲਕਾ ਵਿਧਾਇਕ ਡਾ. ਵਿਜੈ ਸਿੰਗਲਾ ਦੀ ਰਹਿਨੁਮਾਈ ਹੇਠ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਭੂਸ਼ਨ ਮੱਤੀ ਵੱਲੋਂ ਅੱਜ ਸਿਨੇਮਾ ਰੋਡ ਟਰੇਡਰਜ਼ ਐਸੋਸੀਏਸ਼ਨ ਅਤੇ ਲੋਅਰ ਫੈਕਟਰੀ ਹੱਬ ਐਸੋਸੀਏਸ਼ਨ ਦੇ ਅਹੁਦੇਦਾਰਾਂ ਨਾਲ ਵੱਖ-ਵੱਖ ਅਹਿਮ ਮੀਟਿੰਗਾਂ ਕਰਕੇ ਸ਼ਹਿਰ ਦੀ ਸਫ਼ਾਈ ਅਤੇ ਕੂੜਾ ਪ੍ਰਬੰਧਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਭੂਸ਼ਨ ਮੱਤੀ ਨੇ ਸਮੂਹ ਦੁਕਾਨਦਾਰਾਂ ਅਤੇ ਫੈਕਟਰੀ ਮਾਲਕਾਂ ਨੂੰ ਅਪੀਲ ਕੀਤੀ ਕਿ ਹਰ ਦੁਕਾਨ ਦੇ ਬਾਹਰ ਲਾਜ਼ਮੀ ਤੌਰ 'ਤੇ ਡਸਟਬਿਨ ਲਗਾਇਆ ਜਾਵੇ, ਕੂੜਾ ਸੜਕਾਂ ਜਾਂ ਜਨਤਕ ਥਾਵਾਂ 'ਤੇ ਸੁੱਟਣ ਦੀ ਬਜਾਏ ਨਿਰਧਾਰਤ ਥਾਂ 'ਤੇ ਇਕੱਠਾ ਕੀਤਾ ਜਾਵੇ ਅਤੇ ਫੈਕਟਰੀਆਂ ਤੋਂ ਨਿਕਲਣ ਵਾਲਾ ਵੇਸਟ ਮਟੀਰੀਅਲ ਵੀ ਅੰਦਰ ਹੀ ਇਕੱਠਾ ਰੱਖਿਆ ਜਾਵੇ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਦੀ 34 ਟੀਮ ਦੁਕਾਨਾਂ ਅਤੇ ਫੈਕਟਰੀਆਂ ਤੋਂ ਨਿਯਮਿਤ ਤੌਰ 'ਤੇ ਕੂੜਾ ਇਕੱਠਾ ਕਰੇਗੀ, ਜਿਸ ਨਾਲ ਮਾਨਸਾ ਨੂੰ ਸਾਫ਼, ਸੁੰਦਰ ਅਤੇ ਸਵੱਛ ਸ਼ਹਿਰ ਬਣਾਉਣ ਦੇ ਟੀਚੇ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਸਿਨੇਮਾ ਰੋਡ ਟਰੇਡਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਤਰਸੇਮ ਚੰਦ ਧੰਨਾ ਅਤੇ ਲੋਅਰ ਫੈਕਟਰੀ ਹੱਬ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਵਿਕਾਸ ਮਾਲਵਾ ਨੇ ਨਗਰ ਕੌਂਸਲ ਨੂੰ ਭਰੋਸਾ ਦਿਵਾਇਆ ਕਿ ਸਮੂਹ ਦੁਕਾਨਦਾਰ ਅਤੇ ਫੈਕਟਰੀ ਮਾਲਕ ਇਸ ਸਫ਼ਾਈ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣਗੇ ਅਤੇ ਸ਼ਹਿਰ ਨੂੰ ਸਵੱਛ ਰੱਖਣ ਲਈ ਹਰ ਸੰਭਵ ਯੋਗਦਾਨ ਪਾਉਣਗੇ। ਮੀਟਿੰਗ ਤੋਂ ਬਾਅਦ ਦੋਵੇਂ ਐਸੋਸੀਏਸ਼ਨਾਂ ਵੱਲੋਂ ਲੋਕ ਭਲਾਈ ਅਤੇ ਸ਼ਹਿਰ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਨਗਰ ਕੌਂਸਲ ਪ੍ਰਧਾਨ ਭੂਸ਼ਨ ਮੱਤੀ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹਾਜ਼ਰ ਆਗੂਆਂ ਨੇ ਕਿਹਾ ਕਿ ਪ੍ਰਸ਼ਾਸਨ ਅਤੇ ਵਪਾਰਕ ਵਰਗ ਦੇ ਸਾਂਝੇ ਯਤਨਾਂ ਨਾਲ ਹੀ ਮਾਨਸਾ ਨੂੰ ਇੱਕ ਸਾਫ਼-ਸੁਥਰਾ, ਸੁੰਦਰ ਅਤੇ ਮਿਸਾਲੀ ਸ਼ਹਿਰ ਬਣਾਇਆ ਜਾ ਸਕਦਾ ਹੈ। ਇਸ ਮੌਕੇ ਨਵੀਨ ਕੁਮਾਰ ਸੋਨੂੰ ਰੱਲਾ, ਤਰਸੇਮ ਸੇਮਾ ਆਦਿ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

# ਸੀ.ਐੱਚ.ਸੀ.ਟੀਮ ਮਾਛੀਵਾੜਾ ਵੱਲੋਂ ਵਿਸ਼ਵ ਹੈਪੇਟਾਈਟਸ ਦਿਵਸ ਮੌਕੇ ਜਾਗਰੂਕਤਾ



**ਮਾਛੀਵਾੜਾ ਸਾਹਿਬ 28 ਜੁਲਾਈ (ਮਾਸਟਰ ਸਤੀਸ਼ ਕੁਮਾਰ)** ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ ਦੀ ਅਗਵਾਈ ਵਿਚ ਸੀ.ਐਚ.ਸੀ. ਮਾਛੀਵਾੜਾ ਸਾਹਿਬ ਵਿਖੇ ਵਿਸ਼ਵ ਹੈਪੇਟਾਈਟਸ ਦਿਵਸ ਸਬੰਧੀ ਜਾਗਰੂਕਤਾ ਦਿੱਤੀ ਗਈ। ਐਸ. ਐਮ. ਓ. ਡਾ. ਲਖਵਿੰਦਰ ਸਿੰਘ ਨੇ ਕਿਹਾ ਕਿ ਜਿਗਰ ਸਬੰਧੀ ਕਿਸੇ ਵੀ ਰੋਗ ਦਾ ਲੱਛਣ ਦਿਖਣ ਨੂੰ ਹਲਕੇ ਵਿਚ ਨਹੀਂ ਲੈਣਾ ਚਾਹੀਦਾ ਅਤੇ ਹਮੇਸ਼ਾਂ ਸਾਫ਼ ਅਤੇ ਸਵੱਛ ਪਾਣੀ ਭੋਜਨ ਦਾ ਹੀ ਸੇਵਨ ਕਰਨਾ ਚਾਹੀਦਾ ਹੈ ਅਤੇ ਸਾਂਝੀਆਂ ਸੂਈਆਂ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਜਿਗਰ ਦੀਆਂ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਕੁਲਬੀਰ ਕੌਰ ਐਲ. ਐਚ. ਵੀ. ਅਤੇ ਸਰਬਜੀਤ ਸਿੰਘ ਬੀ. ਐਸ. ਏ. ਤੋਂ ਇਲਾਵਾ ਤੋਂ ਸਮੂਹ ਸਟਾਫ਼ ਮੈਂਬਰ ਅਤੇ ਪਤਵੰਤੇ ਹਾਜਰ ਸਨ।

# ਸ਼ਾਹਪੁਰ ਵਿੱਚ ਆਮ ਆਦਮੀ ਪਾਰਟੀ ਦੀ ਲੋਕ ਮਿਲਣੀ ਨੂੰ ਭਰਵਾਂ ਹੁੰਗਾਰਾ

## ਡੀਟੀਓ ਕਰਨ ਸਿੰਘ ਨੇ ਪਿੰਡ ਦੇ ਵਿਕਾਸ ਸਬੰਧੀ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ, ਰਾਸ਼ਨ ਕਾਰਡ ਧਾਰਕਾਂ ਨੂੰ ਵੰਡੇ ਕਾਰਡ



**ਪਾਤੜਾਂ, 28 ਜੁਲਾਈ (ਜਸਵਿੰਦਰ ਸਿੰਘ ਪਾਰਸ)**: ਹਲਕਾ ਸ਼ੁਤਰਾਣਾ ਦੇ ਪਿੰਡ ਸ਼ਾਹਪੁਰ ਵਿਖੇ ਆਮ ਆਦਮੀ ਪਾਰਟੀ ਵੱਲੋਂ ਕਰਵਾਈ ਗਈ ਲੋਕ ਮਿਲਣੀ ਨੂੰ ਉਸ ਵੇਲੇ ਭਰਵਾਂ ਹੁੰਗਾਰਾ ਮਿਲਿਆ, ਜਦੋਂ ਪਿੰਡ ਦੀ ਸਮੁੱਚੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕਰਕੇ ਡੀਟੀਓ ਕਰਨ ਸਿੰਘ ਨਾਲ ਰੂ-ਬ-ਰੂ ਹੋ ਕੇ ਪਿੰਡ ਦੇ ਵਿਕਾਸ ਅਤੇ ਲੋਕ ਭਲਾਈ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਡੀਟੀਓ ਕਰਨ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਦਾ ਲਾਭ ਹਰ ਯੋਗ ਪਰਿਵਾਰ ਤੱਕ ਪਹੁੰਚਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਲੋਕ ਮਿਲਣੀ ਦੌਰਾਨ ਰਾਸ਼ਨ ਕਾਰਡ ਧਾਰਕਾਂ ਨੂੰ ਉਨ੍ਹਾਂ ਦੇ ਰਾਸ਼ਨ ਕਾਰਡ ਵੀ ਵੰਡੇ ਗਏ। ਇਸ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵਿਕਾਸ ਕਾਰਜਾਂ, ਬੁਨਿਆਦੀ ਸਹੂਲਤਾਂ ਅਤੇ ਹੋਰ ਜਨਤਕ ਮਸਲਿਆਂ ਨੂੰ ਡੀਟੀਓ ਕਰਨ ਸਿੰਘ ਦੇ ਧਿਆਨ ਵਿੱਚ ਲਿਆਂਦਾ, ਜਿਨ੍ਹਾਂ ਦੇ ਜਲਦ ਹੱਲ ਦਾ ਭਰੋਸਾ ਦਿੱਤਾ ਗਿਆ। ਅੰਤ ਵਿੱਚ ਡੀਟੀਓ ਕਰਨ ਸਿੰਘ ਨੇ ਲੋਕ ਮਿਲਣੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਈ ਪਿੰਡ ਦੀ ਸਮੂਹ ਸੰਗਤ, ਪੰਚਾਇਤ ਮੈਂਬਰਾਂ ਅਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਵਿਕਾਸ ਅਤੇ ਪਾਰਦਰਸ਼ੀ ਪ੍ਰਸ਼ਾਸਨ ਲਈ ਲਗਾਤਾਰ ਕੰਮ ਕਰਦੀ ਰਹੇਗੀ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਪੰਚਾਇਤ ਮੈਂਬਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਚਿੱਟੇ ਚਾਦਰੇ ਜ਼ਮੀਨਾਂ ਗਹਿਣੇ ਵਾਲੀ ਹਾਲਤ ਬਣੀ ਪੰਜਾਬ ਦੀ: ਢਿੱਲੋਂ

## ਮੁਫ਼ਤ ਦੀਆਂ ਰਿਉੜੀਆਂ ਸੂਬੇ ਨੂੰ ਪੂਰੀ ਤਰ੍ਹਾਂ ਡੋਬ ਦੇਣਗੀਆਂ



**ਭਦੌੜ 28 ਜੁਲਾਈ (ਰਾਜੀਵ ਗਰਗ)** ਕਰਾਂਗੇ ਰਾਜਸੀ ਹੋਰ ਯਾਰ ਦਲ ਆਪਣੀਆਂ ਵੋਟਾਂ ਪੱਕੀਆਂ ਕਰਨ ਲਈ ਜਨਤਾ ਨੂੰ ਮੁਫ਼ਤ ਦੀਆਂ ਰਿਉੜੀਆਂ ਦੀ ਚਾਟ ਤੇ ਲਾ ਰਹੇ ਹਨ। ਇਸ ਨਾਲ ਸੂਬੇ ਦੀ ਆਰਥਿਕਤਾ ਬੁਰੀ ਤਰ੍ਹਾਂ ਲੜਖੜਾ ਗਈ ਹੈ। ਪੰਜਾਬ ਦੀ ਮੌਜੂਦਾ ਆਰਥਿਕ ਦਸ਼ਾ ਬਾਰੇ ਇਹ ਸੰਜੀਦਾ ਟਿੱਪਣੀ ਸਿੱਖਿਆ ਖ਼ੇਤਰ ਦੀ ਨਾਮਵਰ ਸਖਸ਼ੀਅਤ ਪ੍ਰਿੰਸੀਪਲ ਭੁਪਿੰਦਰ ਸਿੰਘ ਢਿੱਲੋਂ ਨੇ ਕਰਦਿਆਂ ਬੇਬਾਕ ਕਿਹਾ ਕਿ ਪੰਜਾਬ ਦੀ ਵਰਤਮਾਨ ਸਥਿਤੀ ਬਾਰੇ ਪੰਜਾਬੀ ਦੀ ਇਹ ਚਰਚਿਤ ਅਖਾਣ ਸਹੀ ਢੁੱਕਦੀ ਹੈ ਕਿ ਚਿੱਟੇ ਚਾਦਰੇ ਜ਼ਮੀਨਾਂ ਗਹਿਣੇ। ਇਸ ਬਾਰੇ ਹੋਰ ਖੋਲ੍ਹ ਕੇ ਵਿਆਖਿਆ ਕਰਦਿਆਂ ਪ੍ਰਿੰਸੀਪਲ ਢਿੱਲੋਂ ਨੇ ਕਿਹਾ ਕਿ ਆਏ ਦਿਨ ਭਾਰੀ ਭਰਕਮ ਕਰਜ਼ਾ ਚੁੱਕ ਕੇ ਆ ਰਹੀਆਂ ਵੋਟਾਂ ਦੀ ਫ਼ਸਲ ਵੱਢਣ ਲਈ ਮੁਫ਼ਤ ਦੀਆਂ ਰਿਉੜੀਆਂ ਵੰਡੀਆਂ ਜਾ ਰਹੀਆਂ ਹਨ। ਪਰ ਇਹ ਵਰਤਾਰਾ ਪਹਿਲਾਂ ਹੀ ਕਰਜ਼ੇ ਦੀ ਦਲਦਲ ਫਸੇ ਹੋਏ ਪੰਜਾਬ ਨੂੰ ਪੂਰੀ ਤਰ੍ਹਾਂ ਡੋਬ ਦੇਵੇਗਾ। ਇਸ ਰੁਝਾਨ ਦੇ ਜਾਰੀ ਰਹਿਣ ਨਾਲ ਸੂਬਾ ਆਰਥਿਕ ਤੌਰ ਤੇ ਹੋਰ ਵੀ ਨਿਘਾਰ ਵਿੱਚ ਚਲਾ ਜਾਵੇਗਾ। ਉਨ੍ਹਾਂ ਨੇ ਆਰਥਿਕ ਨੁਕਤਾ ਨਿਗਾਹ ਤੋਂ ਵਿਸ਼ਲੇਸ਼ਣ ਕਰਦਿਆਂ ਖ਼ੁਲਾਸਾ ਕੀਤਾ ਕਿ ਅਜਿਹੀਆਂ ਰਿਆਇਤਾਂ ਸਿਰਫ਼ ਲੋੜਵੰਦ ਪਰਿਵਾਰਾਂ ਨੂੰ ਹੀ ਮਿਲਣੀਆਂ ਚਾਹੀਦੀਆਂ ਹਨ ਨਾ ਕਿ ਸਭ ਨੂੰ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮੁਫ਼ਤ ਦੀ ਚਾਟ ਪਾ ਕੇ ਭਿਖਾਰੀ ਬਣਾਉਣ ਦੀ ਥਾਂ ਸੂਬੇ ਦੇ ਨੌਜਵਾਨ ਲੜਕੇ ਲੜਕੀਆਂ ਨੂੰ ਆਪਣੇ ਪੈਰਾਂ ਤੇ ਖੜ੍ਹੇ ਹੋਣ ਦੇ ਸਮਰੱਥ ਬਣਾਉਣਾ ਚਾਹੀਦਾ ਹੈ ਤਾਂ ਕਿ ਉਹ ਆਪਣੀ ਦਸਾਂ ਨਹੁੰਆਂ ਦੀ ਕਿਰਤ ਕਮਾਈ ਕਰਕੇ ਆਪਣੇ ਪਰਿਵਾਰ ਪਾਲਣ ਦੇ ਸਮਰੱਥ ਬਣ ਸਕਣ। ਉਨ੍ਹਾਂ ਸਪੱਸ਼ਟ ਕੀਤਾ ਕਿ ਮੁਫ਼ਤ ਦੀਆਂ ਸਹੂਲਤਾਂ ਲੋਕਾਂ ਨੂੰ ਭਿਖਾਰੀ ਬਣਾਉਂਦੀਆਂ ਹਨ ਅਤੇ ਉਹ ਸੁੱਚੀ ਕਿਰਤ ਦੀ ਭਾਵਨਾ ਤੋਂ ਕਿਨਾਰਾਕਸ਼ੀ ਕਰਦੇ ਹਨ। ਉਨ੍ਹਾਂ ਨੇ ਆਮ ਲੋਕਾਂ 'ਚ ਚਰਚਿਤ ਗੱਲ ਅਨੁਸਾਰ ਸਲਾਹ ਦਿੰਦਿਆਂ ਕਿਹਾ ਕਿ ਜਨਤਕ ਸੇਵਾਵਾਂ ਮੁਫ਼ਤ ਦੀ ਬਿਜਾਏ ਵਾਜ਼ਬ ਰੇਟਾਂ ਤੇ ਮੁਹੱਈਆ ਕਰਵਾਈਆਂ ਜਾਣ ਤਾਂ ਲੋਕ ਵੀ ਖ਼ੁਸ਼ ਹੋਣਗੇ ਅਤੇ ਸਰਕਾਰੀ ਖਜ਼ਾਨੇ ਤੇ ਵੀ ਬੋਝ ਨਹੀਂ ਪਵੇਗਾ। ਉਨ੍ਹਾਂ ਨੇ ਰਾਜ ਸਰਕਾਰ ਨੂੰ ਆਮਦਨ ਵਧਾਉਣ ਲਈ ਠੋਸ ਵਸੀਲੇ ਜੁਟਾਉਣ ਦੀ ਵੀ ਸਲਾਹ ਦਿੱਤੀ।

# ਤਾਜ ਪਬਲਿਕ ਸਕੂਲ, ਜੰਡ ਸਾਹਿਬ ਨੇ ਸ਼ਤਰੰਜ ਅਤੇ ਫੁੱਟਬਾਲ ਵਿੱਚ ਲਹਿਰਾਇਆ ਜਿੱਤ ਦਾ ਪਰਚਮ




**ਕੋਟਕਪੂਰਾ/ ਫਰੀਦਕੋਟ, 28 ਜੁਲਾਈ (ਟਿੰਕੂ ਕੁਮਾਰ)** ਖੇਡ ਜਗਤ ਵਿੱਚ ਤਾਜ ਪਬਲਿਕ ਸਕੂਲ, ਜੰਡ ਸਾਹਿਬ (ਫਰੀਦਕੋਟ) ਦੀ ਦੋਹਰੀ ਜਿੱਤ। ਤਾਜ ਪਬਲਿਕ ਸਕੂਲ ਵਿਖੇ ਚੱਲ ਰਹੀਆਂ ਜ਼ੋਨ ਪੱਧਰੀ ਸਕੂਲੀ ਖੇਡਾਂ ਦੇ ਦੂਜੇ ਦਿਨ ਦੀ ਸ਼ੁਰੂਆਤ ਬਹੁਤ ਹੀ ਸੁਚੱਜੇ ਢੰਗ ਨਾਲ ਹੋਈ। ਇਹ ਜ਼ੋਨ ਪੱਧਰੀ ਸਕੂਲੀ ਖੇਡਾਂ ਸਲਾਨਾ ਕਰਵਾਈਆਂ ਜਾਂਦੀਆਂ ਹਨ। ਜਿਸ ਵਿੱਚ ਵੱਖ- ਵੱਖ ਸਕੂਲਾਂ ਦੀਆਂ ਟੀਮਾਂ ਵਧ-ਚੜ੍ਹ ਕੇ ਹਿੱਸਾ ਲੈਂਦੀਆਂ ਹਨ। ਜਿਸ ਵਿੱਚ ਫੁੱਟਬਾਲ (ਅੰਡਰ-14 ਲੜਕੇ) ਤਾਜ ਪਬਲਿਕ ਸਕੂਲ, ਜੰਡ ਸਾਹਿਬ ਅਤੇ ਅਕਾਲ ਅਕੈਡਮੀ, ਜੰਡ ਸਾਹਿਬ ਵਿਚਕਾਰ ਖੇਡਿਆ ਗਿਆ। ਇਸ ਮੈਚ ਵਿੱਚ ਤਾਜ ਪਬਲਿਕ ਸਕੂਲ ਨੇ ਪਹਿਲੇ ਹਾਫ ਵਿੱਚ 2 ਸਕੋਰ ਅਤੇ ਦੂਜੇ ਹਾਫ ਵਿੱਚ 4 ਸਕੋਰਾਂ ਨਾਲ ਮੈਚ ਨੂੰ ਆਪਣੇ ਹੱਕ ਵਿੱਚ ਕਰ ਲਿਆ। ਇਸ ਮੈਚ ਨੂੰ ਤਾਜ ਪਬਲਿਕ ਸਕੂਲ, ਜੰਡ ਸਾਹਿਬ ਦੀ ਟੀਮ ਨੇ ਜਿੱਤ ਕੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਆਪਣਾ ਸਥਾਨ ਪੱਕਾ ਕਰ ਲਿਆ। ਇਸ ਦੇ ਨਾਲ ਹੀ ਤਾਜ ਪਬਲਿਕ ਸਕੂਲ ਦੀ ਸ਼ਤਰੰਜ਼ (ਅੰਡਰ-14) ਦੀ ਟੀਮ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਾਦਿਕ ਵਿੱਚਕਾਰ ਹੋਇਆ। ਇਸ ਮੈਚ ਵਿੱਚ ਤਾਜ ਪਬਲਿਕ ਸਕੂਲ ਦੀ ਟੀਮ ਨੇ 4 ਪੁਆਇੰਟ ਵਿੱਚੋਂ 4 ਅੰਕ ਹਾਸਿਲ ਕਰਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ ਅਤੇ ਟੀਮ ਨੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਆਪਣਾ ਸਥਾਨ ਪੱਕਾ ਕੀਤਾ। ਇਸ ਸਮੇਂ ਸਕੂਲ ਦੇ ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ ਨੇ ਕਿਹਾ ਕਿ ਹੁਣ ਬੱਚੇ ਜ਼ੋਨ ਪੱਧਰੀ ਖੇਡਾਂ ਵਿਚ ਵਧੀਆ ਪ੍ਰਦਰਸ਼ਨ ਕਰਕੇ ਸਕੂਲ ਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕਰਦੇ ਹਨ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਬੱਚਿਆਂ ਦੇ ਚੰਗੇ ਕੀਤੇ ਖੇਡ ਪ੍ਰਦਰਸ਼ਨ 'ਤੇ ਵਧਾਈਆਂ ਦਿੰਦਿਆਂ ਕਿਹਾ ਕਿ ਸਾਡੇ ਸਕੂਲ ਦੇ ਬੱਚੇ ਅੱਗੇ ਵੀ ਇਸੇ ਤਰਾਂ ਸਕੂਲ ਤੇ ਮਾਪਿਆਂ ਦਾ ਨਾਂ ਰੌਸ਼ਨ ਕਰਦੇ ਰਹਿਣਗੇ, ਕਿਉਂਕਿ ਜਿੱਥੇ ਚੰਗਾ ਜੀਵਨ ਜਿਉਣ ਲਈ ਪੜ੍ਹਾਈ ਬਹੁਤ ਜ਼ਰੂਰੀ ਹੈ ਉੱਥੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਖੇਡਾਂ ਵੀ ਅਤਿ ਜ਼ਰੂਰੀ ਹਨ। ਇਸ ਕਰਕੇ ਅਸੀਂ ਆਪਣੇ ਬੱਚਿਆਂ ਦਾ ਸਰੀਰਕ ਤੇ ਮਾਨਸਿਕ ਦੋਨਾਂ ਨੂੰ ਤੰਦਰੁਸਤ ਰੱਖਣ ਵਾਸਤੇ ਹਰ ਪ੍ਰਕਾਰ ਦੇ ਯਤਨ ਕਰਦੇ ਰਹਾਂਗੇ। ਇਸ ਸਮੇਂ ਚੇਅਰਮੈਨ ਹਰਪ੍ਰੀਤ ਸਿੰਘ ਸੰਧੂ, ਜਗਮੀਤ ਸਿੰਘ ਸੰਧੂ, ਪ੍ਰਿੰਸੀਪਲ ਡਾ. ਰਜਿੰਦਰ ਕਸ਼ਯਪ, ਚੇਅਰਪਰਨ ਮੈਡਮ ਰਮਨਦੀਪ ਕੌਰ ਸੰਧੂ, ਮੈਡਮ ਸ਼ਮਨਪ੍ਰੀਤ ਕੌਰ ਸੰਧੂ, ਸਤਰੰਜ਼ ਕੋਚ ਜੈ ਅਵੀਨਾਸ਼ ਸਿੰਘ, ਫੁੱਟਬਾਲ ਕੋਚ ਰਾਕੇਸ਼ ਸ਼ਰਮਾ, ਫੁੱਟਬਾਲ ਕੋਚ ਕਰਨਵੀਰ ਸਿੰਘ, ਕ੍ਰਿਕਟ ਕੋਚ ਪ੍ਰਦੀਪ ਟੰਡਨ, ਅਥਲੈਟਿਕਸ ਕੋਚ ਰਵਿੰਦਰ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਜਗਰਾਜ ਖਾਨ ਭਿੰਡਰ ਕਲਾਂ ਨੂੰ ਮੁਸਲਿਮ ਡਿਵੈਲਪਮੈਂਟ ਬੋਰਡ ਪੰਜਾਬ ਦਾ ਹਲਕਾ ਧਰਮਕੋਟ ਦਾ ਚੇਅਰਮੈਨ ਬਣਨ ਤੇ ਸਨਮਾਨਿਤ ਕੀਤਾ



**ਕੋਟ ਈਸੇ ਖਾਂ, 28 ਜੁਲਾਈ (ਅਰੋੜਾ)** ਮੁਸਲਿਮ ਫਰੰਟ ਪੰਜਾਬ (ਰਜਿ:) ਇਕਾਈ ਜਿਲ੍ਹਾ ਮੋਗਾ ਵੱਲੋਂ ਜਗਰਾਜ ਖਾਨ ਭਿੰਡਰ ਕਲਾਂ ਨੂੰ ਮੁਸਲਿਮ ਡਿਵੈਲਪਮੈਂਟ ਬੋਰਡ ਪੰਜਾਬ ਦਾ ਹਲਕਾ ਧਰਮਕੋਟ ਦਾ ਚੇਅਰਮੈਨ ਬਣਨ ਤੇ ਸਨਮਾਨਿਤ ਕੀਤਾ ਗਿਆ। ਮੁਸਲਿਮ ਫਰੰਟ ਪੰਜਾਬ ਦੇ ਜਿਲ੍ਹਾ ਪ੍ਰਧਾਨ ਜੀਵਨ ਖਾਨ ਮਨਾਵਾਂ ਨੇ ਫਰੰਟ ਦੇ ਸਾਥੀ ਜਗਰਾਜ ਖਾਨ ਭਿੰਡਰ ਕਲਾਂ ਨੂੰ ਹਲਕਾ ਧਰਮਕੋਟ ਦਾ ਚੇਅਰਮੈਨ ਬਣਨ ਤੇ ਮਾਨਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਸ੍ਰ. ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਦਿਲੋਂ ਧੰਨਵਾਦ ਕੀਤਾ। ਓਹਨਾ ਕਿਹਾ ਕੀ ਜਗਰਾਜ ਖਾਨ ਭਿੰਡਰ ਕਲਾਂ ਹਲਕਾ ਧਰਮਕੋਟ ਦੇ ਮੁਸਲਿਮ ਭਾਈਚਾਰੇ ਦੀ ਦੁੱਖ ਤਕਲੀਫ ਬਾਰੇ ਬਾਖੂਬੀ ਜਾਣਦੇ ਹਨ ਅਤੇ ਮੁਸਲਿਮ ਭਾਈਚਾਰੇ ਨਾਲ ਹਮੇਸ਼ਾਂ ਮੋਢੇ ਨਾਲ ਮੋਢਾ ਜੋੜ ਕੇ ਖੜਦੇ ਹਨ। ਮੁਸਲਿਮ ਫਰੰਟ ਪੰਜਾਬ, ਪੰਜਾਬ ਸਰਕਾਰ ਤੋਂ ਮੰਗ ਕਰਦਾ ਹੈ ਕਿ ਪੰਜਾਬ ਵਿੱਚ ਮੁਸਲਿਮ ਭਾਈਚਾਰੇ ਦੇ ਧਾਰਮਿਕ ਸਥਾਨਾਂ ਅਤੇ ਕਰਬਰਸਤਾਨਾਂ ਦੀ ਹਾਲਤ ਤਰਸਯੋਗ ਹੈ ਇਸ ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਇਸ ਸਨਮਾਨ ਸਮਾਰੋਹ ਵਿੱਚ ਮੁਸਲਿਮ ਫਰੰਟ ਪੰਜਾਬ ਇਕਾਈ ਜਿਲ੍ਹਾ ਮੋਗਾ ਦੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਮੁਹੰਮਦ ਵਿੱਕੀ ਲੰਡੇ, ਕੈਸ਼ੀਅਰ ਬੂਟਾ ਖਾਨ ਰਾਮੂਵਾਲੀਆ, ਹਲਕਾ ਬਾਘਾਪੁਰਾਣਾ ਦੇ ਪ੍ਰਧਾਨ ਭੋਲਾ ਖਾਨ ਰਾਜੇਆਣਾ, ਚੇਅਰਮੈਨ ਮੁਸ਼ਤਾਕ ਅਲੀ ਚੰਨੂਆਲਾ, ਕੈਸ਼ੀਅਰ ਇਕਬਾਲ ਖਾਨ ਸਮਾਧ ਭਾਈ, ਸੀਨੀਅਰ ਮੈਂਬਰ ਜਗਸੀਰ ਖਾਨ ਲੰਗੇਆਣਾ ਅਤੇ ਇਮਾਮ ਸਾਹਿਬ ਅਬਦੁਲ ਰਹਿਮਾਨ ਮਸਜਿਦ ਮੋਗਾ ਆਦਿ ਹਾਜਰ ਸਨ।

# ਚੇਅਰਪਰਸਨ, ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਮਲੋਟ ਵਿਖੇ ਲੋਕ ਅਦਾਲਤ ਦੌਰਾਨ ਲੋਕਾਂ ਦੀਆਂ ਸੁਣੀਆਂ ਮੁਸ਼ਕਿਲਾਂ



**ਮਲੋਟ/ਸ੍ਰੀ ਮੁਕਤਸਰ ਸਾਹਿਬ, 28 ਜੁਲਾਈ (ਹਰਦੀਪ ਸਿੰਘ ਖਾਲਸਾ)** ਸ੍ਰੀਮਤੀ ਰਾਜ ਲਾਲੀ ਗਿੱਲ ਚੇਅਰਪਰਸਨ, ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਅੱਜ ਕੰਪਿਊਟਰ ਰਿਸੋਰਸ ਸੈਂਟਰ ਨੇੜੇ ਮਿਮਿਟ ਕਾਲਜ, ਮਲੋਟ ਵਿਖੇ ਲੋਕ ਅਦਾਲਤ ਦੌਰਾਨ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਮੌਕੇ 'ਤੇ ਹੀ ਸਬੰਧਿਤ ਅਧਿਕਾਰੀਆਂ ਨੂੰ ਹੱਲ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨਾਲ ਮੌਜੂਦ ਰਹੇ। ਇਸ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਚੇਅਰਪਰਸਨ, ਪੰਜਾਬ ਰਾਜ ਮਹਿਲਾ ਕਮਿਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸੱਦੇ 'ਤੇ ਮਲੋਟ ਵਿਖੇ ਲੋਕ ਅਦਾਲਤ ਲਗਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਨ੍ਹਾਂ ਕਿਹਾ ਕਿ ਇਨ੍ਹਾਂ ਲੋਕ ਅਦਾਲਤ ਨਾਲ ਲੰਬੇ ਸਮੇਂ ਤੋਂ ਪੈਂਡਿੰਗ ਪਏ ਕੇਸਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਹੋਵੇਗਾ ਅਤੇ ਲੋਕਾਂ ਨੂੰ ਰਾਹਤ ਮਿਲੇਗੀ। ਇਸ ਮੌਕੇ ਸ੍ਰੀਮਤੀ ਰਾਜ ਲਾਲੀ ਗਿੱਲ ਨੇ ਦੱਸਿਆ ਕਿ ਪੰਜਾਬ ਰਾਜ ਮਹਿਲਾ ਕਮਿਸ਼ਨ ਦਾ ਮੁੱਖ ਮਕਸਦ ਔਰਤਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨਾ ਹੈ ਅਤੇ ਇਸ ਮੰਤਵ ਨਾਲ ਅੱਜ ਮਲੋਟ ਵਿਖੇ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਗਿਆ ਹੈ ਅਤੇ ਜਿਆਦਾਤਰ ਮਹਿਲਾ ਨੂੰ ਇਹ ਪ੍ਰੇਸ਼ਾਨੀ ਸੀ ਕਿ ਕਮਿਸ਼ਨ ਦੂਰ ਹੋਣ ਕਾਰਣ, ਜਾਂ ਬੱਚੇ ਛੋਟੇ ਹੋਣ ਕਾਰਨ ਜਾਂ ਕੁਝ ਹੋਰ ਮਜ਼ਬੂਰੀਆਂ ਕਾਰਣ ਉਨ੍ਹਾਂ ਕੋਲੋ ਕਮਿਸ਼ਨ ਵਿਖੇ ਪਹੁੰਚਣਾ ਮੁਸ਼ਕਿਲ ਹੋ ਜਾਂਦਾ ਹੈ, ਇਸ ਲਈ ਮਹਿਲਾਵਾਂ ਦੇ ਘਰਾਂ ਦੇ ਨੇੜੇ ਹੀ ਇਹ ਲੋਕ ਅਦਾਲਤਾਂ ਲਗਾਤਾਰ ਲਗਾਈਆਂ ਜਾ ਰਹੀਆਂ ਹਨ। ਉਨ੍ਹਾਂ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਲੋਟ ਕਸਬੇ ਨਾਲ ਪਹਿਲਾਂ ਹੀ 34 ਕੇਸ ਉਨ੍ਹਾਂ ਕੋਲ ਦਰਜ ਸਨ ਅਤੇ ਉਨ੍ਹਾਂ ਕੇਸਾਂ ਦੀ ਸੁਣਵਾਈ ਅਤੇ ਨਿਪਟਾਰੇ ਲਈ ਸਬੰਧਤ ਮਹਿਲਾਵਾਂ ਨੂੰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਨੂੰ ਵੀ ਅੱਜ ਇੱਥੇ ਹੀ ਬੁਲਾਇਆ ਗਿਆ ਹੈ ਤਾਂ ਜੋ ਵੱਧ ਤੋਂ ਵੱਧ ਕੇਸਾਂ ਦਾ ਮਿਲ ਜੁਲ ਕੇ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾ ਸਕੇ ਅਤੇ ਇਸ ਤੋਂ ਇਲਾਵਾ ਹੋਰ ਨਵੇਂ ਕੇਸ ਵੀ ਰਜਿਸਟਰ ਹੋਏ ਹਨ। ਉਨ੍ਹਾਂ ਕਿਹਾ ਕਿ ਕਮਿਸ਼ਨ ਦੀ ਕੋਸ਼ਿਸ਼ ਰਹਿੰਦੀ ਹੈ ਕਿ ਪੈਂਡਿੰਗ ਰਹਿੰਦੇ ਕੇਸਾਂ ਦਾ ਵੱਧ ਤੋਂ ਵੱਧ ਨਿਪਟਾਰਾ ਕੀਤਾ ਜਾਵੇ ਅਤੇ ਪੁਲਿਸ ਪ੍ਰਸ਼ਾਸਨ ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਜਲਦੀ ਤੋਂ ਜਲਦੀ ਬਕਾਇਆ ਕੇਸਾਂ ਦੀ ਰਿਪੋਰਟ ਤਿਆਰ ਕੀਤੀ ਜਾਵੇ ਇਸ ਲਈ ਪੁਲਿਸ ਪ੍ਰਸ਼ਾਸਨ ਨੂੰ 30 ਦਿਨਾਂ ਦਾ ਸਮਾਂ ਦਿੱਤਾ ਜਾਂਦਾ ਹੈ, ਪਰ ਕੁਝ ਕੇਸ ਅਜਿਹੇ ਵੀ ਹੁੰਦੇ ਹਨ ਜਿਵੇਂ ਕਿ ਛੋਟੀ ਬੱਚੀਆਂ, ਬਜ਼ੁਰਗਾਂ ਨਾਲ ਸਬੰਧਤ ਜਾਂ ਹੋਰ, ਜਿਨ੍ਹਾਂ ਦੇ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਹੁੰਦਾ ਹੈ ਉਸ ਲਈ 10 ਦਿਨਾਂ ਵਿੱਚ ਰਿਪੋਰਟ ਦਾਖਲ ਕਰਨ ਲਈ ਕਿਹਾ ਜਾਂਦਾ ਹੈ। ਚੇਅਰਪਰਸਨ, ਸ੍ਰੀਮਤੀ ਰਾਜ ਲਾਲੀ ਗਿੱਲ ਨੇ ਕਿਹਾ ਕਿ ਕਮਿਸ਼ਨ ਕੋਲ ਰੋਜ਼ਾਨਾ ਬਹੁਤ ਸਾਰੇ ਕੇਸ ਆਉਂਦੇ ਹਨ ਅਤੇ ਕਮਿਸ਼ਨ ਵੱਲੋਂ ਪੂਰੀ ਸਖ਼ਤੀ ਨਾਲ ਸਬੰਧਤ ਕੇਸ 'ਤੇ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਅਤੇ ਤੁਰੰਤ ਹੀ ਸਬੰਧਤ ਵਿਅਕਤੀ ਖਿਲਾਫ਼ 'ਕਾਰਣ ਦੱਸੋ' ਨੋਟਿਸ ਜਾਰੀ ਕੀਤਾ ਜਾਂਦਾ ਹੈ ਅਤੇ ਇਸ ਤੋਂ ਇਲਾਵਾ ਜੋ ਸਾਡੇ ਕੋਲ ਲਿਖਤੀ ਰੂਪ ਵਿੱਚ ਜਾਂ ਮਾਪੇ ਆਪ ਆ ਕੇ ਸ਼ਿਕਾਇਤ ਦਰਜ ਕਰਵਾਉਂਦੇ ਹਨ ਤਾਂ 10 ਦਿਨਾਂ ਦੇ ਵਿੱਚ ਕੇਸ ਨੂੰ ਹੱਲ ਕੀਤਾ ਜਾਂਦਾ ਹੈ ਜੇਕਰ ਕੋਈ ਛੇੜ-ਛਾੜ ਨਾਲ ਸਬੰਧਤ ਮਾਮਲਾ ਹੁੰਦਾ ਹੈ ਅਤੇ ਪੁਲਿਸ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਬੰਧਤ ਵਿਅਕਤੀ ਖਿਲਾਫ਼ ਤੁਰੰਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਇਸ ਮੌਕੇ ਐਸ.ਡੀ.ਐੱਮ. ਮਲੋਟ ਪੰਕਜ ਕੁਮਾਰ, ਡੀ.ਐਸ.ਪੀ. ਹਰਜੀਤ ਸਿੰਘ ਮਾਨ, ਚੇਅਰਮੈਨ ਮਾਰਕਿਟ ਕਮੇਟੀ ਜਸ਼ਨ ਬਰਾੜ, ਡਿਪਟੀ ਡਾਇਰੈਕਟਰ ਮਨਜਿੰਦਰ ਸਿੰਘ, ਜਸਵਿੰਦਰ ਕੌਰ ਮੈਂਬਰ ਪੰਜਾਬ ਸਟੇਟ ਵੂਮੈਨ ਕਮਿਸ਼ਨ, ਡੀ.ਪੀ.ਓ. ਸ੍ਰੀਮਤੀ ਰਤਨਦੀਪ ਕੌਰ ਸੰਧੂ, ਸੀ.ਡੀ.ਪੀ.ਓ. ਰਾਜਵੰਤ ਕੌਰ, ਜਸਵਿੰਦਰ ਕੌਰ, ਜਤਿੰਦਰ ਸਿੰਘ, ਮਨਿੰਦਰਜੀਤ ਸਿੰਘ, ਪਰਮਜੀਤ ਕੌਰ ਬਲਾਕ ਪ੍ਰਧਾਨ, ਪਰਮਿੰਦਰ ਕੌਰ ਜ਼ਿਲ੍ਹਾ ਸੈਕਟਰੀ, ਬਲਜੀਤ ਕੌਰ ਡਿੰਪਲ ਜੁਆਂਇੰਟ ਸੈਕਟਰੀ, ਹਰਮਿਹਰ ਸਿੰਘ ਐਮ.ਸੀ. ਮਲੋਟ, ਜਗਤੇਜ ਸਿੰਘ ਐਮ.ਸੀ. ਮਲੋਟ, ਮੋਹਨ ਕੁਮਾਰ ਪੀ.ਏ., ਪੀ.ਏ. ਸ਼ਿੰਦਰਪਾਲ ਸਿੰਘ ਅਤੇ ਅਰਸ਼ਦੀਪ ਸਿੰਘ ਸਿੱਧੂ ਤੋਂ ਇਲਾਵਾ ਸਿਵਲ ਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਸਾਹਿਤ ਸਭਾ ਮਾਛੀਵਾੜਾ ਸਾਹਿਬ ਦੀ ਸਾਹਿਤਕ ਬੈਠਕ ਹੋਈ

## *ਸੀਨਿਆਂ ਵਿੱਚ ਲੈਕੇ ਖੰਜਰ ਮੁਸਕਰਾਉਂਦੇ ਫਿਰ ਰਹੇ ਹਾਂ, ਇਸ ਤਰ੍ਹਾਂ ਅੱਜਕੱਲ੍ਹ ਅਸੀਂ ਗਮ ਛੁਪਾਉਂਦੇ ਫਿਰ ਰਹੇ ਹਾਂ*



**ਮਾਛੀਵਾੜਾ ਸਾਹਿਬ 28 ਜੁਲਾਈ (ਮਾਸਟਰ ਸਤੀਸ਼ ਕੁਮਾਰ)** ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਐੱਸ. ਨਸੀਮ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਇੱਕ ਸ਼ੋਕ ਮਤੇ ਰਾਹੀਂ ਉੱਘੇ ਚਿੰਤਕ, ਸਮਾਜ ਸੇਵੀ ਅਤੇ ਸਿੱਖਿਆ ਸ਼ਾਸਤਰੀ ਸਵਰਨ ਭੰਗੂ ਦੇ ਦੇਹਾਂਤ ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੌਨ ਰੱਖਿਆ ਗਿਆ। ਰਚਨਾਵਾਂ ਦੇ ਦੌਰ ਵਿੱਚ ਸਭ ਤੋਂ ਪਹਿਲਾਂ ਨਛੱਤਰ ਸਿੰਘ ਗਿੱਲ ਨੇ ਆਪਣਾ ਗੀਤ ਅਤੇ ਕਸ਼ਮੀਰ ਸਿੰਘ ਨੇ ਇੱਕ ਕਵਿਤਾ ਸੁਣਾਈ। ਇਸ ਉਪਰੰਤ ਸੁਰਜੀਤ ਮੰਡ ਨੇ ਗਜ਼ਲ 'ਯਤਨ ਕਰ ਤੂੰ ਏਸ ਨੂੰ ਸਮਝਣ ਲਈ, ਜ਼ਿੰਦਗੀ ਇਹ ਨਾ ਮਿਲੀ ਭਟਕਣ ਲਈ, ਸੁਣਾਈ। ਗ਼ਜ਼ਲ 'ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਸ਼ਾਇਰ ਬਲਜਿੰਦਰ ਸਿੰਘ ਨੇ ਗ਼ਜ਼ਲ 'ਸੀਨਿਆ ਵਿੱਚ ਲੈ ਕੇ ਖੰਜਰ ਮੁਸਕਰਾਉਂਦੇ ਫਿਰ ਰਹੇ ਹਾਂ, ਇਸ ਤਰ੍ਹਾਂ ਅੱਜ ਕੱਲ ਅਸੀਂ ਗ਼ਮ ਨੂੰ ਛੁਪਾਉਂਦੇ ਫਿਰ ਰਹੇ ਹਾਂ, ਸੁਣਾਈ, ਜਿਸ ਤੇ ਚਰਚਾ ਦੇ ਨਾਲ ਪ੍ਰਸ਼ੰਸ਼ਾ ਵੀ ਮਿਲੀ। ਫਿਰ ਤਰਨ ਰਾਮਪੁਰ ਨੇ ਇੱਕ ਗੀਤ ਅਤੇ ਨਿਰਵੈਰ ਕੌਰ ਨੇ ਕਵਿਤਾ ਸਾਵਣ ਸੁਣਾਈ। ਦੋਨਾਂ ਰਚਨਾਵਾਂ ਨੂੰ ਦਾਦ ਮਿਲੀ। ਇਸ ਤੋਂ ਬਾਅਦ ਸ਼ਾਇਰ ਹਰਨਾਮ ਸਿੰਘ ਡੱਲਾ ਨੇ ਇੱਕ ਗੀਤ ਅਤੇ ਮੋਹਣ ਲਾਲ ਰਾਹੀ ਨੇ ਅਦਬ ਗੋਂਡਵੀ ਦੇ ਕੁਝ ਸ਼ੇਅਰ ਸਾਂਝੇ ਕੀਤੇ। ਡੱਲਾ ਜੀ ਦੇ ਗੀਤ ਤੇ ਦਾਦ ਦੇ ਨਾਲ ਨਾਲ ਕਾਫ਼ੀ ਚਰਚਾ ਵੀ ਹੋਈ। ਇਸ ਉਪਰੰਤ ਸ਼ਾਇਰ ਜਗਤਾਰ ਸੇਖਾ ਨੇ ਆਪਣੀ ਗਜ਼ਲ 'ਸ਼ਹਿਰ ਦਾ ਹਰ ਜ਼ਹਿਰ ਤਾਂ ਹੁਣ ਰੋਜ਼ ਹੀ ਪੀਣਾ ਪਿਆ, ਫਿਰ ਸਿਤਮ ਤਾਂ ਇਹ ਇਸ ਹਾਲ ਵਿੱਚ ਜੀਣਾ ਪਿਆ', ਸੁਣਾਈ। ਇਸ ਗਜ਼ਲ ਨੂੰ ਕਾਫੀ ਦਾਦ ਮਿਲੀ। ਇਸ ਤੋਂ ਬਾਅਦ ਰਾਮਪੁਰ ਤੋਂ ਆਏ ਅਮਰਿੰਦਰ ਸੋਹਲ ਨੇ ਆਪਣੀ ਗ਼ਜ਼ਲ ਸਲਾਮਤ ਰਹਿਣ ਦੁਸ਼ਮਣ ਮੇਰੇ ਨਵੀਆਂ ਹੀ ਪਰਤਾਂ ਫਰੋਲਦੇ ਨੇ, ਮੇਰੇ ਬਾਰੇ ਕਦੇ ਕੁਝ ਬੋਲਦੇ ਨੇ, ਕਦੇ ਕੁਝ ਬੋਲਦੇ ਨੇ, ਸੁਣਾਈ। ਇਸ ਗ਼ਜ਼ਲ ਨੂੰ ਵਾਹਵਾ ਦਾਦ ਮਿਲੀ। ਫਿਰ ਮਲਕੀਤ ਸਿੰਘ ਨੇ ਗ਼ਜ਼ਲ 'ਮਹਿਕ ਤੇਰੀ ਹੋਂਦ ਨੇ ਐਸੀ ਖਿੰਡਾਈ ਰਾਤ ਭਰ, ਫਿਰ ਜ਼ਮਾਨੇ ਦੀ ਖ਼ਬਰ ਨਾ ਨੀਂਦ ਆਈ ਰਾਤ ਭਰ, ਸੁਣਾਈ।ਜਿਸ ਨੂੰ ਕਾਫੀ ਦਾਦ ਮਿਲੀ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਜ਼ਰਾ ਵੀ ਉਫ਼ ਨਹੀਂ ਕਰਦੇ ਬਿਮਾਰੀ ਹੈ ਬਿਮਾਰਾਂ ਨੂੰ, ਨਿਵਾ ਕੇ ਸਿਰ ਜਰੀ ਜਾਂਦੇ ਇਹ ਦੁੱਖਾਂ ਨੂੰ ਵੀ ਭੁੱਖਾਂ ਨੂੰ', ਸੁਣਾਈ। ਇਸ ਗ਼ਜ਼ਲ ਨੂੰ ਬਹੁਤ ਦਾਦ ਮਿਲੀ। ਅੰਤ ਵਿੱਚ ਸ਼ਾਇਰ ਐੱਸ ਨਸੀਮ ਨੇ ਆਪਣੀ ਗ਼ਜ਼ਲ, 'ਗੁਲਸ਼ਨ ਵੀ ਗਏ ਸਹਿਰਾ ਵੀ ਮਗਰ ਦਿਲ ਹੈ ਕਿ ਕਿਤੇ ਟਿਕਦਾ ਹੀ ਨਹੀਂ ਗੁਲਸ਼ਨ ਨਹੀ ਤਨਹਾਈ ਕਿਤੇ ਸਹਿਰਾ ਚ ਕਿਤੇ ਸਾਇਆ ਵੀ ਨਹੀਂ ਸੁਣਾਈ ਇਸ ਗ਼ਜ਼ਲ ਨੂੰ ਭਰਪੂਰ ਦਾਦ ਮਿਲੀ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਉਸਾਰੂ ਬਹਿਸ ਵਿੱਚ ਹਾਜ਼ਰ ਸਹਿਤਕਾਰਾਂ ਤੋਂ ਇਲਾਵਾ ਗੁਰਭਗਤ ਸਿੰਘ ਗਿੱਲ,ਐਸ ਨਸੀਮ, ਨਿਰੰਜਨ ਸੂਖਮ, ਬਲਜਿੰਦਰ ਸਿੰਘ ਮੋਹਨ ਲਾਲ ਰਾਹੀ, ਹਰਨਾਮ ਸਿੰਘ ਡੱਲਾ ਅਤੇ ਨਿਰਵੈਰ ਕੌਰ ਨੇ ਭਾਗ ਲਿਆ।ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਬਾਖੂਬੀ ਨਿਭਾਇਆ।ਅੰਤ ਵਿੱਚ ਪ੍ਰਧਾਨ ਐੱਸ. ਨਸੀਮ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

# ਹੇਮਕੁੰਟ ਸਕੂਲ ਵਿਖੇ ਐਨ.ਸੀ.ਸੀ. ਕੈਡਿਟਾਂ ਵੱਲੋਂ ਮਨਾਇਆ ਗਿਆ ਕਾਰਗਿਲ ਵਿਜੇ ਦਿਵਸ




**ਕੋਟ ਈਸੇ ਖਾਂ, 28 ਜੁਲਾਈ (ਅਰੋੜਾ)** ਹੇਮਕੁੰਟ ਸਕੂਲ ਵਿਖੇ ਐਨ.ਸੀ.ਸੀ. ਕੈਡਿਟਾਂ ਵੱਲੋਂ ਮਨਾਇਆ ਗਿਆ ਕਾਰਗਿਲ ਵਿਜੇ ਦਿਵਸ ਸ੍ਰੀ ਹੇਮਕੁੰਟ ਸੀਨੀਅਰ ਸੈਕੰਡਰੀ ਸਕੂਲ, ਕੋਟ ਈਸੇ ਖਾਂ ਵਿਖੇ 5 ਪੰਜਾਬ ਗਰਲਜ਼ ਬਟਾਲੀਅਨ, ਮੋਗਾ ਦੇ ਕਮਾਂਡਿੰਗ ਅਫ਼ਸਰ ਕਰਨਲ ਸੁਨੀਲ ਕੁਮਾਰ ਦੀ ਅਗਵਾਈ ਹੇਠ ਕਾਰਗਿਲ ਵਿਜੇ ਦਿਵਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੀ ਏ.ਐਨ.ਓ. ਸ੍ਰੀਮਤੀ ਸਿਮਰਨਜੀਤ ਕੌਰ ਅਤੇ ਯਾਦਵਿੰਦਰ ਕੌਰ ਦੀ ਦੇਖ-ਰੇਖ ਹੇਠ ਐਨ.ਸੀ.ਸੀ. ਕੈਡਿਟਾਂ ਨੇ 1999 ਦੇ ਕਾਰਗਿਲ ਯੁੱਧ ਵਿੱਚ ਦੇਸ਼ ਦੀ ਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਵੀਰ ਸ਼ਹੀਦਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਅਤੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਰਾਸ਼ਟਰ ਸੇਵਾ ਲਈ ਹਮੇਸ਼ਾ ਸਮਰਪਿਤ ਰਹਿਣ ਦੀ ਸ਼ਪਥ ਲਈ। ਕਾਰਗਿਲ ਵਿਜੇ ਦਿਵਸ ਹਰ ਸਾਲ ਜੁਲਾਈ ਨੂੰ ਭਾਰਤੀ ਸੈਨਿਕਾਂ ਦੇ ਸਾਹਸ ਅਤੇ ਬਲਿਦਾਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਇਸ ਮੌਕੇ ਕੈਡਿਟਾਂ ਨੂੰ ਕਾਰਗਿਲ ਯੁੱਧ ਦੇ ਇਤਿਹਾਸ, ਭਾਰਤੀ ਸੈਨਾ ਦੀ ਬਹਾਦਰੀ ਅਤੇ ਵੀਰ ਸ਼ਹੀਦਾਂ ਦੇ ਅਦੁੱਤੀ ਬਲਿਦਾਨ ਬਾਰੇ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਦੇਸ਼-ਭਗਤੀ, ਅਨੁਸ਼ਾਸਨ, ਲੀਡਰਸ਼ਿਪ ਅਤੇ ਰਾਸ਼ਟਰ ਸੇਵਾ ਦੀ ਭਾਵਨਾ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਕੈਡਿਟਾਂ ਨੇ ਦੇਸ਼ ਦੀ ਸੁਰੱਖਿਆ ਲਈ ਆਪਣੇ ਪ੍ਰਾਣ ਨਿਛਾਵਰ ਕਰਨ ਵਾਲੇ ਸਾਰੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ।

# ਸ਼ੀਲਾ ਰਾਣੀ ਦੇ ਜਨਮ ਦਿਨ ਨੂੰ ਸਮਰਪਿਤ ਸਿੱਖਿਆ ਸੈਮੀਨਾਰ ਅਤੇ ਸਟੇਸ਼ਨਰੀ ਵੰਡ ਸਮਾਰੋਹ ਦਾ ਆਯੋਜਨ



**ਬਰਨਾਲਾ, 28 ਜੁਲਾਈ (ਮਾਲਵਾ ਬਾਣੀ)** ਸਮਾਜ ਸੇਵੀ ਵਿਜੇ ਕੁਮਾਰ ਸਿੰਗਲਾ ਸੰਗਰੂਰ ਵੱਲੋਂ ਸਵਰਗਵਾਸੀ ਪਤਨੀ ਉੱਘੀ ਅਧਿਆਪਕਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਸ੍ਰੀਮਤੀ ਸ਼ੀਲਾ ਰਾਣੀ ਦੇ ਜਨਮ ਦਿਵਸ ਨੂੰ ਸਮਰਪਿਤ ਸਿੱਖਿਆ ਸੈਮੀਨਾਰ ਅਤੇ ਸਟੇਸ਼ਨਰੀ ਵੰਡ, ਅਤੇ ਪਹਿਲੀ ਅਤੇ ਦੂਜੀ ਪੁਜੀਸ਼ਨ ਵਾਲਿਆਂ ਨੂੰ ਨਗਦ ਇਨਾਮ ਛੇਵੀਂ ਤੋਂ ਬਾਰਵੀਂ ਤੱਕ ਵੰਡ ਸਮਾਰੋਹ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ,ਜ਼ਿਲ੍ਹਾ ਬਰਨਾਲਾ ਵਿਖੇ ਕੀਤਾ ਗਿਆਂ। ਜਿਸ ਵਿੱਚ ਸਮਾਜ ਸੇਵੀ ਵਿਜੈ ਸਿੰਗਲਾ ਸਾਬਕਾ ਸੁਪਰਡੈਂਟ, ਰਾਜ ਕੁਮਾਰ ਅਰੋੜਾ ਸੂਬਾ ਪੈਨਸ਼ਨਰ ਆਗੂ, ਪਵਨ ਕੁਮਾਰ ਗੁਪਤਾ ਐਡਵੋਕੇਟ, ਪ੍ਰੋਫੈਸਰ ਸੁਰੇਸ਼ ਗੁਪਤਾ, ਰਾਜਿੰਦਰ ਗੋਇਲ ਮੋਹਿਤ ਡੇਅਰੀ, ਭੈਣ ਲਕਸ਼ਮੀ ਦੇਵੀ, ਬਲਜਿੰਦਰ ਸਿੰਘ, ਪ੍ਰਿੰਸੀਪਲ ਸੁਰਿੰਦਰ ਕੌਰ, ਅਧਿਆਪਕਾਂ ਕਮਲੇਸ਼ ਕੁਮਾਰੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਤੇ ਬੋਲਦਿਆਂ ਪੈਨਸ਼ਨਰ ਸੂਬਾ ਆਗੂ ਰਾਜ ਕੁਮਾਰ ਅਰੋੜਾ ਨੇ ਕਿਹਾ ਕਿ ਵਿਜੇ ਸਿੰਗਲਾ ਹਮੇਸ਼ਾ ਹੀ ਸਮਾਜ ਦੀ ਸੇਵਾ ਕਰਦੇ ਆ ਰਹੇ ਹਨ। ਅੱਜ ਵੀ ਉਹ ਆਪਣੀ ਧਰਮ ਪਤਨੀ ਸ਼ੀਲਾ ਰਾਣੀ ਦੇ ਸਕੂਲ ਪਹੁੰਚ ਕੇ ਵਿਦਿਆਰਥੀਆਂ ਨਾਲ ਜੁੜ ਕੇ ਸਕੂਲ ਬੈਗ, ਬੂਟ ਵੰਡ ਕੇ ਆਪਣੀ ਪਤਨੀ ਦੇ ਜਨਮਦਿਨ ਨੂੰ ਸਮਰਪਿਤ ਉਹਨਾਂ ਦੀ ਸੋਚ ਉਹਨਾਂ ਦੇ ਵਿਦਿਆਰਥੀਆਂ ਵਿੱਚ ਅਸ਼ੀਰਵਾਦ ਦੇ ਰੂਪ ਵਿੱਚ ਦੇ ਰਹੇ ਹਨ। ਇਸ ਮੌਕੇ ਪ੍ਰੋਫੈਸਰ ਸੁਰੇਸ਼ ਗੁਪਤਾ ਨੇ ਕਿਹਾ ਕਿ ਸਮਾਜ ਦੀ ਸੇਵਾ ਕਰਨਾ ਹੀ ਸਭ ਤੋਂ ਵੱਡਾ ਕਾਰਜ ਹੈ। ਸਾਬਕਾ ਪ੍ਰਿੰਸੀਪਲ ਸੁਰਿੰਦਰ ਕੌਰ ਨੇ ਕਿਹਾ ਕਿ ਮੈਡਮ ਸ਼ੀਲਾ ਰਾਣੀ ਨਿੱਘੇ ਸੁਭਾਅ ਦੇ ਮਾਲਕ ਸਨ, ਉਹਨਾਂ ਦੀਆਂ ਯਾਦਾਂ ਅਤੇ ਸੋਚ ਨੂੰ ਉਹਨਾਂ ਦੇ ਪਤੀ ਅੱਜ ਵੀ ਜਿੰਦਾ ਰੱਖ ਰਹੇ ਹਨ। ਸਕੂਲ ਪਹੁੰਚਣ ਤੇ ਗੁਰਮੀਤ ਸਿੰਘ ਕਾਕਾ ਸਿੱਖਿਆ ਸ਼ਾਸਤਰੀ, ਮੈਂਬਰ ਬਲਾਕ ਸੰਮਤੀ, ,ਸਰਪੰਚ ਹਰਬੰਸ ਕੌਰ ਜੱਗਾ ਸਿੰਘ ਨੇ ਵਿਸ਼ੇਸ਼ ਤੌਰ ਤੇ ਬਡਬਰ ਸਕੂਲ ਦੇ ਵਿਦਿਆਰਥੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਤੇ ਜਥੇਦਾਰ ਗੁਰਮੁਖ ਸਿੰਘ ਅਤੇ ਮਨਦੀਪ ਕੁਮਾਰ ਨੇ ਵੀ ਸਮਾਜ ਸੇਵਾ ਦੇ ਕਾਰਜਾਂ ਨੂੰ ਵਧੀਆ ਉਪਰਾਲਾ ਦੱਸਿਆ। ਸਟੇਜ ਸੰਚਾਲਨ ਦੀ ਭੂਮਿਕਾ ਨਿਭਾਉਂਦੇ ਹੋਏ ਮਾਸਟਰ ਅਵਨੀਸ਼ ਕੁਮਾਰ ਨੇ ਕਿਹਾ ਕਿ ਮੈਡਮ ਸ਼ੀਲਾ ਰਾਣੀ ਦੀ ਜਨਮ ਦਿਨ ਨੂੰ ਸਮਰਪਿਤ ਸਿੱਖਿਆ ਸੈਮੀਨਾਰ ਅਤੇ ਸਟੇਸ਼ਨਰੀ ਵੰਡ ਸਮਾਰੋਹ ਉਹਨਾਂ ਦੇ ਪਤੀ ਸ੍ਰੀ ਵਿਜੇ ਸਿੰਗਲਾ ਵੱਲੋਂ ਕਰਵਾਏ ਜਾਣਾ ਮੈਡਮ ਦੀ ਸੋਚ ਅਤੇ ਕਾਰਜਾਂ ਦੀ ਅਗਵਾਈ ਕਰਦਾ ਹੈ। ਉਹਨਾਂ ਸੰਸਥਾ ਵੱਲੋਂ ਵਿਦਿਆਰਥੀਆਂ ਦੀ ਮੱਦਦ ਲਈ ਦਿਲੋਂ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਵੀ ਸੰਸਥਾ ਅਤੇ ਵਿਦਿਆਰਥੀਆਂ ਦੇ ਵਿਕਾਸ ਲਈ ਸਹਿਯੋਗ ਦੀ ਕਾਮਨਾ ਕੀਤੀ। ਇਸ ਮੌਕੇ ਤੇ ਅਵਤਾਰ ਸਿੰਘ ਜੂਨੀਅਰ ਸਹਾਇਕ ਨੇ ਸਮੂਹ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਕੂਲ ਦੇ ਵਿਦਿਆਰਥੀਆਂ ਦੀ ਭਲਾਈ ਕਾਰਜਾਂ ਦੀ ਸ਼ਲਾਘਾ ਕੀਤੀ। ਸੀਨੀਅਰ ਮੈਡਮ ਤਿਸਤਿੰਦਰ ਕੌਰ, ਮੈਡਮ ਤਰਨਜੋਤ ਕੌਰ ਅਤੇ ਮੈਡਮ ਦੀਪਿਕਾ, ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪ੍ਰਬੰਧਕੀ ਤੌਰ ਤੇ ਵਿਸ਼ੇਸ਼ ਭੂਮਿਕਾ ਨਿਭਾਈ , ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਿੰਸੀਪਲ ਰਿਸ਼ੀ ਕੁਮਾਰ ਅਤੇ ਕੁਲਦੀਪ ਕੌਰ ਨੇ ਸਮੂਹ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਆਖਿਆ ਅਤੇ ਵਿਸ਼ਵਾਸ ਦਵਾਇਆ ਕਿ ਮੈਡਮ ਸ਼ੀਲਾ ਰਾਣੀ ਦੀ ਸੋਚ ਅਤੇ ਕਾਰਜਾਂ ਨੂੰ ਯਾਦ ਰੱਖਿਆ ਜਾਵੇਗਾ। ਜਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਸ੍ਰੀ ਵਿਜੇ ਸਿੰਗਲਾ ਜੀ ਲਗਾਤਾਰ ਆਪਣੀ ਪਤਨੀ ਸ੍ਰੀਮਤੀ ਸ਼ੀਲਾ ਰਾਣੀ ਦੀ ਯਾਦ ਵਿੱਚ ਮੈਡੀਕਲ ਕ ਕੈਂਪ ਦਾ ਆਯੋਜਨ ਵੀ ਕਰਦੇ ਆ ਰਹੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਸਮੂਹ ਸਕੂਲ ਸਟਾਫ, ਪ੍ਰਿੰਸੀਪਲ ਨਗਰ ਪੰਚਾਇਤ ਵੱਲੋਂ ਸ੍ਰੀ ਵਿਜੇ ਸਿੰਗਲਾ ਜੀ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਤੇ ਸਰਪੰਚ ਪਿੰਡ ਪੰਚਾਇਤ ਬਡਬਰ ਅਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।